ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7I

awazeqaumtvpunjab@gmail.com

ਐਤਵਾਰ, 21 ਅਪ੍ਰੈਲ 2024 (ਨਾਨਕਸ਼ਾਹੀ ਸੰਮਤ : ੫੫੬, ੯ ਵੈਸਾਖ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243

## ਅਮਿਤ ਸ਼ਾਹ ਦੇ ਦਿੱਲੀ ਵਾਪਸ ਜਾਂਦਿਆਂ ਹੀ

# ਭਾਜਪਾ ਕਰੇਗੀ ਪੰਜਾਬ ਦੇ 4 ਉਮੀਦਵਾਰਾਂ ਬਾਰੇ ਫ਼ੈਸਲਾ

**ਚੰਡੀਗੜ੍ਹ, 20 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦੇ ਗੁਜਰਾਤ ਤੋਂ ਦਿੱਲੀ ਵਾਪਸ ਜਾਂਦਿਆਂ ਹੀ ਪੰਜਾਬ ਦੀਆਂ 4 ਪੈਂਡਿੰਗ ਪਈਆਂ ਸੀਟਾਂ 'ਤੇ ਉਮੀਦਵਾਰਾਂ ਬਾਰੇ ਫ਼ੈਸਲਾ ਲਏ ਜਾਣ ਦੇ ਆਸਾਰ ਹਨ। ਅਮਿਤ ਸ਼ਾਹ ਗੁਜਰਾਤ 'ਚ ਆਪਣੇ ਨਾਮਜ਼ਦਗੀ ਪੱਤਰ ਦਾਖ਼ਲ ਕਰਨ ਲਈ ਗਏ ਹੋਏ ਹਨ। ਭਾਜਪਾ ਦੇ ਨੇਤਾਵਾਂ ਨੇ ਦੱਸਿਆ ਕਿ ਕਾਂਗਰਸ ਦੇ ਕੁਝ ਨੇਤਾਵਾਂ ਨੂੰ ਅਮਿਤ ਸ਼ਾਹ ਦੀ ਮੌਜੂਦਗੀ 'ਚ ਭਾਜਪਾ ਵਿਚ ਸ਼ਾਮਲ ਕੀਤੇ ਜਾਣ ਦੀ ਸੰਭਾਵਨਾ ਹੈ। ਇਸ ਸਬੰਧੀ ਅਮਿਤ ਸ਼ਾਹ ਨਾਲ ਪੰਜਾਬ ਭਾਜਪਾ ਦੇ ਪ੍ਰਧਾਨ ਸੁਨੀਲ ਜਾਖੜ ਦੀ ਇਕ ਬੈਠਕ ਸੰਪੰਨ ਹੋ ਚੁੱਕੀ ਹੈ ਪਰ ਕਿਉਂਕਿ ਅਮਿਤ ਸ਼ਾਹ ਨੇ ਗੁਜਰਾਤ ਜਾਣਾ ਸੀ, ਇਸ ਲਈ ਕਾਂਗਰਸੀ ਨੇਤਾਵਾਂ ਦੀ ਭਾਜਪਾ ਵਿਚ ਸ਼ਮੂਲੀਅਤ ਕੁਝ ਸਮੇਂ ਲਈ ਟਾਲ ਦਿੱਤੀ ਗਈ ਸੀ। ਦੱਸਿਆ ਜਾਂਦਾ ਹੈ ਕਿ ਭਾਜਪਾ ਨੇ ਅਜੇ 4 ਲੋਕ ਸਭਾ ਸੀਟਾਂ ਫਿਰੋਜ਼ਪੁਰ, ਸੰਗਰੂਰ, ਸ੍ਰੀ ਫਤਹਿਗੜ੍ਹ ਸਾਹਿਬ ਤੇ ਸ੍ਰੀ ਅਨੰਦਪੁਰ ਸਾਹਿਬ 'ਚ ਆਪਣੇ ਉਮੀਦਵਾਰਾਂ ਨੂੰ ਤੈਅ ਕਰਨਾ ਹੈ। ਪਾਰਟੀ ਨੇ ਸੰਗਰੂਰ ਲੋਕ ਸਭਾ ਸੀਟ ਲਈ ਹਰਜੀਤ ਸਿੰਘ ਗਰੇਵਾਲ ਤੇ ਅਰਵਿੰਦ ਖੰਨਾ ਦੇ ਨਾਵਾਂ 'ਤੇ ਪਿਛਲੇ ਦਿਨੀਂ ਚਰਚਾ ਕੀਤੀ ਸੀ। ਸ੍ਰੀ ਫ਼ਤਹਿਗੜ੍ਹ ਸਾਹਿਬ 'ਚ ਭਾਜਪਾ ਵੱਲੋਂ ਮਹਿਲਾ ਉਮੀਦਵਾਰ ਨੂੰ ਟਿਕਟ ਦਿੱਤੇ ਜਾਣ ਦੇ ਆਸਾਰ ਹਨ। ਸ੍ਰੀ ਅਨੰਦਪੁਰ ਸਾਹਿਬ 'ਚ ਪਾਰਟੀ ਫਿਲਹਾਲ ਮਜ਼ਬੂਤ ਚਿਹਰਿਆਂ ਦੀ ਭਾਲ ਵਿਚ ਹੈ ਪਰ ਅਜੇ ਤਕ ਕੋਈ ਮਜ਼ਬੂਤ ਚਿਹਰਾ ਸਾਹਮਣੇ ਨਹੀਂ ਆਇਆ। ਫਿਰੋਜ਼ਪੁਰ ਲੋਕ ਸਭਾ ਸੀਟ ਸਬੰਧੀ ਭਾਜਪਾ 'ਚ ਮੰਥਨ ਦਾ ਕੰਮ ਚੱਲ ਰਿਹਾ ਹੈ ਅਤੇ ਅਮਿਤ ਸ਼ਾਹ ਦੀ ਮੌਜੂਦਗੀ 'ਚ ਇਨ੍ਹਾਂ ਸਾਰੀਆਂ ਸੀਟਾਂ 'ਤੇ ਉਮੀਦਵਾਰਾਂ ਦੇ ਨਾਂ ਤੈਅ ਹੋਣ ਦੇ ਆਸਾਰ ਹਨ। ਪੰਜਾਬ 'ਚ ਸੱਤਾਧਾਰੀ ਆਮ ਆਦਮੀ ਪਾਰਟੀ ਸੂਬੇ ਦੀਆਂ ਸਾਰੀਆਂ 13 ਸੀਟਾਂ 'ਤੇ ਆਪਣੇ ਉਮੀਦਵਾਰਾਂ ਦਾ ਐਲਾਨ ਕਰ ਚੁੱਕੀ ਹੈ। ਅਕਾਲੀ ਦਲ ਨੇ ਅਜੇ ਪ੍ਰਮੁੱਖ ਉਮੀਦਵਾਰਾਂ ਨੂੰ ਚੋਣ ਮੈਦਾਨ ਵਿਚ ਉਤਾਰਨਾ ਹੈ। ਕਾਂਗਰਸ ਦੀਆਂ ਵੀ ਕਈ ਸੀਟਾਂ ਪੈਂਡਿੰਗ ਪਈਆਂ ਹੋਈਆਂ ਹਨ। ਇਸ ਲਈ ਉਮੀਦਵਾਰ ਐਲਾਨਣ ਦੇ ਮਾਮਲੇ 'ਚ ਆਮ ਆਦਮੀ ਪਾਰਟੀ ਨੇ ਬਾਜ਼ੀ ਮਾਰੀ ਹੈ। ਮੁੱਖ ਮੰਤਰੀ ਭਗਵੰਤ ਮਾਨ ਨੇ ਕੱਲ ਸਾਰੇ 13 ਉਮੀਦਵਾਰਾਂ ਨੰ ਜਨਤਾ ਸਾਹਮਣੇ ਪੇਸ਼ ਵੀ ਕੀਤਾ ਸੀ ਅਤੇ ਉਨ੍ਹਾਂ ਭਾਜਪਾ ਖਿਲਾਫ ਇਨ੍ਹਾਂ ਉਮੀਦਵਾਰਾਂ ਦੀ ਮੌਜੂਦਗੀ 'ਚ ਜੰਗ ਸ਼ੁਰੂ ਕਰਨ ਦਾ ਐਲਾਨ ਕੀਤਾ ਸੀ।







## ਰਾਮਗੜ੍ਹੀਆ ਤੇ ਸੁਨਿਆਰਾ ਭਾਈਚਾਰੇ ਬਾਰੇ ਟਿੱਪਣੀ ਕਰਨੀ ਲਾਲਜੀਤ ਭੁੱਲਰ ਨੂੰ ਪੈ ਗਈ ਮਹਿੰਗੀ, ਹੋਣ ਜਾ ਰਿਹਾ ਵੱਡਾ ਐਕਸ਼ਨ

**ਚੰਡੀਗੜ੍ਹ, 20 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਆਮ ਆਦਮੀ ਪਾਰਟੀ ਦੇ ਖਡੂਰ ਸਾਹਿਬ ਤੋਂ ਉਮੀਦਵਾਰ ਲਾਲਜੀਤ ਸਿੰਘ ਭੁੱਲਰ ਦੀਆ ਮੁਸ਼ਕਿਲਾਂ ਵੱਧ ਸਕਦੀਆਂ ਹਨ। ਸਮਾਜ ਦੇ ਦੋ ਵਿਸ਼ੇਸ਼ ਵਰਗਾਂ ਖਿਲਾਫ਼ ਕੀਤੀਆ ਜਾਤੀ ਟਿੱਪਣੀਆ ਦੇ ਦੋਸ਼ ਸਹੀ ਸਿੱਧ ਪਾਏ ਗਏ ਹਨ। ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਨੇ ਤਰਨ ਤਾਰਨ ਦੇ ਰਿਟਰਨਿੰਗ ਅਫ਼ਸਰ (ਡਿਪਟੀ ਕਮਿਸ਼ਨਰ) ਸੰਦੀਪ ਕੁਮਾਰ ਤੋ ਪ੍ਰਾਪਤ ਰਿਪੋਰਟ ਅਗਲੀ ਕਾਰਵਾਈ ਲਈ ਭਾਰਤ ਦੇ ਮੁੱਖ ਚੋਣ ਅਫ਼ਸਰ ਨੂੰ ਭੇਜ ਦਿੱਤੀ ਹੈ। ਸਿਬਿਨ ਨੇ ਦੱਸਿਆ ਕਿ ਰਿਟਰਨਿੰਗ ਅਧਿਕਾਰੀ ਨੇ ਆਪਣੀ ਰਿਪੋਰਟ ਵਿਚ ਖੁਲਾਸਾ ਕੀਤਾ ਹੈ ਕਿ ਆਪ ਦੇ ਉਮੀਦਵਾਰ ਲਾਲਜੀਤ ਭੁੱਲਰ ਨੇ ਨਾ ਸਿਰਫ਼ ਭੱਦੀ ਸ਼ਬਦਾਵਲੀ ਵਰਤੀ ਬਲਕਿ ਦੋ ਫਿਰਕਿਆ ਖਿਲਾਫ਼ ਵੀ ਨਫ਼ਰਤ ਵਾਲੀ ਭਾਸ਼ਾ ਵਰਤੀ ਹੈ। ਸਿਬਿਨ ਸੀ ਅਨੁਸਾਰ ਰਿਟਰਨਿੰਗ ਅਧਿਕਾਰੀ ਤੋ ਪ੍ਰਾਪਤ ਰਿਪੋਰਟ ਕਮਿਸ਼ਨ ਨੂੰ ਭੇਜ ਦਿੱਤੀ ਗਈ ਹੈ।



## ਕੇਕ ਖਾਣ ਨਾਲ ਹੋਈ ਬੱਚੀ ਦੀ ਮੌਤ ਤੋਂ ਬਾਅਦ ਇਕ ਹੋਰ ਘਟਨਾ, ਚਾਕਲੇਟ ਖਾਣ ਤੋਂ ਬਾਅਦ ਵਿਗੜੀ ਬੱਚੀ ਦੀ ਸਿਹਤ

**ਪਟਿਆਲਾ, 20 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਪਟਿਆਲਾ ਵਿਚ ਜਨਮ ਦਿਨ ਮੌਕੇ ਕੇਕ ਖਾਣ ਨਾਲ ਹੋਈ ਬੱਚੀ ਦੀ ਮੌਤ ਦਾ ਮਾਮਲਾ ਅਜੇ ਸ਼ਾਂਤ ਨਹੀਂ ਸੀ ਹੋਇਆ ਕਿ ਹੁਣ ਪਟਿਆਲਾ ਦਾ ਹੀ ਇਕ ਹੋਰ ਹੈਰਾਨ ਕਰ ਦੇਣ ਵਾਲਾ ਮਾਮਲਾ ਸਾਹਮਣੇ ਆਇਆ ਹੈ, ਜਿਸ ਵਿਚ ਇਕ ਡੇਢ ਸਾਲ ਦੀ ਬੱਚੀ ਦੀ ਚਾਕਲੇਟ ਖਾਣ ਨਾਲ ਹਾਲਤ ਵਿਗੜ ਗਈ ਅਤੇ ਉਸ ਨੂੰ ਹਸਪਤਾਲ ਦਾਖਲ ਕਰਵਾਉਣਾ ਪਿਆ। ਮਾਮਲਾ ਪਟਿਆਲਾ ਦੇ ਖਿਆਲਾ ਦਾ ਹੈ, ਜਿੱਥੇ ਇੱਕ ਡੇਢ ਸਾਲ ਦੀ ਬੱਚੀ ਨੇ ਕਰਿਆਨੇ ਦੀ ਦੁਕਾਨ ਤੋਂ ਚਾਕਲੇਟ ਖਰੀਦੀ ਸੀ, ਜਿਸ ਤੋਂ ਬਾਅਦ ਉਸ ਦੀ ਹਾਲਤ ਖਰਾਬ ਹੋ ਗਈ। ਦੇਖਦੇ ਹੀ ਦੇਖਦੇ ਬੱਚੀ ਖ਼ੂਨ ਦੀਆਂ ਉਲਟੀਆਂ ਕਰਨ ਲੱਗ ਪਈ, ਜਿਸ ਤੋਂ ਬਾਅਦ ਪਰਿਵਾਰ ਨੇ ਉਸ ਨੂੰ ਲੁਧਿਆਣਾ ਦੇ ਡੀ.ਐੱਮ.ਸੀ. ਹਸਪਤਾਲ ਵਿਖੇ ਇਲਾਜ ਲਈ ਦਾਖਲ ਕਰਵਾਇਆ। ਜਿੱਥੇ ਉਸ ਦੀ ਹਾਲਤ ਗੰਭੀਰ ਬਣੀ ਹੋਈ ਹੈ। ਦੂਜੇ ਪਾਸੇ ਪਰਿਵਾਰ ਨੇ ਜਿਸ ਦੁਕਾਨ ਤੋਂ ਇਹ ਚਕਲੇਟ ਦਾ ਡੱਬਾ ਖਰੀਦਿਆ ਸੀ, ਉਸ ਦੁਕਾਨ 'ਤੇ ਪੁਲਸ ਅਤੇ ਸਿਹਤ ਵਿਭਾਗ ਦੀ ਟੀਮ ਨੇ ਛਾਪੇਮਾਰੀ ਕੀਤੀ ਹੈ। ਦੁਕਾਨ ਤੋਂ ਸਿਹਤ ਵਿਭਾਗ ਦੀ ਟੀਮ ਨੂੰ ਹੋਰ ਵੀ ਮਿਆਦ ਪੁਗਾ ਚੁੱਕੀਆਂ ਚਾਕਲੇਟ ਅਤੇ ਨਮਕੀਨ ਦੇ ਪੈਕੇਟ ਬਰਾਮਦ ਹੋਏ ਹਨ। ਫਿਲਹਾਲ ਸਾਰੇ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਜਾਰੀ ਹੈ। ਦੱਸਣਯੋਗ ਹੈ ਕਿ ਮਹਿਜ਼ ਕੁੱਝ ਦਿਨ ਪਹਿਲਾਂ ਪਟਿਆਲਾ ਵਿਚ ਹੀ ਜਨਮ ਦਿਨ ਮੌਕੇ ਕੇਕ ਖਾਣ ਨਾਲ 10 ਸਾਲਾ ਬੱਚੀ ਮਾਨਵੀ ਦੀ ਮੌਤ ਹੋ ਗਈ ਸੀ। ਪਰਿਵਾਰ ਮੈਂਬਰਾਂ ਨੇ ਦੱਸਿਆ ਸੀ ਕਿ ਉਨ੍ਹਾਂ ਦੀ ਬੇਟੀ ਦਾ ਜਨਮਦਿਨ ਸੀ ਅਤੇ ਅਸੀਂ ਆਨਲਾਈਨ ਕੇਕ ਮੰਗਵਾਇਆ ਸੀ, ਜਿਸ ਨੂੰ ਖਾਣ ਤੋਂ ਬਾਅਦ ਸਾਡਾ ਸਾਰਾ ਪਰਿਵਾਰ ਬੀਮਾਰ ਹੋ ਗਿਆ। ਇਸ ਤੋਂ ਬਾਅਦ ਦੇਰ ਰਾਤ ਮਾਨਵੀ ਦੀ ਤਬੀਅਤ ਜ਼ਿਆਦਾ ਖ਼ਰਾਬ ਹੋਈ।



## ਗੁਰਮੁਖ ਪਿਆਰੇ ਗਿਆਨੀ ਪ੍ਰੀਤਮ ਸਿੰਘ ਜੀ ਨੂੰ ਸ਼ਰਧਾਂਜਲੀਆਂ ਭੇਂਟ ਕਰਦਿਆਂ ਵਿਸ਼ੇਸ਼ ਅੰਕ ਮੰਗਲਵਾਰ 23 ਅਪ੍ਰੈਲ ਨੂੰ

ਗੁਰਮੁਖ ਪਿਆਰੇ ਗਿਆਨੀ ਪ੍ਰੀਤਮ ਸਿੰਘ ਜੀ, ਜੋ ਕਿ ਬੀਤੀ 15 ਅਪ੍ਰੈਲ ਨੂੰ ਗੁਰੂ ਚਰਨਾਂ 'ਚ ਜਾ ਬਿਰਾਜੇ ਸਨ, ਉਨ੍ਹਾਂ ਨੂੰ ਸ਼ਰਧਾਂਜਲੀਆਂ ਭੇਂਟ ਕਰਦਿਆਂ ਆਵਾਜ਼ਿ ਕੌਮ ਯੂ. ਕੇ. ਵੱਲੋਂ ਵਿਸ਼ੇਸ਼ ਅੰਕ ਮੰਗਲਵਾਰ 23 ਅਪ੍ਰੈਲ ਨੂੰ ਪ੍ਰਕਾਸ਼ਿਤ ਕੀਤਾ ਜਾ ਰਿਹਾ ਹੈ। ਇਸ ਮੌਕੇ ਪ੍ਰਕਾਸ਼ਿਤ ਹਿਤ ਸਮੱਗਰੀ ਤੇ ਸ਼ੋਕ ਸੰਦੇਸ਼ 22 ਅਪ੍ਰੈਲ ਤੱਕ ਭੇਜੇ ਜਾ ਸਕਦੇ ਹਨ।

ਰਘਵੀਰ ਸਿੰਘ ਵਾਲਸਾਲ
-ਮੁੱਖ ਸੰਪਾਦਕ

ਆਵਾਜ਼ਿ ਕੌਮ
AWAZE QAUM
International Newspaper & WEB TV



## ਵਾਹ ਰੇ ਸਿਆਸਤ ! ਇੱਕ ਸੀਟ ਤੋਂ ਇੱਕੋ ਹੀ ਪਰਿਵਾਰ ਦੇ ਤਿੰਨ ਮੈਂਬਰ ਸਿਆਸਤ ਨੇ ਕਰਵਾਏ ਆਹਮੋ-ਸਾਹਮਣੇ

**ਚੰਡੀਗੜ੍ਹ, 20 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਹਰਿਆਣਾ 'ਚ ਲੋਕ ਸਭਾ ਚੋਣਾਂ 2024 'ਚ ਇਸ ਵਾਰ ਕਈ ਸੀਟਾਂ ਗਰਮ ਹੋਣ ਵਾਲੀਆਂ ਹਨ। ਇਨ੍ਹਾਂ ਵਿੱਚੋਂ ਸਾਬਕਾ ਸੀਐਮ ਮਨੋਹਰ ਲਾਲ ਸੂਬੇ ਦੀ ਸਭ ਤੋਂ ਗਰਮ ਸੀਟ ਕਰਨਾਲ ਤੋਂ ਚੋਣ ਲੜ ਰਹੇ ਹਨ। ਸੂਬੇ ਦੇ ਲੋਕਾਂ ਨੂੰ ਰੋਹਤਕ, ਗੁਰੂਗ੍ਰਾਮ, ਸੋਨੀਪਤ, ਅੰਬਾਲਾ, ਸਿਰਸਾ, ਭਿਵਾਨੀ-ਮਹੇਂਦਰਗੜ੍ਹ ਅਤੇ ਹਿਸਾਰ ਦੇ ਨਤੀਜਿਆਂ ਦਾ ਵੀ ਇੰਤਜ਼ਾਰ ਹੋਵੇਗਾ। ਇਨ੍ਹਾਂ ਸਾਰੀਆਂ ਗਰਮ ਸੀਟਾਂ 'ਚੋਂ ਹਿਸਾਰ ਸੀਟ 'ਤੇ ਸਿਆਸੀ ਲੜਾਈ ਸਭ ਤੋਂ ਦਿਲਚਸਪ ਮੋੜ 'ਤੇ ਹੈ। ਹਿਸਾਰ ਸੰਸਦੀ ਹਲਕੇ ਵਿੱਚ ਅਜਿਹਾ ਪਹਿਲੀ ਵਾਰ ਹੋ ਰਿਹਾ ਹੈ ਜਦੋਂ ਦੇਸ਼ ਦੇ ਸਾਬਕਾ ਉਪ ਪ੍ਰਧਾਨ ਮੰਤਰੀ ਚੌਧਰੀ ਦੇਵੀ ਲਾਲ ਪਰਿਵਾਰ ਦੇ ਤਿੰਨ ਮੈਂਬਰ ਇੱਕੋ ਸੀਟ 'ਤੇ ਆਹਮੋ-ਸਾਹਮਣੇ ਹੋ ਗਏ ਹਨ। ਸੁਨੈਨਾ ਦੇ ਖ਼ਿਲਾਫ਼ ਭਾਜਪਾ ਨੇ ਦੇਵੀ ਲਾਲ ਦੇ ਵੱਡੇ ਪੁੱਤਰ ਰਣਜੀਤ ਸਿੰਘ ਚੌਟਾਲਾ ਨੂੰ ਹਿਸਾਰ ਸੀਟ ਤੋਂ ਆਪਣਾ ਉਮੀਦਵਾਰ ਬਣਾਇਆ ਹੈ। ਜਦੋਂ ਕਿ ਜਨਨਾਇਕ ਜਨਤਾ ਪਾਰਟੀ (ਜੇਜੇਪੀ) ਨੇ ਨੈਨਾ ਚੌਟਾਲਾ ਨੂੰ ਮੈਦਾਨ ਵਿੱਚ ਉਤਾਰਿਆ ਹੈ। ਨੈਨਾ ਜੇਜੇਪੀ ਪ੍ਰਧਾਨ ਅਜੈ ਸਿੰਘ ਚੌਟਾਲਾ ਦੀ ਪਤਨੀ ਹੈ, ਜੋ ਦੇਵੀ ਲਾਲ ਦੇ ਦੂਜੇ ਪੁੱਤਰ ਅਤੇ ਸਾਬਕਾ ਮੁੱਖ ਮੰਤਰੀ ਓਮ ਪ੍ਰਕਾਸ਼ ਚੌਟਾਲਾ ਦੇ ਪੁੱਤਰ ਹਨ। ਇਸ ਦੇ ਨਾਲ ਹੀ ਇੰਡੀਅਨ ਨੈਸ਼ਨਲ ਲੋਕ ਦਲ ਨੇ ਪਾਰਟੀ ਦੇ ਮਹਿਲਾ ਵਿੰਗ ਦੀ ਜਨਰਲ ਸਕੱਤਰ ਸੁਨੈਨਾ ਚੌਟਾਲਾ ਨੂੰ ਹਿਸਾਰ ਸੀਟ ਤੋਂ ਉਮੀਦਵਾਰ ਬਣਾਇਆ ਹੈ। ਇੰਡੀਅਨ ਨੈਸ਼ਨਲ ਲੋਕ ਦਲ ਨੇ ਇਸ ਸੀਟ 'ਤੇ ਸੁਨੈਨਾ ਨੂੰ ਆਪਣਾ ਉਮੀਦਵਾਰ ਬਣਾਇਆ ਹੈ। ਸੁਨੈਨਾ ਰਵੀ ਚੌਟਾਲਾ ਦੀ ਪਤਨੀ ਹੈ। ਰਵੀ ਚੌਟਾਲਾ ਸਵਰਗੀ ਪ੍ਰਤਾਪ ਸਿੰਘ ਚੌਟਾਲਾ ਦੇ ਪੁੱਤਰ ਦੇਵੀ ਲਾਲ ਦੇ ਸਭ ਤੋਂ ਛੋਟੇ ਪੁੱਤਰ ਹਨ। ਇਸ ਤੋਂ ਸਾਫ਼ ਹੈ ਕਿ ਹਿਸਾਰ ਸੀਟ 'ਤੇ ਸਿਆਸੀ ਹਾਲਾਤ ਅਜਿਹੇ ਹਨ ਕਿ ਲੋਕ ਦੋ ਨੂੰਹਾਂ ਅਤੇ ਸਹੁਰੇ ਵਿਚਕਾਰ ਲੜਾਈ ਦੇਖ ਰਹੇ ਹਨ। ਖਾਸ ਗੱਲ ਇਹ ਹੈ ਕਿ ਇਹ ਸਾਰੇ ਦੇਵੀ ਲਾਲ ਦੇ ਪਰਿਵਾਰ ਦੇ ਹਨ। ਇਸ ਸੀਟ ਤੋਂ ਮੌਜੂਦਾ ਸੰਸਦ ਮੈਂਬਰ ਭਾਰਤੀ ਜਨਤਾ ਪਾਰਟੀ ਦੇ ਸਾਬਕਾ ਆਗੂ ਬ੍ਰਿਜੇਂਦਰ ਸਿੰਘ ਹਨ, ਜੋ ਕੁਝ ਦਿਨ ਪਹਿਲਾਂ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਏ ਸਨ। ਦਰਅਸਲ, ਤਿੰਨੋਂ ਚੌਟਾਲਾ ਪਰਿਵਾਰ ਕਾਫੀ ਸਮਾਂ ਪਹਿਲਾਂ ਇਕ ਦੂਜੇ ਤੋਂ ਵੱਖ ਹੋ ਚੁੱਕੇ ਹਨ। ਸਾਲ 2018 ਵਿੱਚ, ਅਜੇ ਚੌਟਾਲਾ ਅਤੇ ਉਨ੍ਹਾਂ ਦੇ ਪੁੱਤਰ ਦੁਸ਼ਯੰਤ ਚੌਟਾਲਾ ਨੇ ਇਨੈਲੋ ਤੋਂ ਵੱਖ ਹੋ ਕੇ ਜੇਜੇਪੀ ਬਣਾਈ ਸੀ। ਸਾਲ 2019 ਵਿੱਚ ਜੇਜੇਪੀ ਨੇ ਹਰਿਆਣਾ ਵਿੱਚ ਸਰਕਾਰ ਬਣਾਉਣ ਲਈ ਭਾਜਪਾ ਦਾ ਸਮਰਥਨ ਕੀਤਾ ਸੀ। ਲੋਕ ਸਭਾ ਚੋਣਾਂ ਵਿੱਚ ਤਾਲਮੇਲ ਦੀ ਘਾਟ ਕਾਰਨ ਭਾਜਪਾ-ਜੇਜੇਪੀ ਗਠਜੋੜ ਟੁੱਟ ਗਿਆ। ਹਰਿਆਣਾ ਦੀ ਮਨੋਹਰ ਲਾਲ ਖੱਟਰ ਸਰਕਾਰ ਵਿੱਚ ਸਾਬਕਾ ਉਪ ਮੁੱਖ ਮੰਤਰੀ ਦੁਸ਼ਯੰਤ ਨੇ 2014 ਵਿੱਚ ਹਿਸਾਰ ਲੋਕ ਸਭਾ ਸੀਟ ਜਿੱਤੀ ਸੀ। ਉਹ 2019 ਵਿੱਚ ਇਸ ਸੀਟ ਤੋਂ ਬ੍ਰਿਜੇਂਦਰ ਸਿੰਘ ਤੋਂ ਚੋਣ ਹਾਰ ਗਏ ਸਨ। ਨੌਕਰਸ਼ਾਹ ਤੋਂ ਰਾਜਨੇਤਾ ਬਣੇ ਬ੍ਰਿਜੇਂਦਰ ਨੇ ਹਾਲ ਹੀ ਵਿੱਚ ਭਾਜਪਾ ਤੋਂ ਅਸਤੀਫਾ ਦੇ ਦਿੱਤਾ ਹੈ ਅਤੇ ਕਾਂਗਰਸ ਵਿੱਚ ਸ਼ਾਮਲ ਹੋਏ ਹਨ। ਉਹ ਹਿਸਾਰ ਤੋਂ ਕਾਂਗਰਸ ਪਾਰਟੀ ਦੀ ਟਿਕਟ ਦੇ ਮਜ਼ਬੂਤ ਦਾਅਵੇਦਾਰਾਂ ਵਿੱਚੋਂ ਹਨ।



# ਸ੍ਰੀ ਗੁਰੂ ਗ੍ਰੰਥ ਸਹਿਬ ਜੀ ਸੇਵਾ ਕੇਂਦਰ

## ਗੁਰਮਤਿ ਵਿਦਿਆਲਾ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁੱਖੀ ਦਮਦਮੀ ਟਕਸਾਲ ਯਾਦਗਾਰੀ ਅਸਥਾਨ ਬਾਬਾ ਠਾਕੁਰ ਸਿੰਘ ਜੀ ਖਾਲਸਾ ਭਿੰਡਰਾਂਵਾਲੇ

### ਨਵਾਂ ਗੁਰਮਤਿ ਵਿਦਿਆਲਾ ਅਤੇ ਖੇਡ ਸਹੂਲਤਾਂ ਦੇ ਪ੍ਰੋਜੈਕਟ

ਦਮਦਮੀ ਟਕਸਾਲ ਜਥਾ ਭਿੰਡਰਾਂ ਯੂ ਕੇ

24 ਦਸੰਬਰ 2021 ਨੂੰ ਦਮਦਮੀ ਟਕਸਾਲ ਜਥਾ (ਯੂ.ਕੇ. & ਯੂਰਪ) ਦੀ ਨੁਮਾਇੰਦਗੀ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅਤੇ ਸਾਧਸੰਗਤ ਦੀ ਹਜ਼ੂਰੀ ਵਿੱਚ ਪੰਜ ਸਿੰਘਾਂ ਦੀ ਨਿਯੁਕਤੀ ਕੀਤੀ ਗਈ ਸੀ।

ਪਿਛਲੇ 2 ਸਾਲਾਂ ਤੋਂ ਸੇਵਾਦਾਰ ਇੱਕ ਜਗ੍ਹਾ ਦੀ ਖੋਜ ਕਰ ਰਹੇ ਸਨ ਜਿੱਥੇ ਗੁਰਮਤਿ ਵਿਦਿਆਲਾ ਬਣੇ ਅਤੇ ਸਪੋਰਟਸ ਦੀਆਂ ਸਹੂਲਤਾਂ ਹੋਣ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਕਿਰਪਾ ਨਾਲ ਅਸਥਾਨ ਬਣਾਉਣ ਲਈ ਜਗ੍ਹਾ ਦੀ ਭਾਲ ਕਰ ਰਹੇ ਸੀ ਜੋ ਹੁਣ ਸਾਨੂੰ ਲੱਭ ਗਈ ਹੈ ਅਤੇ ਹੁਣ ਖਰੀਦਣ ਲਈ ਯਤਨ ਜਾਰੀ ਹਨ।

ਵੈਸਟ ਮਿਡਲੈਂਡਜ਼ ਵਿੱਚ, M5 ਮੋਟਰਵੇਅ ਤੇ ਜੰਕਸ਼ਨ 2 ਤੋਂ ਇੱਕ ਮੀਲ ਦੀ ਦੂਰੀ ਤੇ ਇਹ ਜਗ੍ਹਾ ਹੈ ਜਿਸ ਵਿੱਚ ਕਾਰ ਪਾਰਕ, ਫੁੱਟਬਾਲ ਪਿੱਚ ਅਤੇ ਇਮਾਰਤ ਸਮੇਤ 4.6 ਏਕੜ ਜਗ੍ਹਾ ਹੈ (ਜੋ ਪਹਿਲਾਂ ਸਮਾਜਿਕ ਅਤੇ ਖੇਡ ਕਲੱਬ ਵਜੋਂ ਵਰਤਿਆ ਜਾਂਦਾ ਸੀ)।

ਜਗ੍ਹਾ ਨੂੰ ਖਰੀਦਣ ਦੇ ਤਿੰਨ ਮੁੱਖ ਕਾਰਣ ਹਨ:

1. ਗੁਰਬਾਣੀ ਦੀ ਸੰਥਿਆ, ਕਥਾ, ਕੀਰਤਨ ਅਤੇ ਗਤਕਾ ਸਿਖਾਉਣ ਲਈ ਗੁਰਮਤਿ ਵਿਦਿਆਲਾ ਜਿੱਥੇ ਸਿਖਾਏ ਉਸਤਾਦ ਭਵਿੱਖ ਦੇ ਪਾਠੀ, ਗਿਆਨੀ, ਰਾਗੀ, ਗਤਕਾ ਖਿਡਾਰੀ ਤਿਆਰ ਕਰ ਸਕਣ ਅਤੇ ਸਾਡੇ ਬੱਚੇ ਪਵਿੱਤਰ ਗੁਰਮਤਿ ਵਿਦਿਆ ਧਾਰਨ ਕਰ ਸਕਣ (ਇਸ ਤੋਂ ਇਲਾਵਾ ਇੱਕ ਵਿਦਿਅਕ ਸੈਂਟਰ ਜਿੱਥੇ ਬੱਚਿਆਂ ਨੂੰ ਗੁਰਮੁਖੀ ਅਤੇ ਪੰਜਾਬੀ ਦੇ ਨਾਲ ਦੁਨਿਆਵੀ/ਸਕੂਲੀ ਵਿਦਿਆ ਵਿੱਚ ਮਦਦ ਲਈ ਖਾਸ ਪ੍ਰਬੰਧ ਹੋਵੇਗਾ।
2. ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਸੇਵਾ, ਪੋਥੀ ਸਾਹਿਬ ਅਤੇ ਗੁਟਕਾ ਸਾਹਿਬ ਦੀਆਂ ਸੇਵਾਵਾਂ ਗੁਰਬਾਣੀ ਦੇ ਸਤਿਕਾਰ ਨੂੰ ਕਾਇਮ ਰੱਖਣ ਲਈ ਕਰ ਸਕੀਏ।
3. ਸਮਾਜਕ ਭਾਈਚਾਰੇ ਲਈ ਆਧੁਨਿਕ ਖੇਡਾਂ ਦੀ ਸਹੂਲਤ ਲਈ ਸਪੋਰਟਸ ਅਕੈਡਮੀ ਜਿਸ ਵਿੱਚ, ਫੁੱਟਬਾਲ ਪਿੱਚ, ਜਿੰਮ, ਮਾਰਸ਼ਲ ਆਰਟਸ ਤੋਂ ਇਲਾਵਾ ਹੋਰ ਖੇਡਾਂ ਲਈ ਆਧੁਨਿਕ ਸਾਧਨ ਹੋਣਗੇ।

ਇਹ ਸੇਵਾਵਾਂ ਆਪ ਸਭ ਸੰਗਤ ਦੇ ਨਿਰੰਤਰ ਸਹਿਯੋਗ ਨਾਲ ਹੀ ਸਫਲ ਹੋ ਸਕਦੀਆਂ ਹਨ ਸਾਧ ਸੰਗਤ ਜੀ। ਅਸੀਂ ਤੁਹਾਡੇ ਚਰਨਾਂ ਵਿਚ ਬੇਨਤੀ ਕਰਦੇ ਹਾਂ ਕਿ ਕਿਰਪਾ ਕਰਕੇ ਇਹ ਸੇਵਾਵਾਂ ਵਿੱਚ ਆਪਣੀਆਂ ਕਿਰਤ ਕਮਾਈਆਂ ਵਿੱਚੋਂ ਦਸਵੰਧ ਤੋਂ ਹਿੱਸਾ ਪਾ ਕੇ ਆਪਣੇ ਬੱਚਿਆਂ ਦੇ ਚੰਗੇ ਭਵਿੱਖ ਲਈ ਪੂਰਾ ਸਹਿਯੋਗ ਦੇਵੋ ਤਾਂ ਜੋ ਇਹ ਜਗ੍ਹਾ ਖਰੀਦ ਸਕੀਏ ਇਹ ਜਗ੍ਹਾ £630,000 ਦੀ ਹੈ ਆਪਜੀ ਦੇ ਸਹਿਯੋਗ ਨਾਲ ਇਹ ਸਭ ਕੁਝ ਹੋ ਸਕਦਾ ਹੈ ਇੱਕ ਵਾਰ ਸੇਵਾ ਦੇਣੀ ਜਾਂ ਪੂਰੀ ਮਹੀਨਾਵਾਰ ਸਟੈਂਡਿੰਗ ਆਰਡਰ ਸਥਾਪਤ ਕਰਨਾ ਜਿਵੇਂ ਆਪਜੀ ਨੂੰ ਚੰਗਾ ਲੱਗੇ ਆਪ ਸਮੂਹ ਸਾਧ ਸੰਗਤ ਆਪਣਾ ਪੂਰਾ ਸਹਿਯੋਗ ਦੇ ਕੇ ਇਸ ਕਾਰਜ ਨੂੰ ਸਫਲ ਕਰੋ ਜੀ।

ਆਪਣਾ ਯੋਗਦਾਨ ਹੇਠ ਲਿਖੇ ਬੈਂਕ ਅਕਾਊਂਟ ਵਿੱਚ ਭੇਜ ਸਕਦੇ ਹੋ ਜੀ:

| NATWEST BANK | |
|---|---|
| ACCOUNT NAME | DAMDAMI TAKSAL UK |
| ACOUNT NUMBER | 66477778 |
| SORT CODE | 60-15-26 |

ਨੋਟ: ਕਿਰਪਾ ਕਰਕੇ ਆਪਣਾ ਪੂਰਾ ਨਾਮ ਬੈਂਕ ਟਰਾਂਸਫਰ ਦੀ ਰੈਫਰੈਂਸ ਵੱਲੋਂ ਜ਼ਰੂਰ ਲਿਖੋ ਜੀ। ਧੰਨਵਾਦ।



ਮੌਜੂਦਾ ਬਿਲਡਿੰਗ ਜੋ ਕਿ ਇੱਕ ਫੁੱਟਬਾਲ ਕਲੱਬ ਦੇ ਤੌਰ ਤੇ ਵਰਤੀ ਜਾ ਰਹੀ ਸੀ ਉਸਦਾ ਨਕਸ਼ਾ



ਜ਼ਮੀਨ ਦੀ ਹੱਦਬੰਦੀ (Scale 1: 1250)



ਸਮੁੱਚੀ ਜ਼ਮੀਨ ਦੀ ਹੱਦ ਅਤੇ ਨਿਸ਼ਾਨਦੇਹੀ


Stay Connected:
email: info@damdamitaksal.co.uk
DamdamiTaksalUKJathaBhindran

## ਜਾਰੀ ਕਰਤਾ ਦਮਦਮੀ ਟਕਸਾਲ ਯੂ.ਕੇ. ਅਤੇ ਯੂਰਪ

- ਗਿਆਨੀ ਸੋਹਣ ਸਿੰਘ ਜੀ
- ਗਿਆਨੀ ਗੁਰਜਿੰਦਰ ਸਿੰਘ ਜੀ
- ਗਿਆਨੀ ਸੁਖਰਾਜ ਸਿੰਘ ਜੀ
- ਗਿਆਨੀ ਗੁਰਜੰਟ ਸਿੰਘ ਜੀ
- ਗਿਆਨੀ ਸੁਖਬੀਰ ਸਿੰਘ ਜੀ

--: ਸੰਪਰਕ ਨੰਬਰ :--
07877017219,
07400830403
07856786642

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ
ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net



ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
ਨਾਮ ਜਪੋ
ਕਿਰਤ ਕਰੋ
ਵੰਡ ਛਕੋ
Naam Japo
Kirat Karo
Vand Shako
www.damdamitaksal.net
ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH
ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano
ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia
ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran
ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi
ਗਤਕਾ ਸਿੱਖੋ Learn Gatka
www.damdamitaksal.net



ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk


ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ


24 SERVICE EVERYDAY HOURS
PURE AND NATURAL 100% VEGETARIAN
Enjoy Real Taste of PUNJAB
KD
FULLY A.C. HALL
Khehra VAISHNO DHABA
BREAKFAST
LUNCH
DINNER
OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment



ਪੰਜਾਬੀ
ਸਿੱਖੋ ਬੋਲੋ ਪੜ੍ਹੋ ਲਿਖੋ
ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ
Love Maa Boli Punjabi

ੳ ਅ ੲ ਸ ਹ
ਕ ਖ ਗ ਘ ਙ
ਚ ਛ ਜ ਝ ਞ
ਟ ਠ ਡ ਢ ਣ
ਤ ਥ ਦ ਧ ਨ
ਪ ਫ ਬ ਭ ਮ
ਯ ਰ ਲ ਵ ੜ
ਸ਼ ਖ਼ ਗ਼ ਜ਼ ਫ਼ ਲ਼

ਮੁਕਤਾ, ਾ ਕੰਨਾ, ਿ ਸਿਹਾਰੀ, ੀ ਬਿਹਾਰੀ
ੁ ਔਂਕੜ, ੂ ਦੁਲੈਂਕੜ, ੇ ਲਾਂ, ੈ ਦੁਲਾਵਾਂ
ੋ ਹੋੜਾ, ੌ ਕਨੌੜਾ, ੰ ਟਿੱਪੀ, ਾਂ ਕੰਨਾ-ਬਿੰਦੀ
www.damdamitaksal.net

੧ ੨ ੩ ੪ ੫ ੬ ੭ ੮ ੯ ੧੦
www.damdamitaksal.net
Learn Speak Read Write
PUNJABI

# ਇੱਕ ਸਿਆਸੀ ਮੀਟਿੰਗ ਵਿੱਚ 22 ਧਾਰ ਦੇ ਰਾਜਿਆਂ ਦਾ ਚੜ ਕੇ ਆਉਣਾ ਸਾਖੀ ਸੁਣਾਉਣਾ ਮੇਰੇ ਖਿਆਲ ਨਾਲ ਕੋਈ ਛੋਟੀ ਗੱਲ ਨਹੀਂ ਹੈ

## ਗੁਰੂ ਪਿਤਾ ਜੀ ਵਾਂਗ ਧਰਮ ਦੀ ਰਾਖੀ ਅਤੇ ਧਰਮ ਦੇ ਸਿਧਾਂਤਾਂ ਨੂੰ ਮੁੱਖ ਰੱਖ ਕੇ ਅੱਜ ਦੀ ਸਿਆਸਤ ਦੀ ਜੰਗ ਲੜਣੀ ਹੈ-ਸ. ਹਰਪਾਲ ਸਿੰਘ ਬਲੇਰ : ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਪਾਰਟੀ



ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਪਾਰਟੀ ਦੀ ਆਗੂ ਜੋ ਕਿ ਸ਼੍ਰੀ ਖਡੂਰ ਸਾਹਿਬ ਤੋਂ ਲੋਕ ਸਭਾ ਚੋਣਾਂ ਦੇ ਉਮੀਦਵਾਰ ਹਨ, ਸ. ਹਰਪਾਲ ਸਿੰਘ ਬਲੇਰ ਜੀ ਨੇ ਜਦੋਂ 22 ਧਾਰ ਦੇ ਰਾਜਿਆਂ ਦਾ ਚੜ ਕੇ ਆਉਣਾ ਦੀ ਕਥਾ ਸੁਣਾਈ ਤਾਂ ਮੈਂ ਆਪਣੇ ਸਿਰਮੌਰ ਧਰਮ ਦੇ ਮੀਰੀ ਪੀਰੀ ਦੇ ਸਿਧਾਂਤਾ ਨੂੰ ਹੋਰ ਵੀ ਗਹਿਰਾਈ ਨਾਲ ਸਮਝ ਪਾਈ। ਅੱਜ ਤੱਕ ਸਿੱਖ ਧਰਮ ਦੀਆਂ ਸਾਖੀਆਂ ਮੈਂ ਗੁਰੂ ਘਰਾਂ ਵਿੱਚ ਲੱਗਦੇ ਦਿਵਾਨਾ ਵਿੱਚ ਗਿਆਨੀ ਸਿੰਘਾਂ ਕੋਲੋਂ ਜਾਂ ਢਾਡੀਆਂ ਦੀਆਂ ਵਾਰਾਂ ਤੋਂ ਸੁਣੀਆਂ ਹਨ। ਪਰ ਇੱਕ ਸਿਆਸੀ ਆਗੂ ਕੋਲੋਂ ਇੱਕ ਸਿਆਸੀ ਮੀਟਿੰਗ ਵਿੱਚ 22 ਧਾਰ ਦੇ ਰਾਜਿਆਂ ਦਾ ਚੜ ਕੇ ਆਉਣਾ ਸਾਖੀ ਸੁਣਾਉਣਾ ਮੇਰੇ ਖਿਆਲ ਨਾਲ ਕੋਈ ਛੋਟੀ ਗੱਲ ਨਹੀਂ ਹੈ। ਸਿਆਸੀ ਆਗੂ ਜਿੱਥੇ ਮੀਟਿੰਗਾਂ ਵਿੱਚ ਆਪਣੇ ਨਾਲ ਜੁੜੇ ਸੰਗੀ ਸਾਥੀਆਂ ਨੂੰ ਜਿੱਥੇ ਵੋਟਾਂ ਹਾਂਸਲ ਕਰਣ ਲਈ ਨਵੇਂ-ਨਵੇਂ ਹੱਥਕੰਡੇ ਅਪਣਾਉਂਨੇ ਸਮਝਾਉਂਦੇ ਦੇਖੇ ਜਾਂਦੇ ਹਨ। ਜਿੱਥੇ ਸਿਆਸੀ ਆਗੂ ਆਪਣੀ ਟੀਮ ਨੂੰ ਸਮਝਾ ਰਹੇ ਹੁੰਦੇ ਹਨ ਕਿ ਕਿਸ ਤਰਾਂ ਵੋਟਰਾਂ ਨੂੰ ਭਰਮਾ ਕੇ ਉਨ੍ਹਾਂ ਦੀ ਕੀਮਤੀ ਵੋਟ ਖ਼ਰੀਦਣੀ ਹੈ। ਉੱਥੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਪਾਰਟੀ ਤੋਂ ਚੋਣ ਲੜ ਰਹੇ ਲੋਕ ਸਭਾ ਹਲਕਾ ਸ਼੍ਰੀ ਖਡੂਰ ਸਾਹਿਬ ਦੇ ਉਮੀਦਵਾਰ ਸ. ਹਰਪਾਲ ਸਿੰਘ ਬਲੇਰ ਸਾਨੂੰ ਸਭ ਮੌਜੂਦ ਮੈਂਬਰਾਂ ਨੂੰ 22 ਧਾਰ ਦੇ ਰਾਜਿਆਂ ਦਾ ਚੜ ਕੇ ਆਉਣਾ ਸਾਖੀ ਸੁਣਾ ਰਹੇ ਸਨ। ਅੱਜ ਦੀ ਸਿਆਸਤ ਦਾ ਅਤੇ ਦਸਮ ਪਾਤਸ਼ਾਹ ਦੇ ਸਮੇਂ 22 ਧਾਰ ਦੇ ਰਾਜਿਆਂ ਵੱਲੋਂ ਕੀਤੀ ਸਿਆਸਤ ਦੀ ਤੁਲਨਾ ਕਰ ਰਹੇ ਸਨ। ਮੈਨੂੰ ਇੰਜ ਮਹਿਸੂਸ ਹੋ ਰਿਹਾ ਸੀ ਜਿਵੇਂ ਸ. ਹਰਪਾਲ ਸਿੰਘ ਬਲੇਰ ਜੀ ਸਮੁੱਚੀ ਸਿੱਖ ਕੌਮ ਨੂੰ ਇਹ ਸਾਖੀ ਸੁਣਾ ਕੇ ਸੰਦੇਸ਼ ਦੇ ਰਹੇ ਹੋਣ ਕਿ ਸਾਨੂੰ ਵੀ ਆਪਣੇ ਗੁਰੂ ਪਿਤਾ ਜੀ ਵਾਂਗ ਧਰਮ ਦੀ ਰਾਖੀ ਅਤੇ ਧਰਮ ਦੇ ਸਿਧਾਂਤਾਂ ਨੂੰ ਮੁੱਖ ਰੱਖ ਕੇ ਅੱਜ ਦੀ ਸਿਆਸਤ ਦੀ ਜੰਗ ਲੜਣੀ ਹੈ। ਅੱਜ ਵੀ ਭਾਰਤ ਦੇਸ਼ ਦੇ ਬਾਸ਼ਿੰਦੇ ਅਤੇ ਕੁਝ ਸਿੱਖ ਕੌਮ ਦੇ ਗੱਦਾਰ ਸਿੱਖ ਕੌਮ ਨੂੰ 22 ਧਾਰ ਦੇ ਰਾਜਿਆਂ ਵਾਂਗ ਘੇਰਾ ਪਾ ਕੇ ਖੜੇ ਹਨ। ਉਨ੍ਹਾਂ ਵਾਂਗ ਹੀ ਅੱਜ ਵੀ ਖਾਲਸਾ ਰਾਜ ਦੀ ਗੱਲ ਕਰਣ ਵਾਲੇ ਸਿੰਘ ਭਾਰਤ ਦੇਸ਼ ਨੂੰ ਅਤੇ ਕੌਮ ਦੇ ਗੱਦਾਰਾਂ ਦੀਆਂ ਅੱਖਾਂ ਵਿੱਚ ਰੜਕਦੇ ਹਨ। ਬਾਕੀ ਦੇ ਸਿਆਸੀ ਆਗੂ ਜਿੱਥੇ ਗੀਤ ਗਾ-ਗਾ, ਟਿੱਚਰਾਂ ਕਰ-ਕਰ, ਭੰਡਨੀ ਕਰ-ਕਰ, ਦੂਸਰੇ ਨੂੰ ਨੀਵਾਂ ਦਿਖਾ-ਦਿਖਾ ਜਾਂ ਫਿਰ free ਬਿਜਲੀ, ਰਾਸ਼ਨ ਦੇ ਕੇ ਸਿਆਸਤ ਕਰ ਰਹੇ ਦਿਖ ਰਹੇ ਹਨ। ਉੱਥੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਪਾਰਟੀ ਦਾ ਲੀਡਰ ਜੋ ਕਿ ਲੋਕ ਸਭਾ ਹਲਕਾ ਸ਼੍ਰੀ ਖਡੂਰ ਸਾਹਿਬ ਦਾ ਉਮੀਦਵਾਰ ਹੈ, ਸ. ਹਰਪਾਲ ਸਿੰਘ ਬਲੇਰ 22 ਧਾਰ ਦੇ ਰਾਜਿਆਂ ਦਾ ਚੜ ਕੇ ਆਉਣਾ ਸਾਖੀ ਸੁਣਾ ਕੇ 2024 ਵਿੱਚ ਹੋ ਰਹੀਆਂ ਚੋਣਾ ਦੀ ਗੱਲ ਕਰ ਰਿਹਾ ਹੈ। ਉਨ੍ਹਾਂ ਦੀ ਪਾਰਟੀ ਦੇ ਬਾਕੀ ਆਗੂ ਜਸਬੀਰ ਸਿੰਘ ਬਚੜੇ ਜਥੇਬੰਧਕ ਸਕੱਤਰ ਮਾਝਾ ਜ਼ੋਨ, ਨਿਸ਼ਾਨ ਸਿੰਘ, ਜਗਤਾਰ ਸਿੰਘ ਬਲੇਰ, ਚਮਕੌਰ ਸਿੰਘ ਬਲੇਰ, ਰਣਜੀਤ ਸਿੰਘ ਜਮਾਲਪੁਰਾ ਜੀ ਅਤੇ ਖਾਲਿਸਤਾਨੀ ਜੀ ਵੀ ਇਸ ਸਾਖੀ ਵਿੱਚੋਂ ਰਾਜਿਆਂ ਵੱਲੋਂ ਕੀਤੀ ਉਸ ਸਮੇਂ ਦੀ ਸਿਆਸਤ ਅਤੇ ਅੱਜ ਦੀ ਸਿਆਸਤ ਦੀ ਤੁਲਨਾ ਕਰਕੇ ਆਪਣੀ ਗਹਿਰੀ ਚਿੰਤਾ ਜਤਾਉਂਦੇ ਦਿਖੇ। ਮੈਨੂੰ ਹਮੇਸ਼ਾਂ ਇਸ ਪਾਰਟੀ ਦੇ ਮੈਂਬਰਾਂ ਨਾਲ ਤੁਰ ਕੇ, ਖੜ ਕੇ, ਆਪਣੇ ਆਪ ਤੇ ਮਾਨ ਮਹਿਸੂਸ ਹੁੰਦਾ ਹੈ, ਕਿ ਮੈਂ ਅੱਜ ਦੀ ਮਾੜੀ ਸਿਆਸਤ ਦੇ ਯੁੱਗ ਵਿੱਚ ਵੀ ਆਪਣੇ ਸਿੱਖ ਕੌਮ ਦੇ ਸੁਹਿਰਦ ਆਗੂਆਂ ਦਾ ਸਮਰਥਣ ਕਰਦੀ ਹਾਂ। ਟਿੱਚਰ-ਬਾਜੀ ਅਤੇ ਦੂਸ਼ਨ-ਬਾਜੀ ਕਰਣ ਵਾਲੇ ਲੀਡਰਾਂ ਨੇ ਤਾਂ ਪੰਜਾਬ ਦੇਸ਼ ਨੂੰ ਹੀ ਇੱਕ ਟਿੱਚਰ ਬਣਾਉਣ ਦੀ ਹਮੇਸ਼ਾ ਕੋਸ਼ਸ਼ ਕੀਤੀ ਹੈ। ਪਰ ਸ. ਸਿਮਰਨਜੀਤ ਸਿੰਘ ਮਾਨ ਅਤੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਪਾਰਟੀ ਦੇ ਸਾਰੇ ਸੁਹਿਰਦ ਆਗੂਆਂ ਨੇ ਪੰਜਾਬ ਦੇਸ਼ ਦਾ ਖ਼ਾਲਸਾ ਰਾਜ ਮੁੜ ਜਿਉਂਦਾ ਕਰਣ ਦਾ ਜੋ ਬੀੜਾ ਚੁੱਕਿਆ ਹੋਇਆ ਹੈ। ਉਸ ਦਾ ਮੈਂ ਹਿੱਸਾ ਬਣ ਕੇ ਮਾਨ ਮਹਿਸੂਸ ਕਰਦੀ ਹਾਂ। ਬਾਕੀ ਜਨਤਾ ਨੇ ਸੋਚਣਾ ਹੈ ਕਿ ਉਨ੍ਹਾਂ ਨੇ ਆਪਣੀਆਂ ਵੋਟਾਂ ਟਿੱਚਰ-ਬਾਜ਼ ਲੀਡਰਾਂ ਨੂੰ ਪਾ ਕੇ ਆਪਣੀ ਅਤੇ ਆਪਣੇ ਬੱਚਿਆਂ ਦੀ ਜ਼ਿੰਦਗੀ ਮਜ਼ਾਕ ਬਣਾਉਣੀ ਹੈ ਜਾਂ ਸੁਹਿਰਦ ਲੀਡਰਾਂ ਨੂੰ ਵੋਟ ਪਾ ਕੇ ਖੁਦ ਆਪਣੀ ਅਤੇ ਆਪਣੇ ਬੱਚਿਆਂ ਦੀ ਸਰਦਾਰੀ ਕਾਇਮ ਕਰਣੀ ਹੈ। ਪਰਮਜੀਤ ਸਿੰਘ ਵੀਰ ਜੀ ਦੇ ਘਰ ਹੋਈ ਇਸ ਸਿਆਸੀ ਮੀਟਿੰਗ ਵਿੱਚ ਮੌਜੂਦ ਸਾਰੇ ਵੀਰਾਂ ਦੀਆਂ ਗੱਲਾਂ ਧਰਮ ਤੋਂ ਲੈ ਕੇ ਸਿਆਸਤ ਤੱਕ ਸੀ। ਮੀਟਿੰਗ ਵਿੱਚ ਬੈਠੇ ਗੁਰਬਾਣੀ ਦੀਆਂ ਤੁੱਕਾਂ ਜ਼ਿਹਨ ਵਿੱਚ ਘੁੰਮ ਰਹੀਆਂ ਸਨ।


"ਰਾਜ ਬਿਨਾ ਨਹਿ ਧਰਮ ਚਲੇ ਹੈਂ, ਧਰਮ ਬਿਨਾ ਸਭ ਦਲੇ ਮਲੇ ਹੈਂ"

**-ਰਸ਼ਿਪੰਦਰ ਕੌਰ ਗਿੱਲ, ਲੇਖਕ, ਐਂਕਰ, ਸੰਪਾਦਕ, ਸੰਸਥਾਪਕ, ਪ੍ਰਧਾਨ- ਪੀਂਘਾਂ ਸੋਚ ਦੀਆਂ ਸਾਹਿਤ ਮੰਚ, ਪਬਲੀਕੇਸ਼ਨ, ਮੈਗਜ਼ੀਨ-ਅੰਮ੍ਰਿਤਸਰ +91-9888697078**

ਆਵਾਜ਼ਿ ਕੌਮ AWAZE QAUM International Newspaper & WEB TV


ਸਾਬਤ ਸੂਰਤਿ ਦਸਤਾਰ ਸਿਰਾ

ਦਸਤਾਰਾਂ ਹੀ ਦਸਤਾਰਾਂ



ਰੰਧਾਵਾ ਪਗੜੀ ਸੈਂਟਰ



ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।

✤ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।

ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।

ਰੈਣਕ ਬਾਜ਼ਾਰ, ਜਲੰਧਰ (ਪੰਜਾਬ)

ਸੰਪਰਕ ਨੰ. :

+91 98882-22446



ASA Gas Heating Solution Ltd.

Boilers
Certificates
Gas Work
Cylinders
Maintenance Services

Gas Safety Inspections
Plumbing Work

Vaillant APPROVED INSTALLER | WORCESTER Bosch Group

ਏ.ਐਸ.ਏ. ਗੈਸ ਹੀਟਿੰਗ ਸਲੂਸਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ

Mr. Simran Singh : 0749 534 2620
asagasheatingsolutions@gmail.com

Call us now for a Free no-olbigation quote

ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਦਾ 2 ਜੂਨ ਨੂੰ ਜਨਮ ਦਿਹਾੜਾ ਮਨਾਉਣ ਸਬੰਧੀ ਸੰਗਤਾਂ ਵਿਚ ਭਾਰੀ ਉਤਸ਼ਾਹ : ਸਿੰਘ ਸਾਹਿਬ

# ਇੰਟਰਨੈਸ਼ਨਲ ਪੰਥਕ ਦਲ ਦੀ ਸਾਲਾਨਾ ਮੀਟਿੰਗ ਦੌਰਾਨ ਜਨਮ ਦਿਹਾੜਾ ਮਨਾਉਣ ਸਬੰਧੀ ਤਿਆਰੀਆਂ ਲਈ ਡਿਊਟੀਆਂ ਲਗਾਈਆਂ

**☛ ਜਥੇਬੰਦਕ ਢਾਂਚੇ ਨੂੰ ਮਾਮੂਲੀ ਰੱਦੋਬਦਲ ਨਾਲ ਇਕ ਸਾਲ ਲਈ ਹੋਰ ਬਰਕਰਾਰ ਰੱਖਣ ਨੂੰ ਪ੍ਰਵਾਨਗੀ ☛ ਗਿਆਨੀ ਪ੍ਰੀਤਮ ਸਿੰਘ ਜੀ ਯੂ.ਕੇ. ਵਾਲਿਆਂ ਨਮਿੱਤ ਸ਼ਰਧਾਂਜਲੀ ਦਾ ਮਤਾ ਪਾਸ**











ਸਮਾਲਸਰ, 20 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)-ਇੰਟਰਨੈਸ਼ਨਲ ਪੰਥਕ ਦਲ ਦੇ ਸਮੁੱਚੇ ਅਹੁਦੇਦਾਰਾਂ ਦੀ ਸਾਲਾਨਾ ਵਿਸ਼ੇਸ਼ ਮੀਟਿੰਗ ਅੱਜ ਗੁਰਦੁਆਰਾ ਸੰਤ ਖਾਲਸਾ ਜਨਮ ਅਸਥਾਨ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲੇ, ਵਿਖੇ ਹੋਈ। ਜਥੇਬੰਦੀ ਦੇ ਸਰਪ੍ਰਸਤ ਅਤੇ ਅਕਾਲ ਤਖਤ ਸਾਹਿਬ ਜੀ ਦੇ ਸਾਬਕਾ ਜਥੇਦਾਰ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਜੀ ਦੀ ਪ੍ਰਧਾਨਗੀ ਹੇਠ ਹੋਈ ਇਸ ਮੀਟਿੰਗ ਵਿਚ ਕਈ ਮਹੱਤਵਪੂਰਨ ਮਤੇ ਪਾਸ ਕੀਤੇ ਗਏ। ਪਹਿਲੇ ਮਤੇ ਵਿਚ 20ਵੀਂ ਸਦੀ ਦੇ ਮਹਾਨ ਜਰਨੈਲ ਅਤੇ ਦਮਦਮੀ ਟਕਸਾਲ ਦੇ 14ਵੇਂ ਮੁਖੀ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ ਦਾ 2 ਜੂਨ ਨੂੰ ਜਨਮ ਦਿਹਾੜਾ ਮਨਾਉਣ ਸਬੰਧੀ ਵਿਚਾਰ ਚਰਚਾ ਕਰਦਿਆਂ ਇਸ ਦਿਹਾੜੇ ਨੂੰ ਕੌਮਾਂਤਰੀ ਪੱਧਰ 'ਤੇ ਦੇਸ਼-ਵਿਦੇਸ਼ ਦੀਆਂ ਸੰਗਤਾਂ ਦੀ ਸ਼ਮੂਲੀਅਤ ਨਾਲ ਮਨਾਉਣ ਦਾ ਫੈਸਲਾ ਲਿਆ ਗਿਆ। ਇਸ ਲਈ ਸੰਗਤਾਂ ਦੇ ਉਤਸ਼ਾਹ ਨੂੰ ਦੇਖਦਿਆਂ ਹਰ ਹਲਕੇ ਵਿਚੋਂ ਵਿਸ਼ੇਸ਼ ਬੱਸਾਂ ਦਾ ਪ੍ਰਬੰਧ ਕਰਨ ਲਈ, ਸਮਾਗਮ ਵਾਲੀ ਥਾਂ ਪਾਰਕਿੰਗ, ਲੰਗਰ ਅਤੇ ਹੋਰ ਸਹੂਲਤਾਂ ਬਾਰੇ ਡਿਊਟੀਆਂ ਲਗਾਈਆਂ ਗਈਆਂ। ਦੂਸਰੇ ਮਤੇ ਵਿਚ ਦਮਦਮੀ ਟਕਸਾਲ ਦੇ ਗਿਆਨੀ ਪ੍ਰੀਤਮ ਸਿੰਘ ਜੀ ਯੂ.ਕੇ. ਜੋ ਪਿਛਲੇ ਦਿਨੀਂ ਅਕਾਲ ਚਲਾਣਾ ਕਰ ਗਏ ਸਨ, ਉਨ੍ਹਾਂ ਨਮਿੱਤ ਆਤਮਿਕ ਸ਼ਾਂਤੀ ਅਤੇ ਸ਼ਰਧਾਂਜਲੀ ਲਈ ਅਰਦਾਸ ਬੇਨਤੀ ਕਰਦਿਆਂ 5 ਵਾਰ ਮੂਲ ਮੰਤਰ ਅਤੇ ਗੁਰਮੰਤਰ ਦਾ ਜਾਪ ਕੀਤਾ ਗਿਆ। ਤੀਸਰੇ ਮਤੇ ਰਾਹੀਂ ਇੰਟਰਨੈਸ਼ਨਲ ਪੰਥਕ ਦਲ ਦੇ ਜਥੇਬੰਦਕ ਢਾਂਚੇ ਵਿਚ ਮਾਮੂਲੀ ਰੱਦੋਬਦਲ ਕਰਦਿਆਂ ਜਥੇਬੰਦੀ ਦੇ ਸਾਰੇ ਪੈਨਲ ਮੈਂਬਰਾਂ ਅਤੇ ਅਹੁਦੇਦਾਰਾਂ ਦਾ ਕਾਰਜ ਕਾਲ ਇਕ ਸਾਲ ਹੋਰ ਸਰਬ ਸੰਮਤੀ ਨਾਲ ਵਧਾ ਦਿੱਤਾ ਗਿਆ। ਇਸ ਮੀਟਿੰਗ ਨੂੰ ਸੰਬੋਧਨ ਕਰਦਿਆਂ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਹੁਰਾਂ ਨੇ ਦੱਸਿਆ ਕਿ ਦੇਸ਼ ਦੇ ਵੱਖ-ਵੱਖ ਸੂਬਿਆਂ ਅਤੇ ਵਿਦੇਸ਼ਾਂ ਦੀਆਂ ਸੰਗਤਾਂ ਵਿਚ ਸੰਤ ਭਿੰਡਰਾਂਵਾਲਿਆਂ ਦੇ ਜਨਮ ਦਿਹਾੜੇ ਸਬੰਧੀ ਸਮਾਗਮ ਵਿਚ ਸ਼ਮੂਲੀਅਤ ਲਈ ਭਾਰੀ ਉਤਸ਼ਾਹ ਦਿਖਾਇਆ ਜਾ ਰਿਹਾ ਹੈ। ਹਰਿਆਣਾ ਦੀਆਂ ਸੰਗਤਾਂ ਵੱਲੋਂ ਸੰਤਾਂ ਦੇ ਜਨਮ ਅਸਥਾਨ ਵਿਖੇ ਬਣਾਏ ਗੁਰਦੁਆਰਾ ਸੰਤ ਖਾਲਸਾ ਨੂੰ ਦੇਖਣ ਲਈ ਇਥੇ ਆਉਣ ਬਾਰੇ ਕਿਹਾ ਗਿਆ ਹੈ। ਸਿੰਘ ਸਾਹਿਬ ਨੇ ਦੱਸਿਆ ਕਿ ਅਸੀਂ ਉਨ੍ਹਾਂ ਸੰਗਤਾਂ ਨੂੰ 2 ਜੂਨ ਨੂੰ ਹੀ ਪਿੰਡ ਰੋਡੇ ਵਿਖੇ ਆਉਣ ਲਈ ਕਿਹਾ ਹੈ ਤਾਂ ਕਿ ਉਹ ਵੀ ਇਸ ਜਨਮ ਦਿਹਾੜੇ ਦੇ ਸਮਾਗਮਾਂ ਵਿਚ ਸ਼ਾਮਿਲ ਹੋ ਸਕਣ। ਅੱਜ ਦੀ ਇਸ ਮੀਟਿੰਗ ਵਿਚ ਸਿੰਘ ਸਾਹਿਬ ਜੀ ਤੋਂ ਇਲਾਵਾ ਇੰਟਰਨੈਸ਼ਨਲ ਪੰਥਕ ਦਲ ਦੇ ਕੌਮੀ ਕਨਵੀਨਰ ਜਥੇਦਾਰ ਦਲੀਪ ਸਿੰਘ ਚੱਕਰ, ਪੰਜਾਬ ਪ੍ਰਧਾਨ ਜਥੇਦਾਰ ਹਰਚੰਦ ਸਿੰਘ ਚੱਕਰ, ਮੁੱਖ ਬੁਲਾਰੇ ਅਤੇ ਸ਼੍ਰੋਮਣੀ ਕਮੇਟੀ ਮੈਂਬਰ ਜਥੇਦਾਰ ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ ਦਮਦਮੀ ਟਕਸਾਲ ਭਿੰਡਰਾਂ ਵਾਲੇ, ਜਥੇਦਾਰ ਸਵਰਨਜੀਤ ਸਿੰਘ ਮੁੱਖੀ ਤਰਨਾ ਦਲ ਸ਼ਹੀਦਾਂ ਦੁਆਬਾ, ਬਾਬਾ ਸੱਜਣ ਸਿੰਘ ਸਲਾਹਕਾਰ, ਸੰਤ ਬਾਬਾ ਸਤਨਾਮ ਸਿੰਘ ਵਲੀਆ ਮੁੱਖੀ ਧਾਰਮਿਕ ਵਿੰਗ ਇੰਟਰਨੈਸ਼ਨਲ ਪੰਥਕ ਦਲ, ਜਥੇਦਾਰ ਸੰਤ ਜਤਿੰਦਰ ਸਿੰਘ ਗੋਬਿੰਦ ਬਾਗ ਵਾਲੇ, ਜਥੇਦਾਰ ਕਿਰਪਾ ਸਿੰਘ ਪ੍ਰਧਾਨ ਕਿਸਾਨ ਵਿੰਗ, ਜਥੇਦਾਰ ਵਜ਼ੀਰ ਸਿੰਘ ਅੰਮ੍ਰਿਤਸਰ, ਜਥੇਦਾਰ ਕੁਲਦੀਪ ਸਿੰਘ, ਗਿਆਨੀ ਰਾਜਪਾਲ ਸਿੰਘ ਬੋਪਾਰਾਏ, ਬਾਬਾ ਬਲਵਿੰਦਰ ਸਿੰਘ ਜੀ ਰੋਡੇ ਮੁੱਖ ਸੇਵਾਦਾਰ ਗੁਰਦੁਆਰਾ ਸੰਤ ਖਾਲਸਾ ਪਿੰਡ ਰੋਡੇ, ਬਾਬਾ ਬੂਟਾ ਸਿੰਘ, ਜਥੇਦਾਰ ਜਗਸੀਰ ਸਿੰਘ ਸਿਵੀਆ ਸੀਨੀਅਰ ਮੀਤ ਪ੍ਰਧਾਨ, ਭਾਈ ਜਗਤਾਰ ਸਿੰਘ ਰੋਡੇ ਮੈਂਬਰ ਸ਼੍ਰੋਮਣੀ ਕਮੇਟੀ ਪੈਨਲ ਮੈਂਬਰ, ਭਾਈ ਸੁਖਜਿੰਦਰ ਸਿੰਘ ਫਰੀਦਕੋਟ ਮੈਨੇਜਰ, ਪ੍ਰੋਫੈਸਰ ਜਸਪਾਲ ਸਿੰਘ ਕੋਟਕਪੂਰਾ, ਜਥੇਦਾਰ ਰਣਧੀਰ ਸਿੰਘ ਕਿਲ੍ਹਾ ਹਕੀਮਾਂ ਜ਼ਿਲ੍ਹਾ ਪ੍ਰਧਾਨ, ਜਥੇਦਾਰ ਜੋਗਿੰਦਰ ਸਿੰਘ ਫਿਰੋਜ਼ਪੁਰ, ਜਥੇਦਾਰ ਪਿੱਪਲ ਸਿੰਘ ਫਿਰੋਜ਼ਪੁਰ, ਜਥੇਦਾਰ ਗੁਰਭੇਜ ਸਿੰਘ ਭੈਣੀ ਮੱਸਾ, ਭਾਈ ਗੁਰਮੁੱਖ ਸਿੰਘ ਅਮੀ ਸ਼ਾਹ ਸੀਨੀਅਰ ਮੀਤ ਪ੍ਰਧਾਨ, ਭਾਈ ਬਲਜੀਤ ਸਿੰਘ ਮੰਡ ਜ਼ਿਲ੍ਹਾ ਪ੍ਰਧਾਨ ਕਪੂਰਥਲਾ ਅਤੇ ਹੋਰ ਪਤਵੰਤਿਆਂ ਸ਼ਖਸੀਅਤਾਂ ਅਤੇ ਸੰਗਤਾਂ ਭਾਰੀ ਗਿਣਤੀ ਵਿਚ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

**ਸੰਤ ਜਰਨੈਲ ਸਿੰਘ ਭਿੰਡਰਾਂਵਾਲਿਆਂ ਦਾ 2 ਜੂਨ ਨੂੰ ਜਨਮ ਦਿਹਾੜਾ ਮਨਾਉਣ ਸਬੰਧੀ ਸੰਗਤਾਂ ਵਿਚ ਭਾਰੀ ਉਤਸ਼ਾਹ : ਸਿੰਘ ਸਾਹਿਬ**

# ਇੰਟਰਨੈਸ਼ਨਲ ਪੰਥਕ ਦਲ ਦੀ ਸਾਲਾਨਾ ਮੀਟਿੰਗ ਦੌਰਾਨ ਜਨਮ ਦਿਹਾੜਾ ਮਨਾਉਣ ਸਬੰਧੀ ਤਿਆਰੀਆਂ ਲਈ ਡਿਊਟੀਆਂ ਲਗਾਈਆਂ

**☛ ਜਥੇਬੰਦਕ ਢਾਂਚੇ ਨੂੰ ਮਾਮੂਲੀ ਰੱਦੋਬਦਲ ਨਾਲ ਇਕ ਸਾਲ ਲਈ ਹੋਰ ਬਰਕਰਾਰ ਰੱਖਣ ਨੂੰ ਪ੍ਰਵਾਨਗੀ ☛ ਗਿਆਨੀ ਪ੍ਰੀਤਮ ਸਿੰਘ ਜੀ ਯੂ.ਕੇ. ਵਾਲਿਆਂ ਨਮਿੱਤ ਸ਼ਰਧਾਂਜਲੀ ਦਾ ਮਤਾ ਪਾਸ**













ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243





ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

ਖ਼ਾਲਸਾ ਮੇਰੋ ਰੂਪ ਹੈ ਖ਼ਾਸ ॥
ਖ਼ਾਲਸੇ ਮਹਿ ਹੌ ਕਰੌ ਨਿਵਾਸ ॥

# ਗੁਰੂ ਨਾਨਕ ਗੁਰਦਵਾਰਾ ਕਲਚਰਲ ਐਂਡ ਰੀਕਰੈਸ਼ਨਲ ਸੈਂਟਰ, ਪ੍ਰੈਸਿਟਨ

## Guru Nanak Gurdwara Cultural & Recreational Centre



ਵੱਲੋਂ ਖ਼ਾਲਸਾ ਸਾਜਨਾ ਦਿਵਸ ਨੂੰ ਸਮਰਪਿਤ

# ਧਾਰਮਿਕ ਸਮਾਗਮ

## 21 ਅਪ੍ਰੈਲ ਦਿਨ ਐਤਵਾਰ

### ★ ਪ੍ਰੋਗਰਾਮ ★

**21 ਅਪ੍ਰੈਲ ਸਵੇਰੇ 11ਵਜੇ ਸੁਖਮਨੀ ਸਾਹਿਬ ਜੀ ਦੇ ਪਾਠ ਹੋਣਗੇ।**

ਉਪਰੰਤ ਭਾਈ ਇੰਦਰਜੀਤ ਸਿੰਘ ਬੰਬੇ ਵਾਲੇ ਜਥਾ ਸਾਬਕਾ ਹਜ਼ੂਰੀ ਰਾਗੀ ਸੱਚਖੰਡ ਸ੍ਰੀ ਦਰਬਾਰ ਸਾਹਿਬ ਅਤੇ ਢਾਡੀ ਜਥਾ ਭਾਈ ਰਸਾਲ ਸਿੰਘ ਜੀ ਵੱਲੋਂ ਸੰਗਤਾਂ ਨੂੰ ਗੁਰੂ ਚਰਨਾਂ ਨਾਲ਼ ਜੋੜ ਸਿੱਖ ਇਤਿਹਾਸ ਦੀਆਂ ਵਾਰਾਂ ਨਾਲ਼ ਅਤੇ ਰਸ ਭਿੰਨੇ ਕੀਰਤਨ ਨਾਲ਼ ਨਿਹਾਲ ਕੀਤਾ ਜਾਵੇਗਾ।

**ਉੱਘੀਆਂ ਪੰਥਕ ਸ਼ਖਸ਼ੀਅਤਾਂ ਵੀ ਇਸ ਸਮਾਗਮ ਆਪਣੇ ਵਿਚਾਰਾਂ ਨਾਲ਼ ਹਾਜ਼ਰੀ ਭਰਨਗੀਆ।**

### ★ ਪ੍ਰਬੰਧਕ ਕਮੇਟੀ ★



ਭਾਈ ਭਾਗ ਸਿੰਘ (ਪ੍ਰਧਾਨ), ਭਾਈ ਸਰਬਜੀਤ ਸਿੰਘ ਦਿਓਲ (ਮੀਤ ਪ੍ਰਧਾਨ), ਭਾਈ ਲਖਬੀਰ ਸਿੰਘ ਰਾਏ (ਜਨਰਲ ਸਕੱਤਰ), ਭਾਈ ਲਖਬੀਰ ਸਿੰਘ ਰੰਧਾਵਾ (ਮੀਤ ਸਕੱਤਰ), ਭਾਈ ਗੁਰਮੇਲ ਸਿੰਘ (ਸਟੇਜ ਸਕੱਤਰ), ਭਾਈ ਅਮਰੀਕ ਸਿੰਘ (ਖਜਾਨਚੀ), ਬੀਬੀ ਬਲਵਿੰਦਰ ਕੌਰ ਸੰਧਰ (ਜਥੇਦਾਰਨੀ), ਭਾਈ ਬਲਦੇਵ ਸਿੰਘ (ਹੈਲਥ ਮਨਿਸਟਰ), ਭਾਈ ਜਸਵੀਰ ਸਿੰਘ (ਮੀਤ ਖਜਾਨਚੀ), ਭਾਈ ਅਵਤਾਰ ਸਿੰਘ ਮੱਲ੍ਹੀ (ਬਿਲਡਿੰਗ ਮੈਨਟੀਨੈਂਸ), ਸਰਦਾਰ ਮਹਿੰਦਰ ਸਿੰਘ ਉੱਪਲ।

ਸਮੂਹ ਗੁਰਦੁਆਰਾ ਸਾਹਿਬਾਨ, ਪੰਥਕ ਜਥੇਬੰਦੀਆਂ ਦੇ ਆਗੂਆਂ ਅਤੇ ਇਲਾਕਾ ਨਿਵਾਸੀਆਂ ਨੂੰ ਬੇਨਤੀ ਕਰਦੇ ਹਾਂ ਕਿ ਸਮੇਂ ਸਿਰ ਪਹੁੰਚ ਕੇ ਗੁਰਬਾਣੀ, ਸਿੱਖ ਇਤਿਹਾਸ ਸਰਵਣ ਕਰਕੇ ਲਾਹਾ ਪ੍ਰਾਪਤ ਕਰੋ ਜੀ।

## ਬੇਨਤੀ ਕਰਤਾ : ਪ੍ਰਬੰਧਕ ਕਮੇਟੀ ਗੁਰੂ ਨਾਨਕ ਗੁਰਦਵਾਰਾ ਕਲਚਰਲ ਐਂਡ ਰੀਕਰੈਸ਼ਨਲ ਸੈਂਟਰ, ਪ੍ਰੈਸਿਟਨ ਅਤੇ ਸਮੂਹ ਸਾਧ ਸੰਗਤ

**2-20 Tunbridge Street, Preston, Lancashire PR1 5YP**
**Contact : 01772-798 395/07958 683 500**

ਸਾਰੇ ਪ੍ਰੋਗਰਾਮ ਦਾ ਲਾਈਵ ਪ੍ਰਸਾਰਣ
ਆਵਾਜ਼ਿ ਕੌਮ AWAZE QAUM WEB TV
'ਤੇ ਦੇਖਿਆ ਜਾ ਸਕਦਾ ਹੈ।


ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲਿਆਂ
ਦੇ ਜਨਮ ਦਿਨ ਤੇ
ਆਵਾਜ਼ਿ ਕੌਮ
AWAZE QAUM
International Newspaper & WEB TV
2 ਜੂਨ ਨੂੰ ਰੋਡੇ ਪੁੱਜੋ
ਗੁਰਦੁਆਰਾ ਸੰਤ ਖਾਲਸਾ
ਬੇਨਤੀ ਕਰਤਾ
ਸੰਤ ਬਾਬਾ ਚਰਨਜੀਤ ਸਿੰਘ ਜੀ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ
ਮੈਂਬਰ ਸ਼੍ਰੋਮਣੀ ਕਮੇਟੀ ਸ੍ਰੀ ਅੰਮ੍ਰਿਤਸਰ ਅਤੇ
ਮੁੱਖ ਬੁਲਾਰੇ ਇੰਟਰਨੈਸ਼ਨਲ ਪੰਥਕ ਦਲ

# ਅੰਤਿਮ ਸੰਸਕਾਰ 24 ਅਪ੍ਰੈਲ, 12.00 ਵਜੇ

ਗੁਰਮੁਖਿ ਜਨਮੁ ਸਵਾਰਿ ਦਰਗਹ ਚਲਿਆ।
ਸਚੀ ਦਰਗਹ ਜਾਇ ਸਚਾ ਪਿੜ ਮਲਿਆ।



## ਗਿਆਨੀ ਪ੍ਰੀਤਮ ਸਿੰਘ ਜੀ ਲਿਖਾਰੀ
## Giani Pritam Singh Ji Likhari

ਦਮਦਮੀ ਟਕਸਾਲ ਜਥਾ ਭਿੰਡਰਾਂ
Damdami Taksal Jatha Bhindran

(1934 - 15/04/2024)

### Funeral Service - Wednesday 24th April 2024

9:15am ਅੰਤਿਮ ਦਰਸ਼ਨ
*Arrival of Cortege at*
Sri Guru Singh Sabha Southall, Guru Nanak Road, UB2 4NP

11:15am ਅੰਤਿਮ ਯਾਤਰਾ
*Departure of Cortege*

12:00pm ਅੰਤਿਮ ਸੰਸਕਾਰ
Antim Sanskaar
South West Middlesex Crematorium, Hounslow Road, TW13 5JH

2:00pm ਅਲਾਹਣੀਆ ਦਾ ਪਾਠ, ਸ੍ਰੀ ਸਹਿਜ ਪਾਠ ਭੋਗ, ਅਰਦਾਸ
*Alahniya Da Paath, Sri Sehaj Paath Bhog, Ardas*
Sri Guru Singh Sabha Southall, Guru Nanak Road, UB2 4NP

Live stream on YouTube.com/DGNSounds



THE GURBANI SCHOOL
THE GURBANI SCHOOL
ਗੁਰਬਾਣੀ ਦਾ ਸ਼ੁੱਧ ਉਚਾਰਣ ਸਿੱਖਣ ਲਈ ਗੁਰਬਾਣੀ ਸਕੂਲ ਡਾਊਨਲੋਡ ਕਰੋ।
LEARN THE CORRECT PRONUNCIATION OF GURBANI IN THE CONVENIENCE OF YOUR OWN HOME
GET IT ON Google Play
Download on the App Store
12:47
THE GURBANI SCHOOL
Read Gurbani
Language & Preferences
About us
Feedback
Share app
ਆਵਾਜ਼ਿ ਕੌਮ AWAZE QAUM International Newspaper & WEB TV
INTERACTIVE LEARNING
ਕਲਿੱਕ ਕਰੋ ਅਤੇ ਸਹੀ ਉਚਾਰਣ ਸੁਣੋ
CLICK & LISTEN TO THE CORRECT PRONUNCIATION
8
EIGHT PRAYERS AVAILABLE
ਅੱਠ ਬਾਣੀਆਂ ਸਿੱਖਣ ਲਈ ਉਪਲਬਧ ਹਨ
EIGHT DAILY PRAYERS AVAILABLE TO LEARN
AUTO SCROLL GURBANI PLAYER
ਨਾਲ ਨਾਲ ਪੜ੍ਹੋ ਅਤੇ ਉਚਾਰਣ ਸੁਧਾਰੋ
READ ALONG & IMPROVE THE PRONUNCIATION
ਉ A अ
MULTILINGUAL
ਨਿੱਤਨੇਮ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਵਿੱਚ ਉਪਲਬਧ ਹੈ।
NITNEM IS AVAILABLE IN PUNJABI, HINDI & ENGLISH

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)




# ਮਹਾਨ ਗੁਰਮਤਿ ਸਮਾਗਮ

ਜਨਮ ਦਿਹਾੜਾ ਸ਼੍ਰੋਮਣੀ ਭਗਤ ਧੰਨਾ ਜੱਟ ਧੂਆ ਕਲਾਂ ਜ਼ਿਲ੍ਹਾ ਟਾਂਕ ਰਾਜਸਥਾਨ ਅਤੇ ਜਨਮ ਦਿਹਾੜਾ ਸ਼ਹੀਦ ਭਾਈ ਮਨੀ ਸਿੰਘ ਪਟਿਆਲਾ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ



**ਸ਼ਨੀਵਾਰ 20 ਅਪ੍ਰੈਲ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸੱਜਣਗੇ**

ਐਤਵਾਰ 21 ਅਪ੍ਰੈਲ 6:30 ਵਜੇ ਸਵੇਰੇ ਚਪੈਹਿਰੇ ਦੇ ਪਾਠਾਂ ਦੀ ਅਰੰਭਤਾ ਹੋਵੇਗੀ 9: 30 ਵਜੇ ਭੋਗ ਪੈਣਗੇ।ਉਪੰਰਤ 12:30 ਵਜੇ ਤੱਕ ਦੀਵਾਨ ਸਜਣਗੇ।

ਹਜ਼ੂਰੀ ਰਾਗੀ ਭਾਈ ਗੁਰਪ੍ਰਤਾਪ ਸਿੰਘ ਸੱਚਖੰਡ ਸ੍ਰੀ ਹਜ਼ੂਰ ਸਾਹਿਬ ਵਾਲੇ ਕੀਰਤਨ ਰਾਹੀਂ ਗੁਰਬਾਣੀ ਕੀਰਤਨ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

☛ ਸਟਾਲ ਵੀ ਲੱਗਣਗੇ
☛ ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ। ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778



ਪ੍ਰਣਾਮ ਸ਼ਹੀਦਾਂ ਨੂੰ
ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ
ਸ਼ੁਭ ਕਰਮਨ ਤੇ ਕਬਹੂੰ ਨ ਟਰੋਂ
ਸਿੱਖ ਕੌਮ ਦੀ ਚੜ੍ਹਦੀ ਕਲਾ ਅਤੇ
ਖਾਲਸਾ ਸਾਜਨਾ ਦਿਵਸ ਨੂੰ ਸਮਰਪਿਤ
33ਵਾਂ ਸ਼ਹੀਦ ਭਾਈ ਸੁਭਾਸ਼ ਸਿੰਘ ਬੱਬਰ ਖਾਲਸਾ ਇੰਟਰਨੈਸ਼ਨਲ ਜੇਠੂਵਾਲ ਸ਼ਹੀਦੀ ਸਮਾਗਮ
ਬਾਬੇ ਸ਼ਹੀਦਾ ਦੇ ਪਵਿੱਤਰ ਸਥਾਨ ਜੇਠੂਵਾਲ ਵਿਖੇ-ਸ਼ਰਧਾ ਅਤੇ ਭਾਵਨਾ ਨਾਲ
21-4-24 ਦਿਨ ਐਤਵਾਰ ਨੂੰ ਮਨਾਇਆ ਜਾ ਰਿਹਾ ਹੈ।
ਗਿ: ਹਰਨਾਮ ਸਿੰਘ ਖਾਲਸਾ
ਬੰਦੀ ਸਿੰਘ ਰਿਹਾ ਕਰੋ
ਬੰਦੀ ਸਿੰਘ ਰਿਹਾ ਕਰੋ
ਅਮਰ ਸ਼ਹੀਦ ਸੰਤ ਬਾਬਾ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ
ਸ੍ਰੀ ਅਖੰਡ ਪਾਠ ਦੇ ਭੋਗ ਪਾਏ ਜਾਣਗੇ। ਢਾਡੀ ਰਾਗੀ ਗੁਰੂ ਜਸ ਕਰਨਗੇ। ਗੁਰੂ ਕਾ ਲੰਗਰ ਅਤੁੱਟ ਵਰਤੇਗਾ। ਸ਼ਹੀਦਾ ਦੇ ਪਰਿਵਾਰਾ ਨੂੰ ਸਨਮਾਨਿਤ ਕੀਤਾ ਜਾਵੇਗਾ। ਸ਼੍ਰੋਮਣੀ ਅਕਾਲੀ ਦਲ ਵੱਲੋਂ ਲਾਏ ਧਰਮ ਯੁਧ ਮੋਰਚੇ ਦੌਰਾਨ ਸ਼ਹੀਦ ਹੋਏ ਸਿੰਘਾਂ ਸਿੰਘਣੀਆ ਦੀ ਯਾਦ ਨੂੰ ਸਮਰਪਿਤ ਪੰਜਾਬ ਪੁਲਿਸ ਵੱਲੋਂ ਜਸਵੰਤ ਸਿੰਘ ਖਾਲੜਾ ਸਮੇਤ 28000 ਸਿੱਖ ਨੌਜਵਾਨਾ ਨੂੰ ਚੱਕ ਕੇ ਝੂਠੇ ਪੁਲਿਸ ਮੁਕਾਬਲਿਆ ਦੌਰਾਨ ਸ਼ਹੀਦ ਕੀਤੇ ਗਏ ਨੌਜਵਾਨਾ ਦੇ ਪਰਿਵਾਰਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਹਰ ਪਿੰਡ-ਪਿੰਡ ਵਿੱਚ ਸ਼ਹੀਦੀ ਸਮਾਗਮ ਕਰਵਾਏ ਜਾਣ।
ਸ਼੍ਰੋਮਣੀ ਅਕਾਲੀ ਦਲ ਵੱਲੋਂ ਲਾਏ ਧਰਮ ਯੁੱਧ ਮੋਰਚੇ ਦੌਰਾਨ ਪੰਜਾਬ ਪੁਲਿਸ ਵੱਲੋਂ ਘਰਾਂ ਤੋਂ ਚੁੱਕ ਕੇ ਝੂਠੇ ਪੁਲਿਸ ਮੁਕਾਬਲਿਆਂ ਵਿੱਚ ਮਾਰ ਮੁਕਾਏ ਨੌਜਵਾਨਾ ਦੇ ਪਰਿਵਾਰਾਂ ਨੂੰ ਬੇਨਤੀ ਹੈ ਕਿ ਪੁਲਿਸ ਵੱਲੋਂ ਚੁੱਕੇ ਨੌਜਵਾਨਾ ਦੇ ਘਰ ਆਉਣ ਦੀ ਆਸ ਨੂੰ ਛੱਡ ਕੇ ਪਿੰਡ-ਪਿੰਡ ਸ਼ਹੀਦੀ ਸਮਾਗਮ ਕਰਵਾਉਣ ਲਈ ਸਿੱਖ ਕੌਮ ਦਾ ਸਹਿਯੋਗ ਦਿਉ ਜੀ।
ਜਥੇਦਾਰ ਭਰਾਵਾਂ ਬਲਵਿੰਦਰ ਸਿੰਘ, ਨਿਰਮਲ ਸਿੰਘ ਜੇਠੂਵਾਲ (M) 99148-13471, 98157-25280, 62394-24387
ਲਵਾਰਸਾ ਦੇ ਵਾਰਸ
ਵੱਲੋਂ:- ਜੋਧਪੁਰ ਨਜ਼ਰਬੰਦ ਬ੍ਰਿਟੇਨ ਐਕਸ਼ਨ ਕਮੇਟੀ ਭਿੰਡਰਾਂਵਾਲੇ ਅਤੇ ਲੋਕਲ ਕਮੇਟੀ ਗ੍ਰਾਮ ਪੰਚਾਇਤ। ਜੇਠੂਵਾਲ, ਬਟਾਲਾ
ਮਾਨਯੋਗ ਸੁਪਰੀਮ ਕੋਰਟ ਨੂੰ ਅਪੀਲ ਹੈ ਕਿ ਸੂਹੋ ਮੋਟੋ ਐਕਸ਼ਨ ਲੈ ਕੇ ਤੁਰੰਤ ਭਾਈ ਖਾਲੜਾ ਸਮੇਤ ਭਾਈ ਸ਼ੁਭਾਸ਼ ਸਿੰਘ ਜੇਠੂਵਾਲ ਅਤੇ 28000 ਲਾਵਾਰਸਾਂ ਸਬੰਧੀ ਵਾਰਸਾਂ ਨੂੰ ਨਿਆ ਦਿੱਤਾ ਜਾਵੇ।
ਬੇਨਤੀ ਕਰਤਾ: ਨੇਤਾ ਜੀ ਸ਼ੁਭਾਸ ਸਿੰਘ ਸ਼ਹੀਦ ਬੱਬਰ ਖਾਲਸਾ ਟਰੱਸਟ ਜੇਠੂਵਾਲ ,ਜਥੇਦਾਰ ਭਰਾਵਾਂ ਬਲਵਿੰਦਰ ਸਿੰਘ ਜੇਠੂਵਾਲ ਨਿਰਮਲ ਸਿੰਘ ਜੇਠੂਵਾਲ




ਦੇਗ ਤੇਗ ਫ਼ਤਿਹ - ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ-ਧੰਨ
ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ
ਖਾਲਸਾ
ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470

# ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਸੀਨੀਅਰ ਸੈਕੰਡਰੀ ਸਕੂਲ ਵਿੱਚ ਖੁਸ਼ੀ ਮਾਹੌਲ



**ਚੌਕ ਮਹਿਤਾ, 20 ਅਪਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਇਲਾਕੇ ਦੀ ਨਾਮਵਰ ਸੰਸਥਾ ਸਾਹਿਬ ਸ਼੍ਰੀ ਗੁਰੂ ਗੋਬਿੰਦ ਸਿੰਘ ਸੀਨੀਅਰ ਸੈਕੰਡਰੀ ਸਕੂਲ ਦੀਆਂ 5 ਵਿਦਿਆਰਥਣਾਂ ਦੇ ਪੰਜਾਬ ਮੈਰਿਟ ਆਉਣ ਤੇ ਸਕੂਲ ਵਿਚ ਉਤਸਵ ਵਰਗਾ ਮਾਹੌਲ ਬਣ ਗਿਆ। ਮੈਰਿਟ ਵਿਚ ਆਏ ਹੋਏ ਵਿਦਿਆਰਥੀ ਅਤੇ ਉਹਨਾਂ ਦੇ ਮਾਤਾ ਪਿਤਾ ਨੇ ਸਕੂਲ ਵਿੱਚ ਸ਼ਿਰਕਤ ਕੀਤੀ ਜਿੱਥੇ ਸਕੂਲ ਮੈਨੇਜਮੈਂਟ ਵੱਲੋਂ ਉਹਨਾਂ ਦਾ ਅਤੇ ਬੱਚਿਆਂ ਦਾ ਭਰਵਾ ਸਵਾਗਤ ਕੀਤਾ। ਜਸਪ੍ਰੀਤ ਕੌਰ ਸੋਹਲ ਨੇ 98.31% ਨੰਬਰ ਲੈ ਕੇ ਜ਼ਿਲੇ ਵਿਚ 5ਵਾਂ ਅਤੇ ਪੰਜਾਬ ਵਿਚ 7ਵਾਂ ਸਥਾਨ ਹਾਸਿਲ ਕਰਨ ਵਾਲੀ ਮਨਰੀਤ ਕੌਰ ਅਤੇ ਉਸਦੇ ਨਾਲ ਬਲਪ੍ਰੀਤ ਕੌਰ 98%, ਮਾਨਟੇਕਪ੍ਰੀਤ ਕੌਰ 97.54%, ਧੰਨਗੁਰਲੀਨ ਕੌਰ 97.23% ਅਤੇ ਅਰਸ਼ਪ੍ਰੀਤ ਕੌਰ 97.08% ਅਤੇ ਇਹਨਾਂ ਦੇ ਮਾਤਾ ਪਿਤਾ ਦਾ ਮੂੰਹ ਮਿੱਠਾ ਕਰਵਾਇਆ ਅਤੇ ਇਹਨਾ ਨੂੰ ਮੈਡਲ ਦੇ ਕੇ ਸਨਮਾਨਿਤ ਕੀਤਾ ਅਤੇ ਘੋਸ਼ਣਾ ਕੀਤੀ ਕੇ ਇਸ ਸਾਲ ਸਕੂਲ ਦੇ ਹੋਣ ਵਾਲੇ ਸਲਾਨਾ ਸਮਾਗਮ ਵਿਚ ਇਹਨਾਂ ਬੱਚਿਆਂ ਦਾ ਭਰਵਾਂ ਸਨਮਾਨ ਕੀਤਾ ਜਾਵੇਗਾ। ਇਸ ਮੌਕੇ ਡਾਇਰੈਕਟਰ ਤੇਜਬੀਰ ਸਿੰਘ ਸੋਹਲ, ਪ੍ਰਿੰਸੀਪਲ ਮਨਤੇਸ਼ ਕੁਮਾਰ, ਮਨਪ੍ਰੀਤ ਕੌਰ ਛੀਨਾ (ਪ੍ਰਿੰਸੀਪਲ ਗੁਰੂ ਗੋਬਿੰਦ ਸਿੰਘ ਇੰਟਰਨੈਸ਼ਨਲ ਸਕੂਲ, ਚੁੰਘ), ਰਣਜੀਤ ਸਿੰਘ, ਹਰਮਿੰਦਰ ਕੌਰ, ਪਰਮਿੰਦਰ ਕੌਰ ਨਾਲ ਹੋਰ ਸਟਾਫ ਮੈਂਬਰ ਵੀ ਹਾਜ਼ਰ ਸਨ।

## ਖਾਲਸਾ ਸਕੂਲ ਤਲਵੰਡੀ ਸਾਬੋ ਦਾ

# ਦਸਵੀਂ ਦਾ ਨਤੀਜਾ ਰਿਹਾ ਸੌ ਪ੍ਰਤੀਸ਼ਤ

**ਤਲਵੰਡੀ ਸਾਬੋ, 20 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**- ਪਿਛਲੇ ਦਿਨੀਂ ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਦਸਵੀਂ ਸ਼੍ਰੇਣੀ ਦੇ ਨਤੀਜੇ ਵਿੱਚ ਸਥਾਨਕ ਖਾਲਸਾ ਸੀਨੀਅਰ ਸੈਕੰਡਰੀ ਸਕੂਲ (ਲੜਕੇ) ਦਾ ਦਸਵੀਂ ਦਾ ਨਤੀਜਾ 100 ਪ੍ਰਤੀਸ਼ਤ ਰਿਹਾ ਸਕੂਲ ਪ੍ਰਿੰਸੀਪਲ ਬਿਕਰਮਜੀਤ ਸਿੰਘ ਸਿੱਧੂ ਅਨੁਸਾਰ ਇਸ ਸਕੂਲ ਦੇ 65 ਵਿਦਿਆਰਥੀਆਂ ਨੇ ਦਸਵੀਂ ਸ਼੍ਰੇਣੀ ਦੀ ਪ੍ਰੀਖਿਆ ਦਿੱਤੀ ਜਿਸ ਵਿੱਚ ਪ੍ਰਿੰਸ ਕੁਮਾਰ ਪੁੱਤਰ ਸੁਭਾਸ ਕੁਮਾਰ ਨੇ 83.6 ਪ੍ਰਤੀਸ਼ਤ ਅੰਕ ਪ੍ਰਾਪਤ ਕਰਕੇ ਜਮਾਤ ਵਿੱਚੋਂ ਪਹਿਲਾ ਸਥਾਨ ਪ੍ਰਾਪਤ ਕੀਤਾ, ਦਿਨੇਸ਼ ਕੁਮਾਰ ਪੁੱਤਰ ਰਾਜੂ ਨੇ 81.6% ਅੰਕ ਪ੍ਰਾਪਤ ਕਰਕੇ ਦੂਸਰਾ ਅਤੇ ਦਿਲਜੀਤ ਸਿੰਘ ਪੁੱਤਰ ਜਸਵੀਰ ਸਿੰਘ ਨੇ 80.1% ਅੰਕ ਪ੍ਰਾਪਤ ਕਰਕੇ ਤੀਸਰਾ ਸਥਾਨ ਪ੍ਰਾਪਤ ਕੀਤਾ। ਇਸ ਤੋਂ ਇਲਾਵਾ ਕੁੱਲ 65 ਵਿਦਿਆਰਥੀਆਂ ਵਿੱਚੋਂ 3 ਵਿਦਿਆਰਥੀਆਂ ਨੇ 80 ਪ੍ਰਤੀਸ਼ਤ ਤੋਂ ਵੱਧ, 01 ਵਿਦਿਆਰਥੀ ਨੇ 70 ਪ੍ਰਤੀਸ਼ਤ ਤੋਂ ਵੱਧ ,13 ਵਿਦਿਆਰਥੀਆਂ ਨੇ 60 ਪ੍ਰਤੀਸ਼ਤ ਤੋਂ ਵੱਧ ਅਤੇ 36 ਵਿਦਿਆਰਥੀਆਂ ਨੇ 50 ਪ੍ਰਤੀਸ਼ਤ ਤੋਂ ਵੱਧ ਅੰਕ ਪ੍ਰਾਪਤ ਕੀਤੇ। ਵਿਦਿਆਰਥੀਆਂ ਦੀ ਇਸ ਪ੍ਰਾਪਤੀ 'ਤੇ ਸਕੂਲ ਪ੍ਰਿੰਸੀਪਲ ਬਿਕਰਮਜੀਤ ਸਿੰਘ ਸਿੱਧੂ, ਪ੍ਰਬੰਧਕ ਕਮੇਟੀ ਦੇ ਪ੍ਰਧਾਨ ਛੋਟਾ ਸਿੰਘ, ਮੈਨੇਜਰ ਰਣਜੀਤ ਸਿੰਘ ਮਲਕਾਣਾ, ਸਕੱਤਰ ਜਸਵਿੰਦਰ ਸਿੰਘ ਸਿੱਧੂ, ਮੀਤ ਪ੍ਰਧਾਨ ਭੁਪਿੰਦਰ ਸਿੰਘ ਜੱਸਲ, ਮੈਂਬਰਾਨ ਰੂਪ ਸਿੰਘ, ਗੁਰਮੀਤ ਸਿੰਘ ਧਾਲੀਵਾਲ, ਜਸਵੀਰ ਸਿੰਘ ਚੱਠਾ, ਸੁਖਵੀਰ ਸਿੰਘ ਮਾਨ, ਸੁਰਜੀਤ ਸਿੰਘ ਭੰਮ, ਪਰਮਿੰਦਰ ਕੁਮਾਰ, ਜੀਤ ਸਿੰਘ ਗਿੱਲ, ਕਰਨੈਲ ਸਿੰਘ ਅਤੇ ਮਲਕੀਤ ਸਿੰਘ ਨੇ ਵਿਦਿਆਰਥੀਆਂ ਦੀ ਇਸ ਪ੍ਰਾਪਤੀ 'ਤੇ ਸਮੂਹ ਸਟਾਫ਼, ਵਿਦਿਆਰਥੀਆਂ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਵਧਾਈ ਦਿੱਤੀ।



# ਉਪ ਮੰਡਲ ਮੈਜਿਸਟ੍ਰੇਟ ਵੱਲੋਂ ਪਿੰਡ ਬਹਿਮਣ ਜੱਸਾ ਸਿੰਘ ਦਾ ਦੌਰਾ



ਤਲਵੰਡੀ ਸਾਬੋ, 20 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)- ਡਿਪਟੀ ਕਮਿਸ਼ਨਰ ਸ. ਜਸਪ੍ਰੀਤ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਉਪ ਮੰਡਲ ਮੈਜਿਸਟ੍ਰੇਟ ਤਲਵੰਡੀ ਸਾਬੋ ਸ. ਹਰਜਿੰਦਰ ਸਿੰਘ ਜੱਸਲ ਵੱਲੋਂ ਵਾਟਰ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਪਾਸੋਂ ਪ੍ਰਾਪਤ ਰਿਪੋਰਟ ਅਨੁਸਾਰ ਪਿੰਡ ਬਹਿਮਣ ਜੱਸਾ ਸਿੰਘ ਦੀ ਪਾਣੀ ਸਬੰਧੀ ਸਮੱਸਿਆਵਾਂ ਧਿਆਨ ਵਿੱਚ ਆਉਣ ਤੇ ਤੁਰੰਤ ਕਾਰਵਾਈ ਕੀਤੀ ਗਈ। ਉਪ ਮੰਡਲ ਮੈਜਿਸਟ੍ਰੇਟ ਸ. ਹਰਜਿੰਦਰ ਸਿੰਘ ਜੱਸਲ ਪਿੰਡ ਬਹਿਮਣ ਜੱਸਾ ਸਿੰਘ ਵਿਖੇ ਪਹੁੰਚੇ ਅਤੇ ਮੌਕੇ 'ਤੇ ਪਾਇਆ ਕਿ ਪਾਣੀ ਦੀ ਸਪਲਾਈ ਨੂੰ ਇੰਮਪਰੂਵ ਕਰਨ ਲਈ 15ਵੇਂ ਵਿੱਤ ਕਮਿਸ਼ਨ ਰਾਹੀਂ 3.91 ਲੱਖ ਰੁਪਏ ਦੀ ਪ੍ਰਾਪਤ ਹੋਈ ਗ੍ਰਾਂਟ ਦੁਆਰਾ ਕੰਮ ਚੱਲ ਰਿਹਾ ਹੈ। ਇਸ ਕੰਮ ਵਿੱਚ ਫਿਲਟਰ ਦਾ ਕੰਮ, ਕੁਨੈਕਸ਼ਨਾਂ ਦੀ ਰਿਪੇਅਰ, ਫਲੋਟਿੰਗ ਆਰਮ ਅਤੇ ਹੋਰ ਕੰਮ ਕੀਤੇ ਜਾ ਰਹੇ ਹਨ। ਉਨ੍ਹਾਂ ਦੱਸਿਆ ਕਿ ਇਹ ਕੰਮ ਲਗਭਗ 4-5 ਦਿਨਾਂ ਵਿੱਚ ਮੁਕੰਮਲ ਹੋ ਜਾਵੇਗਾ ਅਤੇ ਪੀਣ ਵਾਲੇ ਪਾਣੀ ਦੀ ਸਪਲਾਈ ਲੋੜੀਂਦੀ ਮਾਤਰਾ ਵਿੱਚ ਚਾਲੂ ਹੋ ਜਾਵੇਗੀ।

ਇਸ ਮੌਕੇ ਉਪ ਮੰਡਲ ਮੈਜਿਸਟ੍ਰੇਟ ਸ. ਹਰਜਿੰਦਰ ਸਿੰਘ ਜੱਸਲ ਨੇ ਪਿੰਡ ਬਹਿਮਣ ਜੱਸਾ ਸਿੰਘ ਦੇ ਵਾਟਰ ਵਰਕਸ ਦੀ ਵਿਸਥਾਰ ਪੂਰਵਕ ਜਾਂਚ ਕੀਤੀ ਗਈ ਅਤੇ ਜਲ ਸਪਲਾਈ ਵਿਭਾਗ ਨੂੰ ਸਖਤ ਹਦਾਇਤ ਕੀਤੀ ਗਈ ਕਿ ਪਿੰਡ ਵਾਸੀਆਂ ਨੂੰ ਪੀਣ ਵਾਲੇ ਪਾਣੀ ਸਬੰਧੀ ਕੋਈ ਸਮੱਸਿਆ ਨਾ ਆਉਣ ਦਿੱਤੀ ਜਾਵੇ। ਉਨ੍ਹਾਂ ਨਹਿਰੀ ਵਿਭਾਗ ਨੂੰ ਵੀ ਹਦਾਇਤ ਕੀਤੀ ਕਿ ਪਿੰਡ ਬਹਿਮਣ ਜੱਸਾ ਸਿੰਘ ਦੇ ਨਹਿਰੀ ਪਾਣੀ ਦੀ ਸਪਲਾਈ ਸਬੰਧੀ ਤੁਰੰਤ ਬਣਦੀ ਕਾਰਵਾਈ ਕੀਤੀ ਜਾਵੇ ਅਤੇ ਪਿੰਡ ਵਾਸੀਆਂ ਨੂੰ ਨਹਿਰੀ ਪਾਣੀ ਦੀ ਪੂਰੀ ਸਪਲਾਈ ਦਿੱਤੀ ਜਾਣੀ ਯਕੀਨੀ ਬਣਾਈ ਜਾਵੇ।



# ਡੁਬੱਈ ਵਿਚ ਆਏ ਭਿਆਨਕ ਹੜ ਵਿਚ ਜਰੂਰੀ ਵਸਤਾਂ ਵੰਡਦੇ ਹੋਏ : ਜਲਾਲ ਉਸਮਾ



**ਚੌਕ ਮਹਿਤਾ, 20 ਅਪਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਜਿੱਥੇ ਜਿੱਥੇ ਵੀ ਕੋਈ ਆਫਤ ਆਈ ਉੱਥੇ ਪੰਜਾਬੀਆਂ ਨੇ ਪਾਹੁੰਚ ਕਿ ਆਪਣੀ ਜਾਨ ਦੀ ਪਰਵਾਹ ਨਾ ਕਰਦੇ ਹੋਏ ਰਾਹਤਕਾਰੀਆ ਵਾਸਤੇ ਲੰਗਰ ਲਗਾਏ ਗਏ ਅਤੇ ਜਰੂਰੀ ਵਸਤਾਂ ਦੀ ਪਾਹੁੰਚ ਕੀਤੀ। ਇਸ ਤਰ੍ਹਾਂ ਡੁਬੱਈ ਵਿੱਚ ਭਿਆਨਕ ਹੜ ਆਇਆ ਲੋਕਾਂ ਦਾ ਬਹੁਤ ਨੁਕਸਾਨ ਹੋਇਆ। ਬਹੁਤ ਕੀਮਤੀ ਗੱਡੀਆਂ ਹੜ ਦੀ ਭੇਟ ਚੜ ਗਈਆਂ। ਉਥੇ ਪੰਜਾਬੀਆਂ ਨੇ ਲੰਗਰ, ਖਾਣ ਪੀਣ ਵਾਲੀਆਂ ਵਸਤੂਆਂ ਹੜ ਪੀੜਤਾਂ ਨੂੰ ਪਹੁੰਚੀਆਂ। ਪੰਜਾਬ ਦੇ ਜੰਮਪਲ ਸਮਾਜ ਸੇਵੀ ਸ, ਹਰਜਿੰਦਰ ਸਿੰਘ ਜਲਾਲ ਉਸਮਾ ਹੜ ਪੀੜਤਾਂ ਦੀ ਰਾਤ ਸਮੇਂ ਸੇਵਾ ਕਰਦੇ ਹੋਏ। ਉਨ੍ਹਾਂ ਦੇ ਨਾਲ ਹੋਰ ਬਹੁਤ ਸਾਰੇ ਪੰਜਾਬੀਆਂ ਨੇ ਦਿਨ ਰਾਤ ਇਕ ਕਰਕੇ ਹੜ ਪੀੜਤਾਂ ਦੀ ਸੇਵਾ ਕੀਤੀ ਗਈ।

# ਪੰਜਾਬ ਸਟੇਟ ਫੂਡ ਕਾਰਪੋਰੇਸ਼ਨ ਦੇ ਚੇਅਰਮੈਨ ਬਾਲ ਮੁਕੰਦ ਸ਼ਰਮਾ ਜੀ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਦਾ ਕੀਤਾ ਨਿਰੀਖਣ



**ਚੌਕ ਮਹਿਤਾ, 20 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਸਟੇਟ ਫੂਡ ਕਾਰਪੋਰੇਸ਼ਨ ਦੇ ਚੈਅਰਮੈਨ ਸ੍ਰੀ ਬਾਲ ਮੁਕੰਦ ਸ਼ਰਮਾ ਜੀ ਵੱਲੋਂ ਵੱਖ ਵੱਖ ਸਕੂਲਾਂ ਦਾ ਦੌਰਾ ਕੀਤਾ ਗਿਆ ॥ ਇਸੇ ਤਹਿਤ ਚੇਅਰਮੈਨ ਜੀ ਵੱਲੋ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੂਰਪੁਰ ਲੁਬਾਣਾ ਦਾ ਨਿਰੀਖਣ ਕੀਤਾ ਗਿਆ ॥ ਚੇਅਰਮੈਨ ਬਾਲ ਮੁਕੰਦ ਸ਼ਰਮਾ ਜੀ ਸਰਕਾਰੀ ਸਕੂਲ ਨੂਰਪੁਰ ਲੁਬਾਣਾ ਦੇ ਸਕੂਲ ਦੀ ਦਿੱਖ ਦੇਖਕੇ ਕਾਫੀ ਪ੍ਰਭਾਵਿਤ ਹੋਏ ॥ ਗੌਰਤਲਬ ਹੈ ਕਿ ਬਿਆਸ ਦਰਿਆ ਦੇ ਨੇੜੇ ਦੁਆਬੇ ਦੀ ਹਰੀ ਭਰੀ ਧਰਤੀ ਤੇ ਪਿੰਡ ਨੂਰਪੁਰ ਲੁਬਾਣਾ ਚ ਵਸਿਆ ਇਹ ਸਕੂਲ ਪੰਜਾਬ ਦੇ ਬਹੁਤਾਤ ਪ੍ਰਾਈਵੇਟ ਸਕੂਲਾਂ ਨੂੰ ਵੀ ਮਾਤ ਪਾਉਦਾ ਹੈ। ਚੇਅਰਮੈਨ ਬਾਲ ਮੁਕੰਦ ਸ਼ਰਮਾ ਜੀ ਸਕੂਲ ਦੇ ਮਿਡ ਡੇ ਮੀਲ ਦੇ ਸਟੀਲ ਦੇ ਬੈਚ ਦੇਖਕੇ ਬਹੁਤ ਖੁਸ ਹੋਏ॥ ਕਿਉਕਿ ਇਹ ਇਸ ਤਰਾ ਦੇ ਸਟੀਲ ਦੇ ਬੈਂਚ ਆਈ.ਆਈ .ਟੀ ਰੁੜਕੀ ਅਤੇ ਆਈ.ਆਈ.ਟੀ ਦਿੱਲੀ ਦੀ ਮੈੱਸ ਦਾ ਸ਼ਿੰਗਾਰ ਹੋਇਆ ਕਰਦੇ ਸਨ॥ ਚੇਅਰਮੈਨ ਸਾਬ ਨੇ ਪੂਰੇ ਸਕੂਲ ਦਾ ਦੌਰਾ ਕੀਤਾ ਤੇ ਸਕੂਲ ਦੇ ਕੰਮ ਕਾਰ ਦੇਖ ਕਿ ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਪੁਨੀਤ ਪੁਰੀ ਜੀ ਦੀ ਅਤੇ ਸਮੁੱਚੇ ਸਟਾਫ ਦੀ ਤਰੀਫ਼ ਕੀਤੀ ਤੇ ਕਿਹਾ ਕਿ ਇਹ ਸਕੂਲ ਬਾਕੀ ਸਕੂਲਾਂ ਲਈ ਪ੍ਰੇਰਨਾਸ੍ਰੋਤ ਹੈ॥ ਪ੍ਰਿੰਸੀਪਲ ਸ੍ਰੀਮਤੀ ਪੁਨੀਤ ਪੁਰੀ ਜੀ ਨੇ ਚੇਅਰਮੈਨ ਬਾਲ ਮੁਕੰਦ ਸ਼ਰਮਾ ਜੀ , ਜਿਲਾ ਸਿੱਖਿਆ ਅਫਸਰ ਸ੍ਰੀਮਤੀ ਦਲਜਿੰਦਰ ਕੌਰ ਵਿਰਕ ਜੀ ਦਾ ਧੰਨਵਾਦ ਕੀਤਾ।

# ਨਿਊ ਫਲਾਵਰਜ ਪਬਲਿਕ ਸੀ.ਸੈ. ਸਕੂਲ, ਦੇ ਵਿਦਿਆਰਥੀਆਂ ਨੇ ਪੰਜਾਬ ਸਕੂਲ ਸਿਖਿਆ ਬੋਰਡ ਦੇ ਦਸਵੀਂ ਦੀ ਪ੍ਰੀਖਿਆ ਵਿਚੋਂ ਮਾਰੀਆ ਮੱਲਾਂ



**ਚੌਕ ਮਹਿਤਾ, 20 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜਾਬ ਸਕੂਲ ਸਿਖਿਆ ਬੋਰਡ ਵਲੋਂ ਦਸਵੀਂ ਦੇ ਨਤੀਜੇ ਦਾ ਐਲਾਨ ਕੀਤਾ ਗਿਆ ਜਿਸ ਵਿਚ ਨਿਊ ਫਲਾਵਰਜ ਪਬਲਿਕ ਸੀ.ਸੈ. ਸਕੂਲ, ਅੰਮ੍ਰਿਤਸਰ ਦੀ ਵਿਦਿਆਰਥਣ ਪੁਸ਼ਪਪ੍ਰੀਤ ਕੌਰ ਪੁੱਤਰੀ ਜਸਪ੍ਰੀਤ ਸਿੰਘ ਦਸਵੀਂ ਦੀ ਪ੍ਰੀਖਿਆ ਵਿਚੋਂ 626/650 (96.3%) ਅੰਕ ਲੈ ਕੇ ਅਵੱਲ ਸਥਾਨ ਹਾਂਸਲ ਕੀਤਾ ਹੈ ਅਤੇ ਸਕੂਲ ਦੇ ਦਸਵੀਂ ਪ੍ਰੀਖਿਆ ਨਤੀਜੇ ਦੇ ਬਾਕੀ ਵਿਦਿਆਰਥੀਆ ਨੇ ਚੰਗੇ ਨੰਬਰ ਲੈ ਕੇ ਮੱਲਾ ਮਾਰੀਆਂ ਹਨ। ਕੁਲ ਹਾਜਰ ਵਿਦਿਆਰਥੀ 150 ਸਨ। ਜਿਨਾਂ ਵਿਚੋਂ ਇਕ ਵਿਦਿਆਰਥਣ ਪੁਸ਼ਪਪ੍ਰੀਤ ਕੌਰ ਪੁੱਤਰੀ ਜਸਪ੍ਰੀਤ ਸਿੰਘ ਨੇ 626/650 (96.3%) ਲੈ ਕੇ ਅਵੱਲ ਸਥਾਨ ਹਾਂਸਲ ਕੀਤਾ , ਜਦਕਿ ਇਸ਼ਮੀਤ ਕੌਰ ਪੁੱਤਰੀ ਵਿਕਰਮਜੀਤ ਸਿੰਘ ਨੇ 625/650 (96.1%) ਲੈ ਕੇ ਦੂਜਾ ਸਥਾਨ ਹਾਂਸਲ ਕੀਤਾ ਹੈ। ਹਰਸੁਖਜੀਤ ਕੌਰ ਪੁੱਤਰੀ ਸਤਨਾਮ ਸਿੰਘ ਨੇ 623/650 (95.8%) ਲੈ ਕੇ ਤੀਜਾ ਸਥਾਨ ਪ੍ਰਾਪਤ ਕੀਤਾ ਹੈ। 10 ਵਿਦਿਆਰਥੀਆਂ ਨੇ 90% ਤੋਂ ਵੱਧ ਅੰਕ ਪ੍ਰਾਪਤ ਕੀਤੇ ਹਨ ਅਤੇ 45 ਬੱਚਿਆ ਦਾ ਨਤੀਜਾ 80% ਤੋ ਵੱਧ ਰਿਹਾ ਹੈ। ਦਸਵੀਂ ਦਾ ਨਤੀਜਾ ਵਧੀਆਂ ਆਉਣ ਤੇ ਚੇਅਰਮੈਨ ਸ. ਹਰਪਾਲ ਸਿੰਘ ਯੂ.ਕੇ. ਅਤੇ ਪ੍ਰਿੰਸੀਪਲ ਸ੍ਰੀਮਤੀ ਕੁਲਵਿੰਦਰ ਕੌਰ ਜੀ ਨੇ ਸਮੂਹ ਵਿਦਿਆਰਥੀਆ ਅਤੇ ਉਹਨਾਂ ਦੇ ਮਾਪੇ ਅਤੇ ਸਮੂਹ ਸਕੂਲ ਸਟਾਫ ਨੂੰ ਵਧਾਈ ਦਿੱਤੀ। ਇਸਦਾ ਸੇਹਰਾ ਸਕੂਲ ਦੇ ਅਧਿਆਪਕਾਂ, ਬੱਚਿਆ ਦੀ ਮਿਹਨਤ ਅਤੇ ਉਨ੍ਹਾਂ ਦੇ ਮਾਪਿਆ ਨੂੰ ਜਾਂਦਾ ਹੈ ।

### ਅਕਾਲ ਯੂਨੀਵਰਸਿਟੀ, ਕੰਪਿਊਟਰ ਸਾਇੰਸ ਅਤੇ ਇੰਜਨੀਅਰਿੰਗ ਵਿਭਾਗ ਵੱਲੋਂ

# ਏ.ਆਈ. ’ਤੇ ਵਿਸ਼ੇਸ਼ ਲੈਕਚਰ ਦਾ ਕੀਤਾ ਆਯੋਜਨ





**ਤਲਵੰਡੀ ਸਾਬੋ, 20 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)-** ਸਥਾਨਕ ਅਕਾਲ ਯੂਨੀਵਰਸਿਟੀ ਦੇ ਕੰਪਿਊਟਰ ਸਾਇੰਸ ਅਤੇ ਇੰਜਨੀਅਰਿੰਗ ਵਿਭਾਗ ਵੱਲੋਂ ਆਰਥੋਡੌਂਨਟਿਕਸ ਵਿੱਚ ਆਟੋਮੇਸ਼ਨ ਦੇ ਰਿਸਰਚ ਸਕੋਪ ’ਤੇ ਵਿਸ਼ੇਸ਼ ਲੈਕਚਰ ਦਾ ਆਯੋਜਨ ਕੀਤਾ ਗਿਆ। ਡਾ. ਸ਼ੈਲੇਂਦਰ ਰਾਣਾ ਅਤੇ ਡਾ. ਇਕਨੂਰ ਕੌਰ ਗਿੱਲ ਨੇ ਆਪਣੀ ਮਾਣਯੋਗ ਟੀਮ ਦੇ ਨਾਲ, ਆਰਥੋਡੌਂਨਟਿਕਸ ਵਿੱਚ ਆਟੋਮੇਸ਼ਨ ਦੇ ਖੋਜ ਦਾਇਰੇ ’ਤੇ ਇੱਕ ਸੂਝਵਾਨ ਮਾਹਿਰ ਭਾਸ਼ਣ ਦੀ ਅਗਵਾਈ ਕੀਤੀ ਗਈ। ਅਕਾਲ ਯੂਨੀਵਰਸਿਟੀ, ਕੰਪਿਊਟਰ ਸਾਇੰਸ ਐਂਡ ਇੰਜਨੀਅਰਿੰਗ ਅਤੇ ਖੋਜ ਅਤੇ ਵਿਕਾਸ ਵਿਭਾਗ ਦੁਆਰਾ ਮੇਜ਼ਬਾਨੀ ਕੀਤੀ ਗਈ। ਇਸ ਸਮਾਗਮ ਦਾ ਉਦੇਸ਼ ਆਰਥੋਡੌਂਨਟਿਕਸ ਦੇ ਖੇਤਰ ਵਿੱਚ ਆਰਟੀਫਿਸ਼ੀਅਲ ਇੰਟੈਲੀਜੈਂਸ (ਏ ਆਈ) ਅਤੇ ਮਸ਼ੀਨ ਸਿਖਲਾਈ ਵਿੱਚ ਖੋਜ ਦੇ ਵਿਸਤ੍ਰਿਤ ਮੌਕਿਆਂ ਦੀ ਖੋਜ ਕਰਨਾ ਸੀ। ਅਕਾਲ ਯੂਨੀਵਰਸਿਟੀ ਦੇ ਫੈਕਲਟੀ ਅਤੇ ਵਿਦਿਆਰਥੀਆਂ ਦੀ ਮੌਜੂਦਗੀ ਨਾਲ ਭਰਪੂਰ ਇਸ ਸਮਾਗਮ ਨੇ ਤਕਨਾਲੋਜੀ ਅਤੇ ਆਰਥੋਡੌਂਟਿਕ ਖੋਜ ਸੰਬੰਧੀ ਯਾਤਰਾ ਦੀ ਪੜਚੋਲ ਕਰਨ ਲਈ ਇੱਕ ਪਲੇਟਫਾਰਮ ਵਜੋਂ ਕੰਮ ਕੀਤਾ। ਦਿਲਚਸਪ ਚਰਚਾਵਾਂ ਅਤੇ ਪੇਸ਼ਕਾਰੀਆਂ ਦੁਆਰਾ, ਹਾਜ਼ਰੀਨ ਨੇ ਆਰਥੋਡੌਂਨਟਿਕਸ ਵਿੱਚ ਆਟੋਮੇਸ਼ਨ ਦੇ ਸੰਭਾਵੀ ਉਪਯੋਗਾਂ ਅਤੇ ਖੇਤਰ ਦੇ ਭਵਿੱਖ ਲਈ ਇਸਦੇ ਪ੍ਰਭਾਵਾਂ ਬਾਰੇ ਕੀਮਤੀ ਜਾਣਕਾਰੀ ਪ੍ਰਾਪਤ ਕੀਤੀ। ਡਾ. ਸੁਖਜੀਤ ਸਿੰਘ ਅਤੇ ਡਾ. ਉਪਿੰਦਰ ਕੌਰ, ਕ੍ਰਮਵਾਰ ਕਨਵੀਨਰ ਅਤੇ ਕੋ-ਕਨਵੀਨਰ ਦੇ ਤੌਰ ’ਤੇ, ਸਮਾਗਮ ਨੂੰ ਸੰਚਾਲਿਤ ਕੀਤਾ। ਉਹਨਾਂ ਇਸ ਲੈਕਚਰ ਦੀ ਸਫਲਤਾ ਅਤੇ ਅਕਾਦਮਿਕ ਭਾਈਚਾਰੇ ਲਈ ਪ੍ਰਸੰਗਿਕਤਾ ਨੂੰ ਯਕੀਨੀ ਬਣਾਉਣ ਲਈ ਮਹੱਤਵਪੂਰਨ ਭੂਮਿਕਾਵਾਂ ਨਿਭਾਈਆਂ। ਉਹਨਾਂ ਦੇ ਯਤਨਾਂ ਨੇ, ਪ੍ਰਬੰਧਕੀ ਟੀਮ ਦੀ ਸਹਿਯੋਗੀ ਭਾਵਨਾ ਦੇ ਨਾਲ, ਸਿੱਖਣ ਅਤੇ ਵਿਚਾਰਾਂ ਦੇ ਆਦਾਨ-ਪ੍ਰਦਾਨ ਲਈ ਅਨੁਕੂਲ ਮਾਹੌਲ ਨੂੰ ਉਤਸ਼ਾਹਿਤ ਕਰਨ ਵਿੱਚ ਯੋਗਦਾਨ ਪਾਇਆ। ਈਵੈਂਟ ਦੀ ਸ਼ੁਰੂਆਤ ਨਿੱਘੇ ਸੁਆਗਤੀ ਨੋਟ ਨਾਲ ਹੋਈ, ਜਿਸ ਨੇ ਆਰਥੋਡੌਂਟਿਕ ਖੋਜ ਨੂੰ ਮੁੜ ਆਕਾਰ ਦੇਣ ਵਿੱਚ ਆਟੋਮੇਸ਼ਨ ਦੀ ਭੂਮਿਕਾ ’ਤੇ ਇੱਕ ਭਰਪੂਰ ਭਾਸ਼ਣ ਲਈ ਭੂਮਿਕਾ ਤਿਆਰ ਕੀਤੀ। ਸਾਰੇ ਸੈਸ਼ਨਾਂ ਦੌਰਾਨ, ਭਾਗੀਦਾਰਾਂ ਨੇ ਆਰਥੋਡੌਂਟਿਕ ਅਭਿਆਸਾਂ ਅਤੇ ਮਰੀਜ਼ਾਂ ਦੀ ਦੇਖਭਾਲ ਨੂੰ ਵਧਾਉਣ ਲਈ ਏ ਆਈ ਅਤੇ ਮਸ਼ੀਨ ਸਿਖਲਾਈ ਦਾ ਲਾਭ ਉਠਾਉਣ ਲਈ ਵੱਖ-ਵੱਖ ਤਰੀਕਿਆਂ ਦੀ ਖੋਜ ਸੰਬੰਧੀ ਚਰਚਾਵਾਂ ਹੋਈਆਂ। ਪ੍ਰਸ਼ੰਸਾਮਈ ਲਹਿਜੇ ਵਿਚ ਮਾਨਯੋਗ ਵਾਈਸ-ਚਾਂਸਲਰ ਡਾ. ਗੁਰਮੇਲ ਸਿੰਘ ਨੇ ਡਾ. ਰਾਣਾ ਅਤੇ ਉਨ੍ਹਾਂ ਦੀ ਟੀਮ ਨੂੰ ਆਰਥੋਡੌਂਨਟਿਕਸ ਵਿੱਚ ਖੋਜ ਨੂੰ ਅੱਗੇ ਵਧਾਉਣ ਲਈ ਉਨ੍ਹਾਂ ਦੇ ਸਮਰਪਣ ਅਤੇ ਯੋਗਦਾਨ ਨੂੰ ਸਵੀਕਾਰ ਕਰਦੇ ਹੋਏ, ਯਾਦਗਾਰੀ ਚਿੰਨ੍ਹ ਭੇਟ ਕੀਤੇ। ਹਾਜ਼ਰੀਨ ਨੇ ਤਕਨਾਲੋਜੀ ਅਤੇ ਆਰਥੋਡੌਂਨਟਿਕਸ ਦੇ ਇੰਟਰਸੈਕਸ਼ਨ ’ਤੇ ਦਿਲਚਸਪ ਸੰਭਾਵਨਾਵਾਂ ਦੀ ਤਲਾਸ਼ ਸੰਬੰਧੀ ਸਿਹਤਮੰਦ ਸੰਵਾਦ ਰਚਾਇਆ। ਪ੍ਰੋਗਰਾਮ ਧੰਨਵਾਦ ਦੀ ਰਸਮ ਨਾਲ ਸਮਾਪਤ ਹੋਇਆ।

### ਆੜ੍ਹਤੀਆ ਦੀ 7 ਮੈਂਬਰੀ ਕਮੇਟੀ ਮੰਡੀ ਦੀਆਂ ਮੁਸ਼ਕਿਲਾਂ ਕਰੇਗੀ ਹੱਲ

# ਚੇਅਰਮੈਨ ਰੰਧਾਵਾ ਨੇ ਸਿਰੋਪਾਓ ਦੇ ਕੇ ਕੀਤਾ ਸਨਮਾਨਿਤ



**ਚੌਕ ਮਹਿਤਾ, 20 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)-** ਮਾਰਕੀਟ ਕਮੇਟੀ ਮਹਿਤਾ ਵਿਖ਼ੇ ਚੇਅਰਮੈਨ ਡਾ ਗੁਰਵਿੰਦਰ ਸਿੰਘ ਰੰਧਾਵਾ ਦੀ ਅਗਵਾਈ ਵਿਚ ਆੜ੍ਹਤੀਆ ਵੱਲੋਂ ਇਕ ਜ਼ਰੂਰੀ ਮੀਟਿੰਗ ਕੀਤੀ ਗਈ। ਜਿਸ ਵਿਚ ਹਲਕਾ ਜੰਡਿਆਲਾ ਗੁਰੂ ਤੋਂ ਟਰੇਡ ਵਿੰਗ ਦੇ ਪ੍ਰਧਾਨ ਗੁਰਿੰਦਰ ਸਿੰਘ ਬੱਲ ਬੁੱਟਰ ਨੇ ਵੀ ਸ਼ਮੂਲੀਅਤ ਕੀਤੀ। ਇਸ ਦੌਰਾਨ ਮੰਡੀ ਦੀਆਂ ਦਰਪੇਸ਼ ਮੁਸ਼ਿਕਲਾਂ ਬਾਰੇ ਵਿਚਾਰ ਵਿਟਾਂਦਰਾ ਕੀਤਾ ਗਿਆ ਅਤੇ ਇਨਾਂ ਮੁਸ਼ਿਕਲਾਂ ਤੋਂ ਨਿਜਾਤ ਪਾਉਣ ਲਈ ਅਹਿਮ ਫੈਸਲੇ ਲਏ ਗਏ। ਇਸ ਸਮੇਂ ਮੰਡੀ ਦੇ ਆੜ੍ਹਤੀਆ ਦੀ ਸਹਿਮਤੀ ਦੇ ਨਾਲ ਇਕ 7 ਮੈਂਬਰੀ ਕਮੇਟੀ ਦਾ ਗਠਨ ਕੀਤਾ ਗਿਆ। ਜਿਸ ਵਿਚ ਪ੍ਰਧਾਨ ਸੁਖਦੇਵ ਸਿੰਘ ਬੁੱਟਰ ਤੋਂ ਇਲਾਵਾ ਮੰਡੀ ਦੇ 7 ਆੜਤੀਏ ਜਿਨਾਂ ਵਿਚ ਸ੍ਰੀ ਕੇਵਲ ਕ੍ਰਿਸ਼ਨ, ਦਵਿੰਦਰ ਸਿੰਘ ਮੱਲੀ, ਗੁਰਵੇਲ ਸਿੰਘ ਡੇਅਰੀਵਾਲ, ਗੁਰਮੁੱਖ ਸਿੰਘ ਸ਼ਾਹਬਾ, ਬਲਜਿੰਦਰ ਸਿੰਘ ਹੈਪੀ, ਕੈਪਟਨ ਸਿੰਘ ਮਹਿਤਾ ਅਤੇ ਹਰਜੀਤ ਸਿੰਘ ਉਦੋਨੰਗਲ ਨੂੰ ਚੁਣਿਆ ਗਿਆ। ਚੇਅਰਮੈਨ ਰੰਧਾਵਾ ਨੇ ਆਖਿਆ ਕਿ ਇਹ ਕਮੇਟੀ ਮੰਡੀ ਦੀਆਂ ਮੁਸ਼ਿਕਲਾਂ ਨੂੰ ਸੁਣਿਆ ਕਰੇਗੀ ਅਤੇ ਇਨਾਂ ਮੁਸ਼ਿਕਲਾਂ ਨੂੰ ਸਮੇਂ ਸਿਰ ਹੱਲ ਕਰਵਾਉਣਾ ਇਸ ਕਮੇਟੀ ਦੀ ਮੁੱਖ ਜਿੰਮੇਵਾਰੀ ਹੋਵੇਗੀ। ਉਨ੍ਹਾਂ ਆਖਿਆ ਕਿ ਮਾਰਕੀਟ ਕਮੇਟੀ ਦਾ ਚੇਅਰਮੈਨ ਹੋਣ ਨਾਤੇ ਜ਼ਰੂਰਤ ਪੈਣ ਤੇ ਉਹ ਖੁਦ ਵੀ ਇਸ ਕਮੇਟੀ ਦਾ ਸਹਿਯੋਗ ਕਰਨਗੇ। ਇਸ ਮੌਕੇ ਪ੍ਰਧਾਨ ਗੁਰਮੁੱਖ ਸਿੰਘ ਔਜਲਾ ਡੇਅਰੀਵਾਲ ਤੋਂ ਇਲਾਵਾ ਮਾਰਕੀਟ ਕਮੇਟੀ ਦੇ ਅਧਿਕਾਰੀ ਸਰਬਜੀਤ ਸਿੰਘ, ਸੰਦੀਪ ਸਿੰਘ ਤਨੇਲ ਤੇ ਜਗਦੀਪ ਸਿੰਘ ਰੰਧਾਵਾ ਸਮੇਤ ਰਜਿੰਦਰ ਸਿੰਘ ਉਦੋਨੰਗਲ, ਬਲਾਕ ਪ੍ਰਧਾਨ ਜਰਮਨ ਉਦੋਨੰਗਲ, ਬਲਾਕ ਪ੍ਰਧਾਨ ਅਜੈ ਗਾਂਧੀ, ਬਲਾਕ ਪ੍ਰਧਾਨ ਗੁਰਜਿੰਦਰ ਸਿੰਘ ਕੁਹਾਟਵਿੰਡ, ਸੀਨੀਅਰ ਆਗੂ ਬਲਜੀਤ ਸਿੰਘ ਚਾਹਲ, ਹਰਪਾਲ ਸਿੰਘ ਜੱਜ, ਕੁਲਤਾਰਨ ਸਿੰਘ ਪੱਡਾ, ਗੁਲਜਿੰਦਰ ਸਿੰਘ ਲਾਡੀ, ਕੁਲਦੀਪ ਸਿੰਘ ਬੁੱਟਰ, ਬਿੱਕਾ ਮੁਝੈਲ, ਸੁਖਦੇਵ ਸਿੰਘ ਬੱਲ, ਬਲਵਿੰਦਰ ਕੁਮਾਰ ਸ਼ਰਮਾ, ਰਜਿੰਦਰ ਸਿੰਘ ਟੀਟੂ, ਪਵਨ ਕੁਮਾਰ ਬਟਾਲਾ, ਮੁਖਤਿਆਰ ਸਿੰਘ, ਬੱਗਾ ਮੁਨੀਮ ਤੇ ਹੋਰ ਵੀਂ ਆੜਤੀਏ ਹਾਜਰ ਸਨ।

# ਭਾਰਤੀ ਜਨਤਾ ਪਾਰਟੀ ਦਾ ਪੱਕਾ ਸਿਪਾਹੀ ਹਾਂ, ਪਾਰਟੀ ਉਮੀਦਵਾਰ ਬਣਾਉਂਦੀ ਹੈ ਤਾਂ ਹਮੇਸ਼ਾ ਰਿਣੀ ਰਹਾਂਗਾ : ਜੋਰਾਵਰ ਸਿੰਘ ਭਾਉਵਾਲ

**ਸ੍ਰੀ ਅਨੰਦਪੁਰ ਸਾਹਿਬ 20 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)-** ਹਲਕੇ ਦੀ ਸੇਵਾ ਲਈ ਹਮੇਸ਼ਾ ਤੱਤਪਰ ਰਿਹਾ ਹਾਂ ਤੇ ਭਾਰਤੀ ਜਨਤਾ ਪਾਰਟੀ ਦਾ ਸਿਪਾਹੀ ਬਣ ਕੇ ਕੰਮ ਕਰ ਰਿਹਾ ਹੈ। ਤੇ ਜੇਕਰ ਪਾਰਟੀ ਉਮੀਦਵਾਰ ਵਜੋਂ ਮਾਨ ਸਨਮਾਨ ਦਿੰਦੀ ਹੈ ਤਾਂ ਹਮੇਸ਼ਾ ਰਿਣੀ ਰਹਾਂਗਾ ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਇਲਾਕੇ ਦੇ ਸੀਨੀਅਰ ਸਮਾਜ ਸੇਵੀ ਅਤੇ ਭਾਰਤੀ ਜਨਤਾ ਪਾਰਟੀ ਦੇ ਹਲਕਾ ਟਾਂਡਾ ਤੋਂ ਵਿਸਥਾਰਕ ਤੇ ਰੋਪੜ ਜਿਲੇ ਦੇ ਟਕਸਾਲੀ ਭਾਜਪਾ ਵਰਕਰ ਜੋਰਾਵਰ ਸਿੰਘ ਭਾਊਵਾਲ ਵੱਲੋਂ ਇੱਕ ਪ੍ਰੈਸ ਨੋਟ ਜਾਰੀ ਕਰਦਿਆਂ ਕੀਤਾ ਗਿਆ। ਉਹਨਾਂ ਕਿਹਾ ਕਿ ਮੈਂ ਹਮੇਸ਼ਾ ਹਲਕੇ ਦੀ ਸੇਵਾ ਲਈ ਕੰਮ ਕੀਤਾ ਹੈ ਜਿਸ ਵਿੱਚ ਮਾਈਨਿੰਗ ਵਿਰੁੱਧ ਆਵਾਜ਼ ਬੁਲੰਦ ਕਰਨ ਦਾ ਮਸਲਾ ਅਹਿਮ ਸੀ ਉਹਨਾਂ ਕਿਹਾ ਕਿ ਗੁੰਡਾ ਪਰਚੀ ਵਿਰੁੱਧ ਸਭ ਤੋਂ ਪਹਿਲਾਂ ਹਲਕੇ ਅੰਦਰ ਉਹਨਾਂ ਵੱਲੋਂ ਝੰਡਾ ਚੁੱਕਿਆ ਗਿਆ ਸੀ। ਜਿਸ ਵਿੱਚ ਉਹ ਪੂਰੀ ਤਰ੍ਹਾਂ ਸਫਲ ਵੀ ਹੋਏ ਸਨ। ਇਹੋ ਨਹੀਂ ਉਹਨਾਂ ਕਿਹਾ ਕਿ ਜ਼ਿਲ੍ਹੇ ਅੰਦਰ ਚਲਦੀ ਗੁੰਡਾ ਪਰਚੀ ਤੇ ਨਜਾਇਜ਼ ਮਾਈਨਿੰਗ ਨੂੰ ਠੱਲ ਪਾਉਣ ਲਈ ਉਹਨਾਂ ਵੱਲੋਂ ਮਾਈਨਿੰਗ ਮਾਫੀਆ ਦੇ ਦਫਤਰਾਂ ਨੂੰ ਤਾਲੇ ਲਾ ਕੇ ਚਾਬੀਆਂ ਡੀ ਸੀ ਦਫਤਰ ਰੋਪੜ ਵਿਖੇ ਜਮਾ ਕਰਵਾ ਦਿੱਤੀਆਂ ਗਈਆਂ ਸਨ। ਸ਼੍ਰੀ ਅਨੰਦਪੁਰ ਸਾਹਿਬ ਲੋਕ ਸਭਾ ਹਲਕੇ ਦੀ ਗੱਲ ਕਰਦੇ ਉਹਨਾਂ ਨੇ ਕਿਹਾ ਕਿ ਜੇਕਰ ਪਾਰਟੀ ਉਨਾਂ ਪ੍ਰਤੀ ਵਿਚਾਰ ਕਰਦੀ ਹੈ ਤਾਂ ਉਹ ਹਮੇਸ਼ਾ ਪਾਰਟੀ ਦੇ ਵਫਾਦਾਰ ਸਿਪਾਹੀ ਬਣ ਕੇ ਸੇਵਾ ਕਰਦੇ ਰਹਿਣਗੇ ਉਹਨਾਂ ਕਿਹਾ ਕਿ ਹਲਕੇ ਦੀਆਂ ਸਾਰੀਆਂ ਪਰੇਸ਼ਾਨੀਆਂ ਨੂੰ ਉਹ ਭਲੀ ਭੰਤੀ ਜਾਣਦੇ ਹਨ ਅਤੇ ਇਹਨਾਂ ਪਰੇਸ਼ਾਨੀਆਂ ਨੂੰ ਹੱਲ ਕਰਵਾਉਣ ਲਈ ਉਹਨਾਂ ਵੱਲੋਂ ਹਮੇਸ਼ਾ ਪਾਰਟੀ ਦੇ ਸਹਿਯੋਗ ਨਾਲ ਕੰਮ ਵੀ ਕੀਤੇ ਜਾਂਦੇ ਰਹੇ ਹਨ ਦੂਜੇ ਪਾਸੇ ਉਹਨਾਂ ਦੇਸ਼ ਦੇ ਪ੍ਰਧਾਨ ਮੰਤਰੀ ਸਤਿਕਾਰਯੋਗ ਨਰਿੰਦਰ ਮੋਦੀ ਜੀ ਬਾਰੇ ਗੱਲ ਕਰਦਿਆਂ ਕਿਹਾ ਕਿ ਦੇਸ਼ ਅੰਦਰ ਤੀਜੀ ਵਾਰ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਬਣਨ ਜਾ ਰਹੀ ਹੈ ਸਤਿਕਾਰਯੋਗ ਨਰਿੰਦਰ ਮੋਦੀ ਜੀ ਦੀ ਰਹਿਨੁਮਾਈ ਹੇਠ ਦੇਸ਼ ਦੁਨੀਆਂ ਦੇ ਨਕਸ਼ੇ ਵਿੱਚ ਉਭਰ ਕੇ ਸਾਹਮਣੇ ਆਇਆ ਹੈ। ਉਹਨਾਂ ਕਿਹਾ ਕਿ ਭਾਜਪਾ ਹਰ ਵਰਗ ਨੂੰ ਨਾਲ ਲੈ ਕੇ ਚੱਲਣ ਵਾਲੀ ਪਾਰਟੀ ਹੈ ਉਹਨਾਂ ਸੂਬੇ ਦੀ ਗੱਲ ਕਰਦਿਆਂ ਕਿਹਾ ਕਿ ਸੂਬੇ ਵਿੱਚ 13 ਦੀਆਂ 13 ਲੋਕ ਸਭਾ ਸੀਟਾਂ ਭਾਜਪਾ ਦੀ ਝੋਲੀ ਵਿੱਚ ਜਾਣਗੀਆਂ, ਉਹਨਾਂ ਕਿਹਾ ਕਿ ਪਾਰਟੀ ਜਿਸ ਨੂੰ ਵੀ ਉਮੀਦਵਾਰ ਬਣਾਏਗੀ ਉਹ ਜਿੰਦ ਜਾਨ ਨਾਲ ਉਸ ਦੀ ਮਦਦ ਕਰਨਗੇ ਉਹਨਾਂ ਕਿਹਾ ਕਿ ਸਾਡਾ ਉਮੀਦਵਾਰ ਕਮਲ ਦਾ ਫੁੱਲ ਹੈ

# ਵਪਾਰੀਆਂ ਨੂੰ ਕਿਸੇ ਪ੍ਰਕਾਰ ਦੀ ਮੁਸਕਲ ਦਾ ਸਾਹਮਣਾ ਨਹੀਂ ਕਰਨਾ ਪਵੇਗਾ : ਵਿਨੀਤ ਵਰਮਾ, ਜਲਾਲ ਉਸਮਾ



**ਚੌਕ ਮਹਿਤਾ, 20 ਅਪਰੈਲ ( ਬਾਬਾ ਸੁਖਵੰਤ ਸਿੰਘ ਚੰਨਣਕੇ)-** ਪੰਜਾਬ ਸਰਕਾਰ ਮੁੱਖ ਮੰਤਰੀ ਸ, ਭਗਵੰਤ ਸਿੰਘ ਮਾਨ ਅਤੇ ਕੈਬਨਿਟ ਮੰਤਰੀ ਸ, ਹਰਭਜਨ ਸਿੰਘ ਈ, ਟੀ ਉ, ਅਗਵਾਈ ਹੇਠ ਕਣਕ ਦੇ ਸੀਜਨ ਵਿੱਚ ਕਿਸਾਨਾਂ ਅਤੇ ਵਪਾਰੀਆਂ ਨੂੰ ਕਿਸੇ ਪ੍ਰਕਾਰ ਦਾ ਮੁਸਕਲ ਸਾਹਮਣਾ ਨਹੀਂ ਕਰਨਾ ਪਵੇਗਾ। ਮੰਡੀਆਂ ਵਿੱਚ ਖਾਸ ਕਰਕੇ ਵਪਾਰੀਆਂ ਅਤੇ ਕਿਸਾਨਾਂ ਦੀ ਹਰ ਮੁਸਕਲ ਖਿਆਲ ਰੱਖਿਆ ਜਾਵੇਗਾ। ਮੌਕੇ ਤੇ ਹੀ ਹੱਲ ਕੀਤਾ ਜਾਵੇਗਾ। ਪੱਤਰਕਾਰਾ ਨੂੰ ਜਾਣਕਾਰੀ ਦਿੰਦਿਆਂ ਹੋਇਆ ਸ੍ਰੀ ਵਿਨੀਤ ਵਰਮਾ ਪੰਜਾਬ ਸਟੇਟ ਟਰੇਡਰਜ਼ ਕਮਿਸਨ ਗੋਰਮਿੰਟ ਪੰਜਾਬ ਸਰਕਾਰ ਅਤੇ ਜਿਲਾ ਵਾਈਸ ਪਰਧਾਨ ਸ, ਹਰਜਿੰਦਰ ਸਿੰਘ ਜਲਾਲ ਉਸਮਾ ਨੇ ਦੱਸਿਆ। ਇਸ ਦੌਰਾਨ ਜਿਲਾ ਪਰਧਾਨ ਟਰੇਡ ਵਿੰਗ ਸ੍ਰੀ ਅੰਮ੍ਰਿਤਸਰ ਰਾਜੀਵ ਖਹਿਰਾ, ਮੀਡੀਆ ਇੰਚਾਰਜ ਬਲਾਕ ਰਈਆ ਬੂਟਾ ਸਿੰਘ, ਠੇਕੇਦਾਰ ਲਖਵਿੰਦਰ ਸਿੰਘ ਜਲਾਲ ਉਸਮਾ, ਗੁਰਵਿੰਦਰ ਸਿੰਘ ਬੱਲ ਕੋਆਡੀਨੇਟਰ ਜੰਡਿਆਲਾ ਗੁਰੂ, ਬਲਜੀਤ ਸਿੰਘ ਜੋੜਾ, ਹਰਵਿੰਦਰ ਸਿੰਘ ਡਾਇਮੰਡ, ਗੁਰਿੰਦਰ ਸਿੰਘ ਚੌਹਾਨ, ਮਨਦੀਪ ਸਿੰਘ ਜੋਗਾ ਵਾਲਾ, ਅਮਰ ਰਾਵਤ ਚੌਕ ਮਹਿਤਾ, ਸਚਿਨ ਗਰੋਵਰ ਕੋਹਾਟਵਿੰਡ ਨਿਰਮਲ ਸਿੰਘ ਉਸਮਾ, ਗੁਰਦਿਆਲ ਸਿੰਘ ਰਜਧਾਨ, ਡਾ, ਅਵਤਾਰ ਸਿੰਘ ਜਲਾਲ ਆਦਿ ਹੋਰ ਆਮ ਆਦਮੀ ਪਾਰਟੀ ਦੇ ਲੀਡਰ ਹਾਜ਼ਰ ਸਨ।

# ਮਸੂਰੀ ਇੰਟਰਨੈਸ਼ਨਲ ਪਬਲਿਕ ਸਕੂਲ ਵਿਚ ਦਸਵੀਂ ਕਲਾਸ ਦੇ ਵਿਦਿਆਰਥੀਆ ਵਲੋ 95% ਅੰਕ ਪ੍ਰਾਪਤ ਕਰਕੇ ਪਹਿਲੀ ਸੂਚੀ ਵਿੱਚ ਸਕੂਲ ਦਾ ਕੀਤਾ ਨਾਮ ਰੌਸ਼ਨ



**ਚੌਕ ਮਹਿਤਾ, 20 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)-** ਪੰਜਾਬ ਸਰਕਾਰ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਦਸਵੀਂ ਦੇ ਨਤੀਜੇ ਵਿੱਚ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਮਸੂਰੀ ਇੰਟਰਨੈਸ਼ਨਲ ਪਬਲਿਕ ਸਕੂਲ ਦਾ ਨਤੀਜਾ 100 ਫੀਸਦੀ ਰਿਹਾ ਹੈ ਜਿਸ ਦੇ ਤਹਿਤ ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਪਰਮੀਤ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਕੂਲ ਦੇ 95 ਵਿਦਿਆਰਥੀਆਂ ਨੇ ਇਸ ਸਾਲ ਦਸਵੀਂ ਬੋਰਡ ਦੀ ਪ੍ਰੀਖਿਆ ਵਿੱਚ ਭਾਗ ਲਿਆ ਸੀ ਜਿਸ ਵਿੱਚ ਵਿਦਿਆਰਥੀਆਂ ਵਲੋ ਕੀਤੀ ਗਈ ਲਗਨ ਨਾਲ ਪੜ੍ਹਾਈ ਸਦਕਾ ਬਹੁਤ ਵਧੀਆ ਅੰਕ ਪ੍ਰਾਪਤ ਕੀਤੇ ਗਏ ਹਨ ਉਹਨਾ ਕਿਹਾ ਕਿ ਸਾਡੇ ਸਕੂਲ ਦੀ ਇੱਕ ਵਿਦਿਆਰਥਨ ਜਸਮੀਨ ਕੌਰ ਹੈ ਜਿਸਨੇ 95% ਅੰਕ ਪ੍ਰਾਪਤ ਕਰਕੇ ਜਿਥੇ ਪੂਰੇ ਪੰਜਾਬ ਵਿਚ ਸਕੂਲ਼ ਦਾ ਨਾਮ ਰੌਸ਼ਨ ਕੀਤਾ ਹੈ ਉੱਥੇ ਜਨਮ ਤੋ ਪਹਿਲਾ ਕੁੱਖ ਵਿਚ ਮਾਰਨ ਵਾਲੀਆ ਧੀਆ ਦੇ ਮਾਪਿਆਂ ਦੀ ਸੌਚ ਨੂੰ ਬਦਲਨ ਲਈ ਚੰਗੇ ਅੰਕ ਪ੍ਰਾਪਤ ਕਰਕੇ ਇਕ ਵਧੀਆ ਸੰਕੇਤ ਵੀ ਦਿੱਤਾ ਹੈ ਜੇਕਰ ਬਾਕੀ ਵਿਦਿਆਰਥਨਾਂ ਦੀ ਗੱਲ ਕਰੀਏ ਤਾਂ ਮੁਸਕਾਨ ਦੀਪ ਕੌਰ, ਮੰਨਤਪ੍ਰੀਤ ਕੌਰ, ਸੁਪਨਦੀਪ ਕੌਰ, ਨੇ 95% ਅੰਕ ਪ੍ਰਾਪਤ ਕੀਤੇ ਅਤੇ ਖੁਸਨਾਜ ਕੌਰ, ਕੋਮਲਪ੍ਰੀਤ ਕੌਰ , ਰਵਲੀਨ ਕੌਰ ਨੇ 93% ਅੰਕ ਪ੍ਰਾਪਤ ਕੀਤੇ ਹਨ ’ਤੇ 19 ਵਿਦਿਆਰਥੀਆਂ ਨੇ 90% ਤੋਂ ਵੱਧ ਅੰਕ ਪ੍ਰਾਪਤ ਕੀਤੇ ਹਨ ਜਿੱਸ ਲੜੀ ਤਹਿਤ ਸਕੂਲ ਦੇ 35 ਵਿਦਿਆਰਥੀਆਂ ਨੇ 85% ਤੋਂ ਵੱਧ ਅੰਕ ਪ੍ਰਾਪਤ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ। ਇਸ ਮੌਕੇ ਬੱਚਿਆਂ ਦੇ ਮਾਪਿਆਂ ਨਾਲ ਗੱਲਬਾਤ ਕੀਤੀ ਤਾਂ ਉਹਨਾਂ ਸਭ ਤੋਂ ਪਹਿਲਾਂ ਸਕੂਲ ਦੇ ਪ੍ਰਿੰਸੀਪਲ ਸ੍ਰੀਮਤੀ ਪਰਮੀਤ ਕੌਰ ਅਤੇ ਇਜੀ:, ਕਰਨਬੀਰ ਸਿੰਘ ਦਾ ਦਿਲ ਦੀਆਂ ਗਹਿਰਾਈਆਂ ਤੋਂ ਨਿੱਘਾ ਧੰਨਵਾਦ ਕੀਤਾ ਜਿਨਾਂ ਦੇ ਯੋਗ ਉਪਰਾਲੇ ਅਤੇ ਲਗਨ ਨਾਲ ਪੜਾਏ ਜਾਣ ਕਰਕੇ ਬੱਚਿਆਂ ਦੇ ਮਾਪਿਆਂ ਦਾ ਜਿੱਥੇ ਮਾਨ ਨਾਲ ਸਿਰ ਉੱਚਾ ਹੋਇਆ ਹੈ ਉਸ ਦੇ ਨਾਲ ਸਕੂਲ ਦਾ ਨਾਮ ਵੀ ਰੌਸ਼ਨ ਹੋਇਆ ਹੈ ਉਹਨਾ ਕਿਹਾ ਕਿ ਸਾਡੇ ਬੱਚੇ ਮਸੂਰੀ ਇੰਟਰਨੈਸ਼ਨਲ ਪਬਲਿਕ ਸਕੂਲ ਵਿਚ ਪੜ੍ਹ ਰਹੇ ਹਨ ਜਿਸ ਨਾਲ ਅਸੀਂ ਆਪਣੇ ਆਪ ਨੂੰ ਸੁਰੱਖਿਅਤ ਮਹਿਸੂਸ ਕਰਦੇ ਹਾ। ਮਾਪਿਆ ਵਲੋ ਸਾਰੇ ਸਕੂਲ ਦੇ ਸਟਾਫ ਦਾ ਵੀ ਦਿਲੋਂ ਧੰਨਵਾਦ ਕਰਦੇ ਹਾਂ ।ਇਸ ਮੌਕੇ ਚੇਅਰਮੈਨ ਇਜ:ਕਰਨਬੀਰ ਸਿੰਘ ਥਿੰਦ ’,ਤੇ ਸੁਖਜੀਤ ਸਿੰਘ ਨੇ ਵਿਦਿਆਰਥੀਆਂ ਨੂੰ ਸ਼ੁਭਕਾਮਨਾਮਾ ਦਿੱਤੀਆਂ ਅਤੇ ਅਧਿਆਪਕਾਂ ਨੂੰ ਹੋਰ ਲਗਨ ਨਾਲ ਪੜਾਉਣ ਲਈ ਪ੍ਰੇਰਿਆ ਗਿਆ । ਇਸ ਮੌਕੇ ਮਨਜਿੰਦਰ ਸਿੰਘ, ਰਵਜੀਤ ਕੌਰ, ਅਰਵਿੰਦਰ ਕੌਰ, ਅਮਨਦੀਪ ਸਿੰਘ ,ਕਵਲਪ੍ਰੀਤ ਕੌਰ, ਮਨਦੀਪ ਕੌਰ, ਮਨਜੋਤ ਕੌਰ, ਰਾਜਬੀਰ ਕੌਰ, ਆਦਿ ਨੇ ਬੱਚਿਆਂ ਅਤੇ ਉਹਨਾ ਦੇ ਮਾਪਿਆਂ ਨੂੰ ਵਧਾਈਆ ਦਿੱਤੀਆਂ।

# ਲੋਕ ਸਭਾ ਚੋਣਾਂ ’ਚ ਪੰਜਾਬ ਦੀਆਂ 13 ਸੀਟਾਂ ਤੇ ਕਾਂਗਰਸ ਦੀ ਜਿੱਤ ਯਕੀਨੀ

ਚੋਹਲਾ ਸਾਹਿਬ 20 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)-ਲੋਕ ਸਭਾ ਚੋਣਾਂ ਵਿੱਚ ਪੰਜਾਬ ਦੀਆਂ 13 ਸੀਟਾਂ ਤੇ ਕਾਂਗਰਸ ਦੀ ਜਿੱਤ ਯਕੀਨੀ ਹੈ ਕਿਉਂਕਿ ਪੰਜਾਬ ਦੇ ਲੋਕ ਭਾਜਪਾ,ਅਕਾਲੀ ਦਲ ਤੇ ਆਮ ਪਾਰਟੀ ਦੇ ਝੂਠਿਆਂ ਲਾਰਿਆਂ ਤੋਂ ਭਲੀ ਭਾਂਤ ਜਾਣ ਚੁੱਕੇ ਹਨ ਕੀ ਇਨਾਂ ਕੋਲ ਪੰਜਾਬ ਦੀ ਭੋਲੀ ਭਾਲੀ ਜਨਤਾ ਨੂੰ ਵੱਡੇ ਵੱਡੇ ਖਵਾਬ ਵਿਖਾ ਕੇ ਵੋਟਾਂ ਹਾਸਲ ਕਰਨ ਤੋਂ ਸਿਵਾਏ ਹੋਰ ਕੁਝ ਨਹੀਂ ਹੈ। ਪੰਜਾਬ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਨੂੰ ਦੋ ਸਾਲ ਤੋਂ ਉਪਰ ਹੋ ਚੁੱਕੇ ਹਨ ਪਰ ਇਹਨਾਂ ਨੇ ਸਿਵਾਏ ਲਾਰਿਆਂ ਤੋਂ ਪੰਜਾਬ ਦੀ ਜਨਤਾ ਨੂੰ ਹੋਰ ਕੁਝ ਨਹੀਂ ਦਿੱਤਾ ।ਇੰਨਾ ਸ਼ਬਦਾਂ ਦਾ ਪ੍ਰਗਟਾਵਾ ਹਲਕਾ ਖਡੂਰ ਸਾਹਿਬ ਦੇ ਸੀਨੀਅਰ ਆਗੂ ਅਤੇ ਨੌਜਵਾਨ ਸਰਪੰਚ ਮਹਿੰਦਰ ਸਿੰਘ ਚੰਬਾ ਨੇਂ ਕੀਤਾ,ਉਨ੍ਹਾਂ ਕਿਹਾ ਕਿ ਚੋਣਾਂ ਤੋਂ ਪਹਿਲਾਂ ਆਮ ਆਦਮੀ ਪਾਰਟੀ ਨੇ ਸਾਡੀਆਂ ਮਾਵਾਂ ਭੈਣਾਂ ਨੂੰ ਹਜ਼ਾਰ ਰੁਪਏ ਹਰ ਮਹੀਨੇ ਦੇਣ ਦਾ ਵਾਅਦਾ ਕੀਤਾ ਸੀ ਪਰ ਇਹ ਆਪਣੇ ਕੀਤੇ ਵਾਅਦੇ ਤੋਂ ਮੁਕਦੇ ਹੋਏ ਨਜ਼ਰ ਆ ਰਹੇ ਹਨ ।ਉਹਨਾਂ ਕਿਹਾ ਕਿ ਪੰਜਾਬ ਦੀ ਜਨਤਾ ਇੱਕ ਵਾਰ ਤਾਂ ਇਹਨਾਂ ਦੇ ਝੂਠਿਆਂ ਲਾਰਿਆਂ ਵਿੱਚ ਤਾਂ ਫਸ ਗਈ ਪਰ ਹੁਣ ਮੌਕਾ ਆ ਗਿਆ ਹੈ ਲੋਕਾਂ ਨੂੰ ਆਪਣਾ ਹੱਕ ਲੈਣ ਲਈ ਲੋਕ ਹੁਣ ਦੁਬਾਰਾ ਕਾਂਗਰਸ ਪਾਰਟੀ ਦੇ ਉਮੀਦਵਾਰ ਹੀ ਜਿਤਾਉਣਗੇ ।ਇਸ ਮੌਕੇ ਸਰਪੰਚ ਧਰਮ ਸਿੰਘ ਚੰਬਾ ਹਵੇਲੀਆਂ,ਕਰਮ ਸਿੰਘ ਪ੍ਰਧਾਨ ਚੰਬਾ ਹਵੇਲੀਆਂ,ਗੁਰਸੇਵਕ ਸਿੰਘ ਮੈਂਬਰ,ਗੁਰਚੇਤਨ ਸਿੰਘ ਮੈਂਬਰ,ਮਨਜਿੰਦਰ ਸਿੰਘ ਮਨੀ ਖੱਬਾ,ਹੀਰਾ ਸਿੰਘ ਮੈਂਬਰ,ਬਲਬੀਰ ਸਿੰਘ ਗਰਾਣਾ,ਸੁਖਬੀਰ ਸਿੰਘ ਮੈਂਬਰ,ਗੁਰਦਾਸ ਸਿੰਘ ਮੈਂਬਰ,ਜਗਤਾਰ ਸਿੰਘ ਢੇਗੀ ਵਾਲਾ,ਮਹਿੰਦਰ ਸਿੰਘ ਘੜੁੱਕੇ ਵਾਲਾ,ਲਖਬੀਰ ਸਿੰਘ ਚੰਬਾ,ਕੁਲਵੰਤ ਸਿੰਘ ਘੋਗਾ,ਸੁਰਜੀਤ ਸਿੰਘ ਖੱਬਾ,ਪ੍ਰਤਾਪ ਸਿੰਘ ਸੇਠ,ਹਰਜਿੰਦਰ ਸਿੰਘ ਦੁਆਬੀਆ,ਸਰਬਜੀਤ ਸਿੰਘ ਆਦਿ ਹਾਜਿਰ ਸਨ।

### ਗੁਰਦੁਆਰਾ ਸੰਨ੍ਹ ਸਾਹਿਬ ਵਿਖੇ

# ਮੀਨਾਕਾਰੀ ਤੇ ਸੁੰਦਰੀਕਰਨ ਦੀ ਸੇਵਾ ਮੁਕੰਮਲ ਹੋਣ ’ਤੇ ਸੰਗਤ ਅਰਪਣ



**ਨਵੀਂ ਦਿੱਲੀ, 20 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ)**:-ਤੀਜੇ ਪਾਤਸ਼ਾਹ ਸ੍ਰੀ ਗੁਰੂ ਅਮਰਦਾਸ ਜੀ ਨਾਲ ਸਬੰਧਤ ਇਤਿਹਾਸਕ ਅਸਥਾਨ ਗੁਰਦੁਆਰਾ ਸੰਨ੍ਹ ਸਾਹਿਬ ਬਾਸਰਕੇ ਦਾ ਮੁੱਖ ਦਰਬਾਰ ਮੀਨਾਕਾਰੀ ਤੇ ਸੁੰਦਰੀਕਰਨ ਦੀ ਸੇਵਾ ਮੁਕੰਮਲ ਹੋਣ ’ਤੇ ਅੱਜ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਵੱਲੋਂ ਪ੍ਰਮੁੱਖ ਸ਼ਖ਼ਸੀਅਤਾਂ ਦੀ ਹਾਜ਼ਰੀ ਵਿਚ ਸੰਗਤ ਅਰਪਣ ਕੀਤਾ ਗਿਆ। ਇਸ ਮੌਕੇ ਗੁਰਦੁਆਰਾ ਸਾਹਿਬ ਵਿਖੇ ਤਿਆਰ ਕੀਤੇ ਗਏ ਨਵੇਂ ਪ੍ਰਬੰਧਕੀ ਬਲਾਕ ਅਤੇ ਮੀਟਿੰਗ ਹਾਲ ਦਾ ਵੀ ਉਦਘਾਟਨ ਕੀਤਾ ਗਿਆ। ਸ਼੍ਰੋਮਣੀ ਕਮੇਟੀ ਵੱਲੋਂ ਇਹ ਸੇਵਾ ਕਾਰਸੇਵਾ ਬਾਬਾ ਸੁਬੇਗ ਸਿੰਘ ਸ੍ਰੀ ਗੋਇੰਦਵਾਲ ਸਾਹਿਬ ਵਾਲਿਆਂ ਪਾਸੋਂ ਕਰਵਾਈ ਗਈ ਹੈ।

ਇਸ ਮੌਕੇ ਸ਼੍ਰੋਮਣੀ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਕਿਹਾ ਕਿ ਸ੍ਰੀ ਗੁਰੂ ਅਮਰਦਾਸ ਜੀ ਦਾ 450 ਸਾਲਾ ਜੋਤੀ ਜੋਤਿ ਦਿਵਸ ਸਿੱਖ ਕੌਮ ਸਤੰਬਰ 2024 ਵਿਚ ਖਾਲਸਈ ਜਾਹੋ-ਜਲਾਲ ਨਾਲ ਮਨਾ ਰਹੀ ਹੈ, ਜਿਸ ਨੂੰ ਸਮਰਪਤ ਹੁੰਦਿਆਂ ਗੁਰੂ ਸਾਹਿਬ ਦੇ ਪਾਵਨ ਅਸਥਾਨਾਂ ਦੀ ਸੇਵਾ ਪਹਿਲ ਦੇ ਅਧਾਰ ’ਤੇ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਗੁਰਦੁਆਰਾ ਸੰਨ੍ਹ ਸਾਹਿਬ ਤੀਸਰੇ ਪਾਤਸ਼ਾਹ ਨਾਲ ਸਬੰਧਤ ਮਹੱਤਵਪੂਰਨ ਅਸਥਾਨ ਹੈ, ਜਿਥੇ ਸੰਗਤ ਦੀ ਮੰਗ ਅਨੁਸਾਰ ਮੁੱਖ ਦਰਬਾਰ ਦੀ ਖ਼ੂਬਸੂਰਤੀ ਵਾਸਤੇ ਮੀਨਾਕਾਰੀ ਅਤੇ ਪ੍ਰਬੰਧਕੀ ਬਲਾਕ ਦੀ ਸੇਵਾ ਬਾਬਾ ਸੁਬੇਗ ਸਿੰਘ ਕਾਰਸੇਵਾ ਸ੍ਰੀ ਗੋਇੰਦਵਾਲ ਸਾਹਿਬ ਪਾਸੋਂ ਕਰਵਾਈ ਗਈ ਹੈ। ਉਨ੍ਹਾਂ ਕਿਹਾ ਕਿ ਇਥੇ ਹੋਰ ਵੀ ਸੰਗਤ ਦੀ ਸਹੂਲਤ ਲਈ ਲੋੜੀਂਦੇ ਕਾਰਜ ਕੀਤੇ ਜਾਣਗੇ। ਐਡਵੋਕੇਟ ਧਾਮੀ ਨੇ ਇਹ ਵੀ ਐਲਾਨ ਕੀਤਾ ਕਿ 450 ਸਾਲਾ ਸ਼ਤਾਬਦੀ ਨੂੰ ਸਮਰਪਤ ਇਕ ਵਿਸ਼ਾਲ ਗੁਰਮਤਿ ਸਮਾਗਮ ਵੀ ਗੁਰਦੁਆਰਾ ਸੰਨ੍ਹ ਸਾਹਿਬ ਵਿਖੇ ਕੀਤਾ ਜਾਵੇਗਾ। ਇਸ ਦੌਰਾਨ ਸੀਨੀਅਰ ਅਕਾਲੀ ਆਗੂ ਅਤੇ ਸਾਬਕਾ ਮੰਤਰੀ ਜਥੇਦਾਰ ਗੁਲਜ਼ਾਰ ਸਿੰਘ ਰਣੀਕੇ ਨੇ ਕਿਹਾ ਕਿ ਤੀਸਰੇ ਪਾਤਸ਼ਾਹ ਦੇ ਅਸਥਾਨ ਗੁਰਦੁਆਰਾ ਸੰਨ੍ਹ ਸਾਹਿਬ ਵਿਖੇ ਵਿਕਾਸ ਕਾਰਜ ਕਰਨੇ ਸ਼੍ਰੋਮਣੀ ਕਮੇਟੀ ਦਾ ਸ਼ਲਾਘਾਯੋਗ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਵੱਡੀ ਖ਼ੁਸ਼ੀ ਦੀ ਗੱਲ ਹੈ ਕਿ ਗੁਰੂ ਦਰਬਾਰ ਦੀਆਂ ਸੇਵਾਵਾਂ ਮੁਕੰਮਲ ਹੋਈਆਂ ਹਨ। ਉਨ੍ਹਾਂ ਸ਼੍ਰੋਮਣੀ ਕਮੇਟੀ ਪ੍ਰਧਾਨ ਦੇ ਨਾਲ-ਨਾਲ ਕਾਰਸੇਵਾ ਵਾਲੇ ਮਹਾਂਪੁਰਖਾਂ ਦਾ ਉਚੇਚੇ ਤੌਰ ’ਤੇ ਧੰਨਵਾਦ ਕਰਦਿਆਂ ਆਸ ਪ੍ਰਗਟਾਈ ਕਿ ਸੰਗਤੀ ਲੋੜ ਨੂੰ ਮੁੱਖ ਰੱਖਦਿਆਂ ਇਸੇ ਤਰ੍ਹਾਂ ਹੋਰ ਵੀ ਲੋੜੀਂਦੇ ਕਾਰਜ ਕੀਤੇ ਜਾਣਗੇ। ਇਸ ਮੌਕੇ ਬਾਬਾ ਸੁਬੇਗ ਸਿੰਘ ਨੂੰ ਪ੍ਰਮੁੱਖ ਸ਼ਖ਼ਸੀਅਤਾਂ ਗੁਰੂ ਬਖ਼ਿਸ਼ਸ਼ ਸਿਰੋਪਾਓ ਦੇ ਕੇ ਸਨਮਾਨਿਤ ਵੀ ਕੀਤਾ। ਸਮਾਗਮ ਸਮੇਂ ਸ਼੍ਰੋਮਣੀ ਕਮੇਟੀ ਦੇ ਜਨਰਲ ਸਕੱਤਰ ਭਾਈ ਰਾਜਿੰਦਰ ਸਿੰਘ ਮਹਿਤਾ, ਸ਼੍ਰੋਮਣੀ ਕਮੇਟੀ ਮੈਂਬਰ ਸ. ਮੰਗਵਿੰਦਰ ਸਿੰਘ ਖਾਪੜਖੇੜੀ, ਭਾਈ ਮਨਜੀਤ ਸਿੰਘ, ਸ. ਸੁਰਜੀਤ ਸਿੰਘ ਭਿੱਟੇਵੱਡ, ਅਕਾਲੀ ਆਗੂ ਸ. ਰਣਬੀਰ ਸਿੰਘ ਰਾਣਾ ਲੋਪੋਕੇ, ਬਾਬਾ ਸੁਬੇਗ ਸਿੰਘ ਸ੍ਰੀ ਗੋਇੰਦਵਾਲ ਸਾਹਿਬ, ਬਾਬਾ ਅਵਤਾਰ ਸਿੰਘ ਧੱਤਲ, ਸਕੱਤਰ ਸ. ਪ੍ਰਤਾਪ ਸਿੰਘ, ਓਐਸਡੀ ਸ. ਸਤਬੀਰ ਸਿੰਘ ਧਾਮੀ, ਧਰਮ ਪ੍ਰਚਾਰ ਕਮੇਟੀ ਦੇ ਸਕੱਤਰ ਸ. ਬਲਵਿੰਦਰ ਸਿੰਘ ਕਾਹਲਵਾਂ, ਮੀਤ ਸਕੱਤਰ ਮੀਡੀਆ ਸ. ਹਰਭਜਨ ਸਿੰਘ ਵਕਤਾ, ਕਾਨੂੰਨੀ ਸਲਾਹਕਾਰ ਸ. ਅਮਨਬੀਰ ਸਿੰਘ ਸਿਆਲੀ, ਧਰਮ ਪ੍ਰਚਾਰ ਕਮੇਟੀ ਦੇ ਸੁਪਰਡੈਂਟ ਸ. ਰਾਜਿੰਦਰ ਸਿੰਘ ਰੂਬੀ, ਐਕਸੀਐਨ ਸ. ਜਤਿੰਦਰਪਾਲ ਸਿੰਘ, ਮੈਨੇਜਰ ਸ. ਹਰਜੀਤ ਸਿੰਘ, ਸ. ਹਰਵਿੰਦਰ ਸਿੰਘ ਰੂਪੋਵਾਲੀ, ਸ. ਹਰਵਿੰਦਰ ਸਿੰਘ ਸਤਲਾਣੀ ਸਾਹਿਬ, ਸ. ਦਿਲਰਾਜ ਸਿੰਘ ਗਿੱਲ ਸਮੇਤ ਹੋਰ ਪ੍ਰਮੁੱਖ ਸ਼ਖ਼ਸੀਅਤਾਂ ਅਤੇ ਸੰਗਤਾਂ ਮੌਜੂਦ ਸਨ।

### ਪੇਂਡੂ ਖੇਤਰਾਂ ਵਿੱਚ ਸਥਾਪਿਤ ਫੂਡ ਪ੍ਰੋਸੈਸਿੰਗ ਪਲਾਂਟ ਪੇਂਡੂ ਆਰਥਿਕਤਾ ਦੇ ਵਿਕਾਸ ਦੇ ਇੰਜਣ ਬਣਨਗੇ - ਤਰਨਜੀਤ ਸਿੰਘ ਸੰਧੂ

# ਮਜੀਠਾ ਵਿਧਾਨ ਸਭਾ ਹਲਕੇ ਵਿੱਚ ਕਈ ਸਾਲਾਂ ਤੋਂ ਰਹਿ ਰਹੇ ਪਰਵਾਸੀ ਪਰਿਵਾਰਾਂ ਦੀਆਂ ਔਰਤਾਂ ਦਾ ਇੱਕ ਗਰੁੱਪ ਸੰਧੂ ਨੂੰ ਮਿਲਿਆ



**ਮਜੀਠਾ/ਅੰਮ੍ਰਿਤਸਰ 20 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਜਨਤਾ ਪਾਰਟੀ ਦੇ ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਉਮੀਦਵਾਰ ਅਤੇ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਮਜੀਠਾ ਹਲਕੇ ਵਿੱਚ ਕਈ ਸਾਲਾਂ ਤੋਂ ਰਹਿ ਰਹੇ ਪਰਵਾਸੀ ਪਰਿਵਾਰਾਂ ਦੀਆਂ ਔਰਤਾਂ ਦੇ ਇੱਕ ਸਮੂਹ ਜੋ ਉਨ੍ਹਾਂ ਨੂੰ ਮਿਲਣ ਆਈਆਂ ਸਨ, ਨੂੰ ਨੂੰ ਭਰੋਸਾ ਦਿਤਾ ਕਿ ਲਗਾਤਾਰ ਤੀਜੀ ਵਾਰ ਆਉਣ ਵਾਲੀ ਭਾਜਪਾ ਸਰਕਾਰ ਅਗਲੇ 5 ਸਾਲਾਂ ਤੱਕ ਮੁਫਤ ਰਾਸ਼ਨ ਸਕੀਮ ਜਾਰੀ ਰੱਖੇਗੀ। ਉਨ੍ਹਾਂ ਕਿਹਾ ਕਿ ਅਸੀਂ ਇਹ ਯਕੀਨੀ ਬਣਾਵਾਂਗੇ ਕਿ ਗਰੀਬਾਂ ਦਾ ਭੋਜਨ ਪੌਸ਼ਿਟਕ, ਤਸੱਲੀਬਖਸ਼ ਅਤੇ ਕਿਫਾਇਤੀ ਹੋਵੇ। ਉਨ੍ਹਾਂ ਕਿਹਾ ਕਿ ਹੁਣ ਭਾਜਪਾ ਨੇ ਸੰਕਲਪ ਲਿਆ ਹੈ ਕਿ 70 ਸਾਲ ਤੋਂ ਵੱਧ ਉਮਰ ਦੇ ਹਰੇਕ ਬਜ਼ੁਰਗ ਨੂੰ ਆਯੂਸ਼ਮਾਨ ਯੋਜਨਾ ਦੇ ਦਾਇਰੇ ਵਿੱਚ ਲਿਆਂਦਾ ਜਾਵੇਗਾ। ਗਰੀਬ, ਮੱਧ ਵਰਗ ਜਾਂ ਉੱਚ ਮੱਧ ਵਰਗ, ਹਰ ਕਿਸੇ ਨੂੰ 5 ਲੱਖ ਰੁਪਏ ਤੱਕ ਮੁਫਤ ਇਲਾਜ ਦੀ ਸਹੂਲਤ ਮਿਲੇਗੀ। ਉਨ੍ਹਾਂ ਕਿਹਾ ਕਿ ਭਾਜਪਾ ਸਬਕਾ ਸਾਥ, ਸਬਕਾ ਵਿਕਾਸ ਅਤੇ ਸਬਕਾ ਵਿਸ਼ਵਾਸ ਦੇ ਸੰਕਲਪ ’ਤੇ ਚੱਲ ਰਹੀ ਹੈ। ਇਹ ਭਾਜਪਾ ਦੀ ਭਾਵਨਾ ਹੈ। ਸੰਧੂ ਨੇ ਕਿਹਾ ਕਿ ਅੱਜ ਭਾਰਤ ਔਰਤਾਂ ਦੀ ਅਗਵਾਈ ਵਾਲੇ ਵਿਕਾਸ ਵਿੱਚ ਵਿਸ਼ਵ ਵਿੱਚ ਮੋਹਰੀ ਹੈ। ਪਿਛਲੇ 10 ਸਾਲ ਔਰਤਾਂ ਦੇ ਸਨਮਾਨ ਅਤੇ ਔਰਤਾਂ ਲਈ ਨਵੇਂ ਮੌਕਿਆਂ ਨੂੰ ਸਮਰਪਿਤ ਰਹੇ ਹਨ। ਅਗਲੇ 5 ਸਾਲ ਨਾਰੀ ਸ਼ਕਤੀ ਦੀ ਨਵੀਂ ਭਾਗੀਦਾਰੀ ਦੇ ਹੋਣਗੇ। ਉਨ੍ਹਾਂ ਕਿਹਾ ਕਿ ਅਸੀਂ ਪੇਂਡੂ ਖੇਤਰਾਂ ਨੂੰ ਫੂਡ ਪ੍ਰੋਸੈਸਿੰਗ ਹੱਬ ਬਣਾਉਣਾ ਹੈ। ਇਸ ਨਾਲ ਕਿਸਾਨ ਦਾ ਮੁਨਾਫਾ ਵਧੇਗਾ ਅਤੇ ਰੁਜ਼ਗਾਰ ਦੇ ਨਵੇਂ ਮੌਕੇ ਪੈਦਾ ਹੋਣਗੇ। ਇਹ ਫੂਡ ਪ੍ਰੋਸੈਸਿੰਗ ਪਲਾਂਟ ਪੇਂਡੂ ਅਰਥਚਾਰੇ ਦੇ ਨਵੇਂ ਵਿਕਾਸ ਇੰਜਣ ਬਣ ਜਾਣਗੇ। ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਭਾਜਪਾ ਸਰਕਾਰ ਨੇ ਬੁਨਿਆਦੀ ਢਾਂਚੇ ਦੇ ਨਿਰਮਾਣ ਰਾਹੀਂ ਵੱਡੀ ਗਿਣਤੀ ਵਿੱਚ ਨੌਕਰੀਆਂ ਪੈਦਾ ਕੀਤੀਆਂ ਹਨ। ਪਿਛਲੇ 10 ਸਾਲਾਂ ’ਚ 25 ਕਰੋੜ ਲੋਕਾਂ ਨੂੰ ਗਰੀਬੀ ’ਚੋਂ ਬਾਹਰ ਕੱਢ ਕੇ ਭਾਜਪਾ ਸਰਕਾਰ ਨੇ ਸਾਬਤ ਕਰ ਦਿੱਤਾ ਹੈ ਕਿ ਭਾਜਪਾ ਸਰਕਾਰ ਨਤੀਜੇ ਲੈ ਕੇ ਆਉਂਦੀ ਹੈ। ਭਾਜਪਾ ਨੇ ਗਰੀਬਾਂ ਦੀ ਭਲਾਈ ਲਈ ਕਈ ਯੋਜਨਾਵਾਂ ਦਾ ਵਿਸਥਾਰ ਕਰਨ ਦਾ ਵਾਅਦਾ ਕੀਤਾ ਹੈ। ਮੋਦੀ ਨੇ ਗਾਰੰਟੀ ਦਿੱਤੀ ਹੈ ਕਿ ਸਾਰੇ ਜਨ ਔਸ਼ਧੀ ਕੇਂਦਰਾਂ ’ਤੇ 80 ਫੀਸਦੀ ਛੋਟ ’ਤੇ ਸਸਤੀਆਂ ਦਵਾਈਆਂ ਉਪਲਬਧ ਹੋਣਗੀਆਂ ਅਤੇ ਜਨ ਔਸ਼ਧੀ ਕੇਂਦਰਾਂ ਦਾ ਵੀ ਵਿਸਥਾਰ ਕੀਤਾ ਜਾਵੇਗਾ। ਸੰਧੂ ਨੇ ਵੋਟਰਾਂ ਨੂੰ 1 ਜੂਨ ਨੂੰ ਕਮਲ ਦਾ ਬਟਨ ਦਬਾਉਣ ਅਤੇ ਕੇਂਦਰ ਵਿੱਚ ਮੁੜ ਭਾਜਪਾ ਦੀ ਸਰਕਾਰ ਬਣਾਉਣ ਵਿੱਚ ਅਹਿਮ ਭੂਮਿਕਾ ਨਿਭਾਉਣ ਲਈ ਕਿਹਾ। ਇਸ ਮੌਕੇ ਵਿਧਾਨ ਸਭਾ ਹਲਕਾ ਇੰਚਾਰਜ ਪ੍ਰਦੀਪ ਸਿੰਘ ਭੁੱਲਰ, ਪ੍ਰੋ. ਸਰਚਾਂਦ ਸਿੰਘ ਖੈਲਾ, ਧਰਮਪਾਲ ਕੁਲੀਆਂ, ਰਵੀ ਕੁਮਾਰ, ਅਸ਼ਵਨੀ ਕੁਮਾਰ, ਜਸਪਾਲ ਕਰਨਾਲਾ ਆਦਿ ਹਾਜ਼ਰ ਸਨ।

# ਹਰਿਆਣਾ ਕਮੇਟੀ ਧਰਮ ਪ੍ਰਚਾਰ ਦੇ ਸਮੂਹ ਪ੍ਰਚਾਰਕਾਂ ਦੀਆਂ ਮੁਸ਼ਕਿਲਾਂ ਨੂੰ ਜਲਦ ਕੀਤਾ ਜਾਵੇਗਾ ਦੂਰ ਤੇ ਪ੍ਰਚਾਰ ਲਹਿਰ ਨੂੰ ਕੀਤਾ ਜਾਵੇਗਾ ਪ੍ਰਚੰਡ- ਜਥੇਦਾਰ ਦਾਦੂਵਾਲ



**ਤਲਵੰਡੀ ਸਾਬੋ, 20 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**- ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਧਰਮ ਪ੍ਰਚਾਰ ਦੇ ਚੇਅਰਮੈਨ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਨੇ ਪਿਛਲੇ ਦਿਨੀ ਹਰਿਆਣਾ ਕਮੇਟੀ ਦੇ ਮੁੱਖ ਦਫਤਰ ਗੁਰਦੁਆਰਾ ਸਾਹਿਬ ਪਾਤਸ਼ਾਹ ਛੇਵੀਂ ਕੁਰੂਕਸ਼ੇਤਰ ਵਿਖੇ ਧਰਮ ਪ੍ਰਚਾਰ ਵਿੰਗ ਦੇ ਅਧੀਨ ਆਉਂਦੇ ਸਮੂੰਹ ਦਫਤਰੀ ਮੁਲਾਜ਼ਮਾਂ ਅਤੇ ਕਥਾਵਾਚਕ ਢਾਡੀ ਕਵੀਸ਼ਰ ਪ੍ਰਚਾਰਕ ਸਿੰਘਾਂ ਦੀ ਮੀਟਿੰਗ ਕਰਕੇ ਉਨਾਂ ਦੀਆਂ ਮੁਸ਼ਿਕਲਾਂ ਨੂੰ ਸੁਣਿਆ ਅਤੇ ਧਰਮ ਪ੍ਰਚਾਰ ਲਹਿਰ ਨੂੰ ਹੋਰ ਪ੍ਰਚੰਡ ਕਰਨ ਲਈ ਉਨਾਂ ਦੇ ਸੁਝਾਅ ਲਏ ਅਤੇ ਆਪਣੇ ਵੱਲੋਂ ਦਿਸ਼ਾ ਨਿਰਦੇਸ਼ ਦਿੱਤੇ ਮੀਡੀਆ ਨੂੰ ਪ੍ਰੈਸਨੋਟ ਜਾਰੀ ਕਰਦਿਆਂ ਧਰਮ ਪ੍ਰਚਾਰ ਸਕੱਤਰ ਭਾਈ ਸਰਬਜੀਤ ਸਿੰਘ ਜੰਮੂ ਨੇ ਜਾਣਕਾਰੀ ਦਿੱਤੀ ਕਿ ਮੀਟਿੰਗ ਦੌਰਾਨ ਕਥਾਵਾਚਕ ਢਾਡੀ ਕਵੀਸ਼ਰ ਪ੍ਰਚਾਰਕ ਸਿੰਘਾਂ ਨੇ ਚੇਅਰਮੈਨ ਜਥੇਦਾਰ ਦਾਦੂਵਾਲ ਜੀ ਨੂੰ ਕੁਝ ਸੁਝਾਅ ਦਿੱਤੇ ਅਤੇ ਕੁਝ ਮੁਸ਼ਿਕਲਾਂ ਦੱਸੀਆਂ ਸਨ ਜਿੰਨਾ ਉੱਪਰ ਜਥੇਦਾਰ ਦਾਦੂਵਾਲ ਨੇ ਤੁਰੰਤ ਐਕਸ਼ਨ ਲੈਂਦਿਆਂ ਕਮੇਟੀ ਵੱਲੋਂ ਗੁਰਦੁਆਰਾ ਨਾਢਾ ਸਾਹਿਬ ਤੋਂ ਲਾਈਵ ਪ੍ਰਸਾਰਨ ਦੌਰਾਨ ਆਪਣੇ ਪ੍ਰਚਾਰਕਾਂ ਨੂੰ ਪਹਿਲ ਦੇ ਅਧਾਰ ਤੇ ਸਮਾਂ ਦੇਣ ਦੇ ਨਿਰਦੇਸ਼ ਜਾਰੀ ਕੀਤੇ ਹਰਿਆਣਾ ਅੰਦਰ ਕਮੇਟੀ ਦੇ ਪ੍ਰਬੰਧ ਹੇਠ ਚੱਲ ਰਹੇ ਗੁਰਦੁਆਰਿਆਂ ਚ ਜਿੰਨੇ ਵੀ ਗੁਰਪੁਰਬ ਹਫਤਾਵਾਰੀ ਜਾਂ ਮਹੀਨਾਵਾਰ ਧਾਰਮਿਕ ਸਮਾਗਮ ਕਰਵਾਏ ਜਾਂਦੇ ਹਨ ਉਹਨਾਂ ਵਿੱਚ ਪਹਿਲ ਦੇ ਅਧਾਰ ਤੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਇਨਾਂ ਪ੍ਰਚਾਰਕਾਂ ਨੂੰ ਸਮਾਂ ਦੇਣ ਦੇ ਜਥੇਦਾਰ ਦਾਦੂਵਾਲ ਨੇ ਨਿਰਦੇਸ਼ ਜਾਰੀ ਕੀਤੇ ਉਨਾਂ ਕਿਹਾ ਕਿ ਬਾਹਰੋਂ ਪੰਥ ਪ੍ਰਸਿੱਧ ਜਥੇ ਜਾਂ ਹਜੂਰੀ ਰਾਗੀ ਦਰਬਾਰ ਸਾਹਿਬ ਦੇ ਜਥਿਆਂ ਨੂੰ ਵੀ ਸੰਗਤਾਂ ਦੀ ਮੰਗ ਅਨੁਸਾਰ ਧਰਮ ਪ੍ਰਚਾਰ ਲਈ ਬੇਨਤੀ ਕਰਕੇ ਬੁਲਾਇਆ ਜਾਵੇਗਾ ਪਰ ਹਰਿਆਣਾ ਕਮੇਟੀ ਵਿੱਚ ਕੰਮ ਕਰ ਰਹੇ ਜੱਥਿਆਂ ਨੂੰ ਵੀ ਪੂਰੀ ਅਹਿਮੀਅਤ ਦਿੱਤੀ ਜਾਵੇਗੀ ਜਥੇਦਾਰ ਦਾਦੂਵਾਲ ਨੇ ਕਿਹਾ ਕੇ ਧਰਮ ਪ੍ਰਚਾਰ ਅੰਮ੍ਰਿਤ ਸੰਚਾਰ ਲਈ ਜਾਂਦੇ ਜੱਥਿਆਂ ਪੰਜ ਪਿਆਰਿਆਂ ਦੇ ਵਾਸਤੇ ਵੀ ਸਾਧਨ ਦੀ ਘਾਟ ਹੈ ਜਿਨਾਂ ਵਾਸਤੇ ਸਾਧਨ ਦੀ ਅਤਿਅੰਤ ਲੋੜ ਹੈ ਜਥੇਦਾਰ ਦਾਦੂਵਾਲ ਨੇ ਅਪੀਲ ਕੀਤੀ ਕੇ ਧਰਮ ਪ੍ਰਚਾਰ ਲਈ ਖਰੀਦੀਆਂ ਗੱਡੀਆਂ ਜੋ ਅੰਤ੍ਰਿੰਗ ਮੈਂਬਰਾਂ ਨੇ ਹਾਈਕੋਰਟ ਦੇ ਫੈਸਲੇ ਤੋਂ ਬਾਅਦ ਘਰਾਂ ਵਿੱਚ ਖੜਾ ਕੇ ਬੈਠੇ ਹਨ ਕਿਰਪਾ ਪੂਰਵਕ ਉਹ ਗੱਡੀਆਂ ਮੁੱਖ ਦਫਤਰ ਵਿਖੇ ਭੇਜ ਦੇਣੀਆਂ ਚਾਹੀਦੀਆਂ ਹਨ ਉਨਾਂ ਨੂੰ ਧਰਮ ਪ੍ਰਚਾਰ ਲਈ ਦਫ਼ਤਰ ਵਰਤ ਸਕੇ ਉਹ ਗੱਡੀਆਂ ਕਿਸੇ ਦੀ ਨਿੱਜੀ ਜਾਇਦਾਦ ਨਹੀਂ ਹਨ ਬਿਨਾਂ ਕਾਰਣ ਗੱਡੀਆਂ ਦੀ ਘਰੇਲੂ ਵਰਤੋਂ ਕਰਨੀ ਵੀ ਭਰਿਸ਼ਟਾਚਾਰ ਹੈ ਤੇ ਕਿਸੇ ਮੈਂਬਰ ਵੱਲੋਂ ਧਰਮ ਪ੍ਰਚਾਰ ਦੇ ਕਾਰਜਾਂ ਵਿੱਚ ਰੁਕਾਵਟ ਖੜੀ ਕਰਨਾ ਵੀ ਜਾਇਜ਼ ਨਹੀਂ ਹੈ।

# ਖਰਾਬ ਮੌਸਮ ਦੇ ਬਾਵਜੂਦ ਭਾਰਤੀ ਕਿਸਾਨ ਯੂਨੀਅਨ ਪੰਜਾਬ ਵੱਲੋਂ ਅਲੱਗ -ਅਲੱਗ ਪਿੰਡਾਂ ਵਿਚ ਇਕਾਈਆਂ ਬਣਾਈਆਂ

- ☛ ਸੈਂਕੜਿਆਂ ਦੀ ਤਾਦਾਦ ਵਿਚ ਕਿਸਾਨਾਂ ਵੱਲੋਂ ਸ਼ਮੂਲੀਅਤ ਕੀਤੀ
- ☛ ਭਾਰੀ ਬਾਰਸ਼ ਵਿਚ ਫੁਰਮਾਨ ਸਿੰਘ ਸੰਧੂ ਵੱਲੋਂ ਮੰਡੀਆਂ ਦਾ ਦੌਰਾ



**ਨਕੋਦਰ ਮਹਿਤਪੁਰ ,19 ਅਪ੍ਰੈਲ (ਹਰਜਿੰਦਰ ਪਾਲ ਛਾਬੜਾ)**-ਅੱਜ ਖਰਾਬ ਮੌਸਮ ਤੇ ਭਾਰੀ ਬਾਰਸ਼ ਦੇ ਬਾਵਜੂਦ ਪਿੰਡ ਰਾਏਪੁਰ ਅਰਾਈਆ ਵਿਖੇ ਗੁਰਦੁਆਰਾ ਸਾਹਿਬ ਦੇ ਹਾਲ ਵਿਚ ਭਾਰਤੀ ਕਿਸਾਨ ਯੂਨੀਅਨ ਪੰਜਾਬ ਦੇ ਕੋਰ ਕਮੇਟੀ ਮੈਂਬਰ ਨਰਿੰਦਰ ਸਿੰਘ ਬਾਜਵਾ, ਸੂਬਾ ਕਮੇਟੀ ਮੈਂਬਰ ਲਖਬੀਰ ਸਿੰਘ ਗੋਬਿੰਦਪੁਰ , ਜ਼ਿਲ੍ਹਾ ਪ੍ਰਧਾਨ ਰਮਨਜੀਤ ਸਿੰਘ ਸਮਰਾ ਵੱਲੋਂ ਇਕ ਹੰਗਾਮੀ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿਚ ਇਲਾਕੇ ਭਰ ਦੇ ਅਲੱਗ – ਅਲੱਗ ਪਿੰਡਾਂ ਤੋਂ ਆਏ ਸੈਂਕੜੇ ਕਿਸਾਨ ਵੀਰਾਂ ਵੱਲੋਂ ਭਾਈ ਗਿਣਤੀ ਵਿਚ ਸਮੂਲੀਅਤ ਕੀਤੀ ਗਈ। ਇਸ ਮੌਕੇ ਕਿਸਾਨ ਯੂਨੀਅਨ ਦੇ ਮੁੱਖ ਬੁਲਾਰੇ ਸਰਵਣ ਸਿੰਘ ਜੱਜ ਵੱਲੋਂ ਕਿਸਾਨ ਵੀਰਾਂ ਨੂੰ ਸੰਬੋਧਨ ਕਰਦਿਆਂ ਅਨੁਸ਼ਾਸਨ ਵਿਚ ਰਹਿ ਕੇ ਜਮਹੂਰੀਅਤ ਢੰਗ ਨਾਲ ਹੱਕੀ ਮੰਗਾਂ ਬਾਬਤ ਲੜਾਈ ਲੜਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਭਾਰਤੀ ਕਿਸਾਨ ਯੂਨੀਅਨ ਪੰਜਾਬ ਦੇ ਸੂਬਾ ਪ੍ਰਧਾਨ ਫੁਰਮਾਨ ਸਿੰਘ ਸੰਧੂ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪੂਰੇ ਪੰਜਾਬ ਦੇ ਜ਼ਿਲਿਆਂ ਵਿਚ ਅਲੱਗ ਅਲੱਗ ਇਲਾਕਿਆਂ ਦੇ ਪਿੰਡਾ ਵਿਚ ਇਕਾਈਆਂ ਦਾ ਗਠਨ ਕੀਤਾ ਜਾ ਰਿਹਾ ਹੈ। ਇਸ ਮੌਕੇ ਕੋਰ ਕਮੇਟੀ ਮੈਂਬਰ ਨਰਿੰਦਰ ਸਿੰਘ ਬਾਜਵਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਕਿਹਾ ਕਿ ਖਰਾਬ ਮੌਸਮ ਦੇ ਬਾਵਜੂਦ ਕਿਸਾਨਾਂ ਦਾ ਅੱਜ ਦੀ ਮੀਟਿੰਗ ਵਿਚ ਸੈਂਕੜਿਆਂ ਦੀ ਤਾਦਾਦ ਵਿਚ ਪੁੱਜਣਾ ਚੜਦੀ ਕਲਾ ਦਾ ਪ੍ਰਤੀਕ ਹੈ। ਉਨ੍ਹਾਂ ਕਿਹਾ ਕਿ ਮੀਟਿੰਗ ਸੂਬਾ ਪ੍ਰਧਾਨ ਫੁਰਮਾਨ ਸਿੰਘ ਸੰਧੂ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਕੀਤੀ ਗਈ ਹੈ ਅਚਾਨਕ ਤੇਜ਼ ਬਾਰਸ਼ ਤੇ ਖਰਾਬ ਮੌਸਮ ਹੋਣ ਕਰਕੇ ਪ੍ਰਧਾਨ ਜੀ ਮੰਡੀਆਂ ਦੇ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਚਲੇ ਗਏ ਹਨ। ਉਨ੍ਹਾਂ ਕਿਹਾ ਕਿ ਫੁਰਮਾਨ ਸਿੰਘ ਸੰਧੂ ਦੁਆਰਾ ਭਾਰੀ ਬਾਰਸ਼ ਦੌਰਾਨ ਮੰਡੀਆਂ ਦਾ ਦੌਰਾ ਕੀਤਾ ਹੈ ਅਤੇ ਦੇਖਣ ਵਿਚ ਆਇਆ ਹੈ ਕਿ ਮੰਡੀਆਂ ਵਿਚ ਸਰਕਾਰ ਵੱਲੋਂ ਪੁਖਤਾ ਪ੍ਰਬੰਧਾਂ ਦੀ ਘਾਟ ਰੜਕ ਰਹੀ ਹੈ ।ਇਸ ਮੌਕੇ ਜ਼ਿਲਾ ਪ੍ਰਧਾਨ ਰਮਨਜੀਤ ਸਿੰਘ ਸਮਰਾ, ਕਿਸਾਨ ਆਗੂ ਗੁਰਦੀਪ ਸਿੰਘ ਵੱਲੋਂ ਵੀ ਸੰਬੋਧਨ ਕੀਤਾ। ਇਸ ਮੀਟਿੰਗ ਦੌਰਾਨ ਪਿੰਡ ਗੋਬਿੰਦਪੁਰ ਦੀ ਇਕਾਈ ਦੌਰਾਨ ਬਲਜੀਤ ਸਿੰਘ ਪ੍ਰਧਾਨ, ਮਹਿੰਦਰ ਸਿੰਘ ਸੀਨੀਅਰ ਮੀਤ ਪ੍ਰਧਾਨ, ਨਿਰਮਲ ਸਿੰਘ ਖਜਾਨਚੀ, ਅਵਤਾਰ ਸਿੰਘ ਮੀਤ ਪ੍ਰਧਾਨ, ਸੁਖਜਿੰਦਰ ਸਿੰਘ ਮੈਂਬਰ, ਕਰਮ ਸਿੰਘ ਕਮੇਟੀ ਮੈਂਬਰ, ਗੁਰਪ੍ਰੀਤ ਸਿੰਘ ਸਕੱਤਰ, ਇਕਾਈ ਰਾਏਪੁਰ ਅਰਾਈਆ ਅਸ਼ੋਕ ਕੁਮਾਰ ਪ੍ਰਧਾਨ, ਗੁਰਪ੍ਰੀਤ ਸਿੰਘ ਸ਼ੇਰਾ ਮੀਤ ਪ੍ਰਧਾਨ, ਇੰਦਰ ਸਿੰਘ ਸਕੱਤਰ, ਮੈਂਬਰ ਬਲਵੀਰ ਸਿੰਘ, ਰਵਿੰਦਰ ਸਿੰਘ, ਗੁਰਬਖਸ਼ ਸਿੰਘ, ਰਾਮ ਸਿੰਘ ਕਸ਼ਮੀਰ ਸਿੰਘ, ਇਕਾਈ ਰਾਏਪੁਰ ਗੁਜਰਾਂ ਮੱਖਣ ਸਿੰਘ ਪ੍ਰਧਾਨ, ਸਤਵੀਰ ਸਿੰਘ ਮੀਤ ਪ੍ਰਧਾਨ, ਸੁਖਦੇਵ ਸਿੰਘ ਮੈਂਬਰ, ਜਸਵਿੰਦਰ ਸਿੰਘ ਸੋਨੂੰ ਮੈਂਬਰ, ਸੁਭਾਸ਼ ਸਿੰਘ ਮੈਂਬਰ, ਰਾਜਵਿੰਦਰ ਸਿੰਘ ਮੈਂਬਰ, ਇਕਾਈ ਬੀਠਲ ਝੁਗੀਆਂ ਪ੍ਰਧਾਨ ਸੁਖਬੀਰ ਸਿੰਘ, ਮੀਤ ਪ੍ਰਧਾਨ ਸਰਬਜੀਤ ਸਿੰਘ, ਨਰਿੰਦਰ ਸਿੰਘ ਮੈਂਬਰ, ਕੁਲਵੰਤ ਸਿੰਘ ਮੈਂਬਰ, ਭੁਪਿੰਦਰ ਸਿੰਘ ਮੈਂਬਰ ਚੁਣੇ ਗਏ। ਚੁੱਣੇ ਗਏ ਕਿਸਾਨ ਅਹੁਦੇਦਾਰਾਂ ਨੂੰ ਯੂਨੀਅਨ ਵੱਲੋਂ ਹਾਰ ਪਾ ਕੇ ਜੈਕਾਰੇ ਗਜਾਉਂਦਿਆ ਪ੍ਰਵਾਨਗੀ ਦਿੱਤੀ। ਇਸ ਇਸ ਮੌਕੇ ਲਖਵੀਰ ਸਿੰਘ ਗੋਬਿੰਦਪੁਰ ਤਾਲਮੇਲ ਕਮੇਟੀ ਪੰਜਾਬ, ਨਰਿੰਦਰ ਸਿੰਘ ਬਾਜਵਾ ਆਦਰਮਾਨ ਕੋਰ ਕਮੇਟੀ ਮੈਂਬਰ ਪੰਜਾਬ, ਜਿਲਾ ਪ੍ਰਧਾਨ ਰਮਨਜੀਤ ਸਿੰਘ ਸਮਰਾ, ਸੋਢੀ ਸਿੰਘ ਸਰਪੰਚ ਜ਼ਿਲ੍ਹਾ ਮੀਤ ਪ੍ਰਧਾਨ ਜਲੰਧਰ, ਗੁਰਦੀਪ ਸਿੰਘ ਖਜਾਨਚੀ, ਰਣਜੀਤ ਸਿੰਘ ਬਲਾਕ ਪ੍ਰਧਾਨ ਯੂਥ, ਜਸਪਾਲ ਸਿੰਘ ਤਹਿਸੀਲ ਯੂਥ ਪ੍ਰਧਾਨ, ਮਹਿੰਦਰ ਪਾਲ ਸਿੰਘ ਬਲਾਕ ਪ੍ਰਧਾਨ ਨੂਰਮਹਿਲ, ਸਰਬਣ ਸਿੰਘ ਜੱਜ ਮੁਖ ਬੁਲਾਰਾ ਜਲੰਧਰ, ਨਿਰਮੋਹ ਸਿੰਘ, ਸੁਰਜੀਤ ਸਿੰਘ ਬਾਗੀ ਵਾਲ, ਇਕਬਾਲ ਸਿੰਘ ਲੋਹਗੜ੍ਹ, ਮਹਿੰਦਰ ਸਿੰਘ ਅਵਾਣ ਖਾਲਸਾ, ਹਰਭਜਨ ਸਿੰਘ, ਪੂਰਨ ਸਿੰਘ ਬਾਗੀ ਵਾਲ, ਰਾਜਵਿੰਦਰ ਸਿੰਘ ਪਰਜੀਆ ਬਿਹਾਰੀ ਪੁਰ, ਲਖਵੀਰ ਸਿੰਘ ਆਦਰਮਾਨ, ਤਖ਼ਤ ਸਿੰਘ ਆਦਰਮਾਨ ਆਦਿ ਕਿਸਾਨ ਆਗੂ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਹਲਕਾ ਖਡੂਰ ਸਾਹਿਬ ਤੋਂ ਅਜ਼ਾਦ ਉਮੀਦਵਾਰ ਖੜਾ ਕਰਨ ਲਈ

# ਹਲਕੇ ਅੰਦਰ ਗਰਮਾਇਆ ਮਹੌਲ—ਔਲਖ



ਫ਼ਿਰੋਜ਼ਪੁਰ, 20 ਅਪ੍ਰੈਲ (ਮਨੋਹਰ ਲਾਲ):— ਇਕ ਲੋਕ ਮਿਲਣੀ ਦੌਰਾਨ ਰਾਮਗੜ੍ਹੀਆ ਸਮਾਜ ਵਿਰੁੱਧ ਬੋਲੀ ਗਈ ਭੱਦੀ ਸ਼ਬਦਾਵਦੀ ਦੇ ਚਲਦਿਆਂ ਸਮਾਜ ਅੰਦਰ ਰੋਸ ਲਗਾਤਾਰ ਵਧਦਾ ਜਾ ਰਿਹਾ ਹੈ ਅਤੇ ਹਲਕਾ ਖਡੂਰ ਸਾਹਿਬ ਤੋਂ ਅਜ਼ਾਦ ਉਮੀਦਵਾਰ ਗੁਰਪ੍ਰੀਤ ਸਿੰਘ ਗੋਰਾ ਰਾਮਗੜ੍ਹੀਆ ਜ਼ੀਰਾ ਨੂੰ ਉਤਾਰਨ ਲਈ ਵਿਚਾਰ—ਚਰਚਾ ਹੋਣੀ ਸ਼ੁਰੂ ਹੋ ਗਈ ਹੈ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਮਨਜੀਤ ਸਿੰਘ ਔਲਖ ਪੰਜਾਬ ਪ੍ਰਧਾਨ ਸ: ਜੱਸਾ ਸਿੰਘ ਰਾਮਗੜ੍ਹੀਆ ਵੈਲ ਸੁਸਾ ਰਜਿ ਪੰਜਾਬ ਭਾਰਤ ਨੇ ਦੱਸਿਆ ਕਿ ਅੱਜ ਭਾਈਚਾਰੇ ਦੀ ਹੋਈ ਮੀਟਿੰਗ ਵਿਚ ਗੁਰਪ੍ਰੀਤ ਸਿੰਘ ਗੋਰਾ ਰਾਮਗੜ੍ਹੀਆ ਹਲਕਾ ਖਡੂਰ ਸਾਹਿਬ ਜ਼ੀਰਾ ਤੋਂ ਵਿਸ਼ੇਸ਼ ਤੌਰ ਤੇ ਮੀਟਿੰਗ ਵਿਚ ਸ਼ਾਮਲ ਹੋਏ, ਜਿਨ੍ਹਾਂ ਦਾ ਪੂਰੀ ਟੀਮ ਦੇ ਸੀਨੀਅਰ ਆਗੂਆਂ ਵੱਲੋਂ ਗਰਮ ਜੋਸ਼ੀ ਨਾਲ ਸਵਾਗਤ ਕੀਤਾ ਗਿਆ। ਇਸ ਦੌਰਾਨ ਬੋਲਦਿਆਂ ਮਨਜੀਤ ਸਿੰਘ ਔਲਖ ਨੇ ਕਿਹਾ ਕਿ ਇਤਿਹਾਸ ਵਿਚ ਅਣਖੀ ਯੋਧਿਆਂ ਦਾ ਨਾਮ ਹੀ ਦਰਜ ਹੁੰਦਾ ਹੈ ਅਤੇ ਪਿਛਲੇ ਦਿਨੀਂ ਪੰਜਾਬ ਸਰਕਾਰ ਦੇ ਵਜ਼ੀਰ ਲਾਲਜੀਤ ਸਿੰਘ ਭੁੱਲਰ ਵੱਲੋਂ ਸਵਰਨਕਾਰ ਅਤੇ ਰਾਮਗੜ੍ਹੀਆ ਬਰਾਦਰੀ ਨੂੰ ਸਟੇਜ ਤੋਂ ਭੱਦੀ ਸ਼ਬਦਾਵਲੀ ਵਰਤ ਕੇ ਨੀਵਾਂ ਦਿਖਾਇਆ ਗਿਆ, ਜਦ ਕਿ ਸਵਰਨਕਾਰ ਅਤੇ ਰਾਮਗੜ੍ਹੀਆ ਬਰਾਦਰੀ ਹਰ ਇਕ ਕੌਮ ਨਾਲ ਭਰਾਵਾਂ ਵਾਲਾ ਨਾਤਾ ਰੱਖਦੀ ਹੈ। ਉਨ੍ਹਾਂ ਕਿਹਾ ਕਿ ਭਾਈਚਾਰਾ ਗੁਰੂ ਸਾਹਿਬ ਜੀ ਦੇ ਫ਼ਲਸਫੇ ਅਨੁਸਾਰ ਚੌਹ ਵਰਨਣ ਕੋ ਇਕ ਉਪਦੇਸ਼ ਨੂੰ ਮੰਨਦੀ ਹੋਏ ਕਿਸੇ ਕੌਮ ਮਜਬ ਵਿਚ ਭੇਦਭਾਵ ਨਹੀਂ ਸਮਝਦੇ। ਉਨ੍ਹਾਂ ਕਿਹਾ ਕਿ ਮੰਤਰੀ ਲਾਲਜੀਤ ਭੁੱਲਰ ਦੀ ਗ਼ਲਤ ਬਿਆਨਬਾਜ਼ੀ ਨੂੰ ਲੈ ਕੇ ਸਾਰੀਆਂ ਕੌਮਾਂ ਦੇ ਮਨਾਂ ਵਿੱਚ ਭਾਰੀ ਰੋਸ ਹੈ, ਪਰ ਅਫਸੋਸ ਦੀ ਗੱਲ ਪੰਜਾਬ ਸਰਕਾਰ ਵਿਚ ਰਾਮਗੜ੍ਹੀਆ ਕੌਮ ਦੇ ਪੰਜ ਐਮ.ਐਲ.ਏ ਅਤੇ ਕੁਲਤਾਰ ਸਿੰਘ ਸੰਧਵਾਂ ਸਪੀਕਰ ਪੰਜਾਬ ਸਰਕਾਰ ਨੇ ਕਿਸੇ ਨੇ ਵੀ ਲਾਲਜੀਤ ਭੁੱਲਰ ਦੇ ਬਰਖਿਲਾਫ਼ ਪਾਰਟੀ ਕੋਲ ਅਵਾਜ਼ ਨਹੀਂ ਉਠਾਈ ਅਤੇ ਨਾ ਹੀ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਕੋਈ ਸਖ਼ਤ ਸਟੈਂਡ ਨਹੀਂ ਲਿਆ ਗਿਆ, ਜਿਸ ਕਰਕੇ ਪੰਜਾਬ ਦੀ ਹਰ ਕੌਮ ਸੋਚ ਵਿਚ ਪਈ ਕਿ ਆਪ ਸਰਕਾਰ ਦਾ ਕੋਈ ਵੀ ਮੰਤਰੀ, ਐਮ.ਐਲ.ਏ ਕਿਸੇ ਨੂੰ ਵੀ ਮਾੜਾ ਬੋਲਣ ਲਈ ਇਸੇ ਤਰਾਂ ਅਜ਼ਾਦ ਹੋਵੇਗਾ, ਕਿਸੇ ਦੇ ਬਰਖਿਲਾਫ਼ ਪਾਰਟੀ ਸਟੈਂਡ ਨਹੀਂ ਲਵੇਗੀ ਇਸੇ ਵਿਸ਼ੇ ਨੂੰ ਲੈ ਕੇ ਲੰਮੀ ਮੀਟਿੰਗ ਹੋਈ ਜਿਸ ਵਿੱਚ ਗਗਨਦੀਪ ਸਿੰਘ ਚਾਵਲਾ ਅਰੋੜਾ ਮਹਾਂ ਸਭਾ ਪੰਜਾਬ ਵਿਸ਼ੇਸ਼ ਤੌਰ ਹਾਜ਼ਰ ਹੋਏ। ਇਸ ਮੌਕੇ ਗੁਰਪ੍ਰੀਤ ਸਿੰਘ ਗੋਰਾ ਰਾਮਗੜ੍ਹੀਆ ਜ਼ੀਰਾ, ਸੁਖਵਿੰਦਰ ਸਿੰਘ ਚਾਨਾ ਹਲਕਾ ਇੰਚਾਰਜ ਜ਼ੀਰਾ, ਭਗਵਾਨ ਸਿੰਘ ਦੜਿਆਲਾ ਕੌਮੀ ਚੈਅਰਮੈਨ ਪੰਜਾਬ, ਸ਼ਮਸ਼ੇਰ ਸਿੰਘ ਕਲਸੀ ਸੂਬਾ ਮੀਤ ਪ੍ਰਧਾਨ, ਹਰਭਜਨ ਸਿੰਘ ਦੜਿਆਲਾ ਜ਼ਿਲਾ ਪ੍ਰਧਾਨ, ਜਸਬੀਰ ਸਿੰਘ ਕਲਸੀ ਜਰਨਲ ਸਕੱਤਰ ਪੰਜਾਬ, ਸੁਖਮਿੰਦਰ ਸਿੰਘ ਜੱਬਲ ਮੀਤ ਪ੍ਰਧਾਨ, ਸਰਬਜੀਤ ਸਿੰਘ ਲਾਡੀ ਮੀਤ ਪ੍ਰਧਾਨ, ਪ੍ਰਦੀਪ ਸਿੰਘ ਭੁੱਲਰ ਮੀਤ ਪ੍ਰਧਾਨ, ਸੁਖਚੈਨ ਸਿੰਘ ਖਾਲਸਾ ਹਾਜ਼ਰ ਸਨ। ਮੀਟਿੰਗ ਉਪਰੰਤ ਫੈਸਲਾ ਲਿਆ ਗਿਆ ਗੁਰਪ੍ਰੀਤ ਸਿੰਘ ਗੋਰਾ ਰਾਮਗੜ੍ਹੀਆ ਨੂੰ ਹਲਕਾ ਖਡੂਰ ਸਾਹਿਬ ਤੋਂ ਅਜ਼ਾਦ ਉਮੀਦਵਾਰ ਵਜੋਂ ਉਤਾਰਿਆ ਜਾਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਮੌਕੇ ਗੁਰਪ੍ਰੀਤ ਸਿੰਘ ਗੋਰਾ ਰਾਮਗੜ੍ਹੀਆ ਨੇ ਭਰੇ ਮਨ ਨਾਲ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਪੰਜਾਬ ਵਿੱਚ ਬਹੁਤ ਵੱਡੇ ਪੱਧਰ ਤੇ ਰਾਮਗੜ੍ਹੀਆ ਬਰਾਦਰੀ ਨੇ ਆਮ ਆਦਮੀ ਪਾਰਟੀ ਦਾ ਸਾਥ ਦਿੱਤਾ ਅਤੇ 92 ਐਮ.ਐਲ.ਏ ਜਤਾਏ, ਮੈਂ ਆਪ ਪਾਰਟੀ ਵਿਚ ਜਿੰਦ—ਜਾਨ ਲਾ ਕੇ ਕੰਮ ਕੀਤਾ, ਮੈਂ ਆਮ ਆਦਮੀ ਪਾਰਟੀ ਵੱਲੋਂ ਐਮ.ਐਲ.ਏ ਹਲਕਾ ਜ਼ੀਰਾ ਤੋਂ ਇਲੈਕਸ਼ਨ ਵੀ ਲੜਿਆ, ਪਰ ਅੱਜ ਭਗਵੰਤ ਸਿੰਘ ਮਾਨ ਮੁੱਖ ਮੰਤਰੀ ਪੰਜਾਬ ਵੱਲੋਂ ਅਤੇ ਕੁਲਤਾਰ ਸਿੰਘ ਸੰਧਵਾਂ ਸਪੀਕਰ ਪੰਜਾਬ ਦੀ ਬੇਰੁੱਖੀ ਕਾਰਨ ਰਾਮਗੜ੍ਹੀਆ ਬਰਾਦਰੀ ਦੇ ਮਨਾਂ ਵਿਚ ਭਾਰੀ ਰੋਸ ਹੈ, ਜਿਸ ਦਾ ਖਮਿਆਜ਼ਾ ਪਾਰਟੀ ਨੂੰ ਪੂਰੇ ਪੰਜਾਬ ਵਿੱਚ ਭੁਗਤਨ ਪਵੇਗਾ। ਗੱਲਬਾਤ ਜਾਰੀ ਰੱਖਦਿਆਂ ਗੁਰਪ੍ਰੀਤ ਸਿੰਘ ਗੋਰਾਂ ਨੇ ਕਿਹਾ ਕਿ ਮੈਂ ਜਿਸ ਕੌਮ ਵਿੱਚ ਜਨਮਿਆਂ ਮੈਂ ਉਸ ਬਾਰੇ ਕੋਈ ਮਾੜਾਂ ਬੋਲੇ ਨਹੀਂ ਸੁਣ ਸਕਦਾ, ਜੇ ਮੌਕਾ ਬਣਿਆ ਤਾਂ ਇਲੈਕਸ਼ਨ ਵਿਚ ਹਰ ਬਰਾਦਰੀ ਨੂੰ ਨਾਲ ਲੈ ਕੇ ਚੱਲਾਂਗਾ। ਗੱਲਬਾਤ ਕਰਦਿਆਂ ਮਨਜੀਤ ਸਿੰਘ ਔਲਖ ਨੇ ਦੱਸਿਆ ਕਿ ਇਸ ਮੀਟਿੰਗ ਦੌਰਾਨ ਹਰਨੇਕ ਸਿੰਘ ਮਠਾੜੂ, ਮਠਾੜੂ ਕੰਬਾਈਨ ਇੰਡਸਟਰੀ ਵਾਲੇ, ਚਰਨਜੀਤ ਸਿੰਘ ਝੰਡੇਆਣਾ ਮੋਗਾ ਗੁਰਪਰੀਤਮ ਸਿੰਘ ਚੀਮਾ ਹਲਕਾ ਇੰਚਾਰਜ ਮੋਗਾ, ਸਮਿੰਦਰ ਸਿੰਘ ਚਾਨਾ ਕਨਵੀਨਰ ਸਿੱਖ ਫਾਉਂਡੇਸ਼ਨ ਮੁਕਤਸਰ, ਨਿਰਵੈਲ ਸਿੰਘ ਸਿੰਧੀ ਹਲਕਾ ਇੰਚਾਰਜ ਫਿਰੋਜ਼ਪੁਰ ਸੁਸਾਇਟੀ, ਗੁਰਸੇਵਕ ਸਿੰਘ ਹਲਕਾ ਇੰਚਾਰਜ ਗੁਰੂਹਰਸਹਾਏ, ਜਸਵਿੰਦਰ ਸਿੰਘ ਰਿੰਕੂ ਚੈਅਰਮੈਨ ਜ਼ਿਲ੍ਹਾ ਫਿਰੋਜ਼ਪੁਰ, ਸੁਰਜੀਤ ਸਿੰਘ ਸੱਗੂ ਮੀਤ ਪ੍ਰਧਾਨ ਪੰਜਾਬ, ਦੀਦਾਰ ਸਿੰਘ, ਹਰਜਿੰਦਰ ਸਿੰਘ ਗਾਬੜੀਆ, ਸੰਤੋਖ ਸਿੰਘ ਪੰਜਾਬ ਐਗਰੀਕਲਚਰ ਇੰਡਸਟਰੀਜ਼ ਤਲਵੰਡੀ ਭਾਈ, ਗੁਰਦਿਆਲ ਸਿੰਘ ਜਥੇਦਾਰ ਸੁਲਤਾਨਪੁਰ ਲੋਧੀ, ਗੁਰਪ੍ਰੀਤ ਸਿੰਘ ਹਲਕਾ ਇੰਚਾਰਜ ਤਰਨਤਾਰਨ, ਬਲਦੇਵ ਸਿੰਘ ਪੱਟੀ ਹਲਕਾ ਇੰਚਾਰਜ ਤੋਂ ਇਲਾਵਾ ਸਾਰੀਆਂ ਦੇਸ਼—ਵਿਦੇਸ਼ ਦੀਆਂ ਰਾਮਗੜ੍ਹੀਆ ਜਥੇਬੰਦੀਆਂ ਨੇ ਤਨ ਮਨ ਧੰਨ ਨਾਲ ਸਾਥ ਦੇਣ ਦਾ ਭਰੋਸਾ ਦਿੱਤਾ।

ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਨੇ

# ਤੀਰਥੰਕਰ ਮਹਾਂਵੀਰ ਸਵਾਮੀ ਦਾ ਮਨਾਇਆ ਜਨਮ ਦਿਹਾੜਾ




**ਫ਼ਿਰੋਜ਼ਪੁਰ, 20 ਅਪ੍ਰੈਲ (ਮਨੋਹਰ ਲਾਲ):**— ਇਲਾਕੇ ਦੇ ਨਿਕੜਿਆਂ ਨੂੰ ਸਿੱਖਿਆ ਦਾ ਗਹਿਣਾ ਵੰਡ ਰਹੀ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਵਿਖੇ ਬਚਿਆਂ ਨੂੰ ਪੜ੍ਹਾਈ ਦੇ ਨਾਲ—ਨਾਲ ਸਮਾਜਿਕ ਕੁਰੀਤੀਆਂ ਤੋਂ ਜਾਣੂ ਕਰਵਾਇਆ ਜਾਂਦਾ ਹੈ ਅਤੇ ਸਮੇਂ—ਸਮੇਂ ਤੇ ਆਉਂਦੇ ਦਿਨ—ਤਿਉਹਾਰ ਮਨਾ ਕੇ ਬੱਚਿਆਂ ਨੂੰ ਰੰਗਲੇ ਪੰਜਾਬ ਦੀਆਂ ਰਹੁ—ਰਿਤਾਂ ਤੋਂ ਜਾਣੂ ਕਰਵਾਇਆ ਜਾਂਦਾ ਹੈ। ਫ਼ਿਰੋਜ਼ਪੁਰ—ਮੋਗਾ ਰੋਡ ਤੇ ਸਥਿਤ ਟੀ.ਬੀ.ਐਸ ਇੰਟਰਨੈਸ਼ਨਲ ਸਕੂਲ ਜੋ ਕਿ ਚੇਅਰਮੈਨ ਡਾ: ਹੀਰਾ ਲਾਲ ਸ਼ਰਮਾ, ਵਾਈਸ ਚੇਅਰਮੈਨ ਵਿਭੋਰ ਸ਼ਰਮਾ, ਜਨਰਲ ਸਕੱਤਰ ਸ਼ਿਵਮ ਸ਼ਰਮਾ ਅਤੇ ਮੈਨੇਜਿੰਗ ਡਾਇਰੈਕਟਰ ਦੀਪਾਲੀ ਸ਼ਰਮਾ ਦੀ ਦੇਖ—ਰੇਖ ਹੇਠ ਚੱਲ ਰਿਹਾ ਹੈ, ਵਿਚ ਜੈਨ ਧਰਮ ਦੇ ਚੌਵੀਵੇਂ ਤੀਰਥੰਕਰ ਮਹਾਂਵੀਰ ਸਵਾਮੀ ਦਾ ਜਨਮ ਦਿਹਾੜਾ ਬੜੀ ਧੂਮ—ਧਾਮ ਨਾਲ ਮਨਾਇਆ ਗਿਆ। ਇਸ ਮੌਕੇ ਸਕੂਲੀ ਵਿਦਿਆਰਥੀਆਂ ਵੱਲੋਂ ਵਿਸ਼ੇਸ਼ ਸਭਾ ਦਾ ਆਯੋਜਨ ਕਰਕੇ ਮਹਾਂਵੀਰ ਜੀ ਦੀਆਂ ਸਿੱਖਿਆਵਾਂ ਅਤੇ ਅਹਿੰਸਾ ਦੇ ਮਾਰਗ ਅਤੇ ਉਨ੍ਹਾਂ ਵੱਲੋਂ ਮਨੁੱਖਤਾ ਦੇ ਮਾਰਗ ਤੇ ਚੱਲਣ ਲਈ ਦਿੱਤੇ ਨਿਯਮਾਂ ਬਾਰੇ ਜਾਣਕਾਰੀ ਦਿੱਤੀ।

ਆਵਾਜ਼ਿ ਕੌਮ AWAZE QAUM International Newspaper & WEB TV

ਇਸ ਮੌਕੇ ਸਕੂਲ ਪ੍ਰਿੰਸੀਪਲ ਰੇਖਾ ਪਾਸੀ ਨੇ ਵਿਦਿਆਰਥੀਆਂ ਨਾਲ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਸਾਨੂੰ ਸਾਰਿਆਂ ਨੂੰ ਭਗਵਾਨ ਮਹਾਵੀਰ ਵੱਲੋਂ ਦਰਸਾਏ ਅਹਿੰਸਾ ਦੇ ਮਾਰਗ 'ਤੇ ਚੱਲਣਾ ਚਾਹੀਦਾ ਹੈ ਅਤੇ ਇਸ ਮਾਰਗ ਤੇ ਚੱਲ ਕੇ ਹੀ ਦੁਨੀਆ ਵਿਚੋਂ ਅੱਤਵਾਦ, ਸੰਘਰਸ਼ ਅਤੇ ਜੰਗ ਨੂੰ ਖ਼ਤਮ ਕੀਤਾ ਜਾ ਸਕਦਾ ਹੈ।

# ਹੁਸ਼ਿਆਰਪੁਰ ਜਿਲ੍ਹੇ ਦੇ ਪਿੰਡ ਚੀਮਾ ਪੋਤਾ 'ਚ ਗੁਰੂ ਗ੍ਰੰਥ ਸਾਹਿਬ ਜੀ ਦੀ ਹੋਈ ਬੇਅਦਬੀ ਦੀ ਸਖ਼ਤ ਨਿਖੇਧੀ : ਕਰਤਾਰ ਸਿੰਘ ਚਾਵਲਾ



ਨਵੀਂ ਦਿੱਲੀ, 20 ਅਪ੍ਰੈਲ (ਮਨਪ੍ਰੀਤ ਸਿੰਘ ਖਾਲਸਾ): ਸ਼੍ਰੋਮਣੀ ਅਕਾਲੀ ਦਲ ਦਿੱਲੀ ਦੇ ਪ੍ਰਧਾਨ ਅਤੇ ਦਿੱਲੀ ਸਿੱਖ ਗੁਰਦੁਆਰਾ ਕਮੇਟੀ ਦੇ ਮੈਂਬਰ ਸ. ਕਰਤਾਰ ਸਿੰਘ ਚਾਵਲਾ ਨੇ ਪੰਜਾਬ ਦੇ ਜਿਲ੍ਹਾ ਹੁਸ਼ਿਆਰਪੁਰ ਦੇ ਪਿੰਡ ਚੀਮਾ ਪੋਤਾ ਵਿਖੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਬੇਅਦਬੀ ਦੀ ਘਟਨਾ ਦੀ ਸਖ਼ਤ ਸ਼ਬਦਾਂ ਵਿਚ ਨਿੰਦਾ ਕਰਦਿਆਂ ਕਿਹਾ ਕਿ ਸਿੱਖ ਭਾਵਨਾਵਾਂ ਨੂੰ ਸੱਟ ਮਾਰਨ ਵਾਲੀ ਇਸ ਘਟਨਾ ਦੇ ਦੋਸ਼ੀ ਕਿਸੇ ਵੀ ਕੀਮਤ 'ਤੇ ਬਖਸ਼ੇ ਨਹੀਂ ਜਾਣੇ ਕਿ ਭਾਵੇਂ ਕਿ ਪਿੰਡ ਵਾਸੀਆਂ ਵੱਲੋਂ ਮੁਕੇਰੀਆਂ ਪੁਲਿਸ ਥਾਣੇ ਵਿਚ ਪਰਚਾ ਦਰਜ ਕਰਵਾ ਦਿਤਾ ਗਿਆ ਹੈ ਪਰ ਸ਼੍ਰੋਮਣੀ ਅਕਾਲੀ ਦਲ ਦਿੱਲੀ ਇਸ ਵਿਚ ਹਰ ਪੱਧਰ ਉਤੇ ਸੰਗਤਾਂ ਨੂੰ ਸਹਿਯੋਗ ਦੇਵੇਗਾ ਤਾਂ ਜੋ ਦੋਸ਼ੀਆਂ ਵਿਰੁੱਧ ਕਾਰਵਾਈ ਯਕੀਨੀ ਬਣਾਈ ਜਾ ਸਕੇ। ਉਨ੍ਹਾਂ ਕਿਹਾ ਪੁਲਿਸ ਪ੍ਰਸ਼ਾਸਨ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਦੋਸ਼ੀਆਂ ਦੀ ਭਾਲ ਕਰੇ ਅਤੇ ਜੇਕਰ ਕਿਸੇ ਤਰ੍ਹਾਂ ਦੀ ਢਿੱਲ ਵਰਤੀ ਗਈ ਤਾਂ ਸੰਗਤ ਦੇ ਰੋਸ ਅਤੇ ਰੋਹ ਦੀ ਜ਼ਿੰਮੇਵਾਰੀ ਸਰਕਾਰ ਦੀ ਹੋਵੇਗੀ। ਉਨ੍ਹਾਂ ਕਿਹਾ ਕਿ ਇਸ ਘਟਨਾ ਪਿੱਛੇ ਕੰਮ ਕਰਦੀਆਂ ਸ਼ਿਤਾਨੀ ਤਾਕਤਾਂ ਨੂੰ ਵੀ ਨਸ਼ਰ ਕੀਤਾ ਜਾਣਾ ਚਾਹੀਦਾ ਹੈ। ਸ. ਕਰਤਾਰ ਸਿੰਘ ਚਾਵਲਾ ਨੇ ਆਖਿਆ ਕਿ ਪੰਜਾਬ ਅੰਦਰ ਬੇਅਦਬੀ ਦੀਆਂ ਘਟਨਾਵਾਂ ਦੇ ਮਾਮਲੇ ਲਗਾਤਾਰ ਵਾਪਰ ਰਹੇ ਹਨ, ਪਰ ਸਰਕਾਰ ਦੀ ਢਿੱਲੀ ਕਾਰਗੁਜਾਰੀ ਕਰਕੇ ਦੋਸ਼ੀ ਬਚ ਨਿਕਲਦੇ ਹਨ। ਉਹਨਾਂ ਨੇ ਆਖਿਆ ਕਿ ਹੁਸ਼ਿਆਰਪੁਰ ਜਿਲ੍ਹੇ ਵਾਲੀ ਘਟਨਾ ਨੇ ਇਕ ਵਾਰ ਫਿਰ ਸਿੱਖਾਂ ਨੇ ਨਾਲ-ਨਾਲ ਹਰ ਸੰਜੀਦਾ ਮਨੁੱਖ ਝੰਜੋੜਿਆ ਹੈ। ਸ਼੍ਰੋਮਣੀ ਅਕਾਲੀ ਦਲ ਦਿੱਲੀ ਦੇ ਪ੍ਰਧਾਨ ਅਤੇ ਦਿੱਲੀ ਗੁਰਦੁਆਰਾ ਕਮੇਟੀ ਦੇ ਮੈਂਬਰ ਸ. ਕਰਤਾਰ ਸਿੰਘ ਚਾਵਲਾ ਨੇ ਸੰਗਤਾਂ ਨੂੰ ਵੀ ਅਪੀਲ ਕੀਤੀ ਕਿ ਗੁਰਦੁਆਰਾ ਸਾਹਿਬਾਨ ਅੰਦਰ ਸੀ.ਸੀ.ਟੀ.ਵੀ ਕੈਮਰਿਆਂ ਰਾਹੀਂ ਨਿਗਰਾਨੀ ਅਤੇ ਸੁਰੱਖਿਆ ਦੇ ਪੁਖਤਾ ਇਤਜ਼ਾਮ ਕਰਨ ਅਤੇ ਪਹਿਰੇਦਾਰੀ ਲਈ ਹਰ ਸਮੇਂ ਸੇਵਾਦਾਰ ਗੁਰਦੁਆਰਾ ਸਾਹਿਬਾਨ ਅੰਦਰ ਹਾਜ਼ਰ ਰਹਿਣ ਸ. ਕਰਤਾਰ ਸਿੰਘ ਚਾਵਲਾ ਨੇ ਮੰਗ ਕੀਤੀ ਕਿ ਬੇਅਦਬੀਆਂ ਦੇ ਮਾਮਲੇ ਵਿਚ ਸਖ਼ਤ ਸਜ਼ਾਵਾਂ ਦਾ ਪ੍ਰਬੰਧ ਬੇਹੱਦ ਲਾਜ਼ਮੀ ਹੋਵੇ ਅਤੇ ਅਜਿਹੇ ਮਾਮਲਿਆਂ ਵਿਚ ਤੇਜ਼ੀ ਨਾਲ ਅਦਾਲਤੀ ਸੁਣਵਾਈ ਯਕੀਨੀ ਬਣੇ।

# ਸਮਾਗਮਾਂ ਦੌਰਾਨ ਪਾਕਿ ਮੰਤਰੀਆਂ ਦਾ ਕੀਤਾ ਮਾਨ—ਸਨਮਾਨ : ਭੁੱਲਰ





ਫ਼ਿਰੋਜ਼ਪੁਰ, 20 ਅਪ੍ਰੈਲ (ਮਨੋਹਰ ਲਾਲ) :— ਪਾਕਿਸਤਾਨ ਵਿਖੇ ਵਿਸਾਖੀ ਸਮਾਗਮ ਤੇ ਆਏ ਮੁੱਖ ਮਹਿਮਾਨਾਂ ਨੂੰ ਭਾਈ ਮਰਦਾਨਾ ਸੁਸਾਇਟੀ ਵੱਲੋਂ ਸਨਮਾਨਿਤ ਕੀਤਾ ਗਿਆ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਸੁਸਾਇਟੀ ਪ੍ਰਧਾਨ ਹਰਪਾਲ ਸਿੰਘ ਭੁੱਲਰ ਨੇ ਦੱਸਿਆ ਕਿ ਪਾਕਿ ਵਿਖੇ ਕਰਵਾਏ ਜਾ ਰਹੇ ਸਮਾਗਮਾਂ ਦੌਰਾਨ ਪੰਜਾ ਸਾਹਿਬ ਵਿਖੇ ਪਾਕਿ ਦੇ ਰੱਖਿਆ ਮੰਤਰੀ ਖੋਸਾ ਆਫਿਸ ਨੇ ਆਖਿਆ ਸੀ ਕਿ ਸਿੱਖ ਯਾਤਰੀਆਂ ਦੇ ਸਾਰੇ ਮਸਲੇ ਹੱਲ ਕੀਤੇ ਜਾਣਗੇ, ਯਾਤਰੂਆਂ ਦਾ ਜਾਣ ਦਾ ਕੋਟਾ ਵਧਾਇਕਾ ਜਾਵੇ, ਸਿੱਖ ਬਹਾਦਰ ਕੌਮ ਹੈ। ਸਮਾਗਮਾਂ ਦੌਰਾਨ ਪੀ.ਐਸ.ਜੀ.ਪੀ.ਸੀ ਦੇ ਪ੍ਰਧਾਨ ਅਤੇ ਪੰਜਾਬ ਦੇ ਮੰਤਰੀ ਰਮੇਸ਼ ਸਿੰਘ ਅਰੋੜਾ ਨੇ ਆਖਿਆ ਕਿ ਪਾਕਿਸਤਾਨ ਗੁਰਦੁਆਰਿਆਂ ਦੇ ਸਾਰੇ ਦੇ ਸਾਰੇ ਮਸਲੇ ਹੱਲ ਕਰਨ ਦੀ ਕੋਸ਼ਿਸ਼ ਕਰਾਂਗੇ, ਯਾਤਰਾ ਰੇਲਵੇ ਰਾਹੀਂ ਕਰਵਾਇਆ ਕਰਾਂਗੇ, ਯਾਤਰੀਆਂ ਲਈ ਹੋਰ ਰਿਹਾਇਸ਼ੀ ਪ੍ਰਬੰਧ ਕਰਾਂਗੇ। ਉਨ੍ਹਾਂ ਦੱਸਿਆ ਕਿ ਗੁਰਦੁਆਰਾ ਕਰਤਾਰਪੁਰ ਸਾਹਿਬ ਵਿਖੇ ਪੰਜਾਬ ਦੀ ਮੁੱਖ ਮੰਤਰੀ ਮਰਿਅਮ ਨਵਾਜ ਨੇ ਮੱਥਾ ਟੇਕਿਆ, ਲੰਗਰ ਵੀ ਵਰਤਾਇਆ, ਜਿਸ ਉਪਰੰਤ ਬੋਲਦਿਆਂ ਆਖਿਆ ਕਿ ਆਪਣੀ ਸਰਕਾਰ ਵੱਲੋਂ ਨਵਾਜ ਸ਼ਰੀਫ ਪਾਕਿ ਵਿਖੇ ਸਿੱਖ ਗੁਰਦੁਆਰਿਆਂ ਦੀ ਇਮਾਰਤਾਂ ਨੂੰ ਸੁੰਦਰ ਬਣਾਇਆ, ਪਹਿਲਾਂ ਸਿਰਫ ਗੁਰਦੁਆਰਿਆਂ ਨੂੰ ਕਲੀ ਕੀਤੀ ਜਾਂਦੀ, ਨਵਾਜ਼ ਹਮੇਸ਼ਾ ਗੁਆਢੀਆਂ ਨਾਲ ਚੰਗੇ ਸਬੰਧ ਚਾਹੁੰਦੇ ਸਨ, ਸਾਨੂੰ ਮਾਣ ਹੈ ਕਿ ਬਾਬਾ ਗੁਰੂ ਨਾਨਕ ਸਾਹਿਬ ਦਾ ਜਨਮ ਪਾਕਿਸਤਾਨ ਦੀ ਧਰਤੀ ਤੇ ਹੋਇਆ, ਉਹ ਕਾਬਲ ਫਰਿਸਤ ਸਨ, ਦੁਨਿਆਂ ਉਨ੍ਹਾਂ ਨੂੰ ਮੰਨਦੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV

# ਸੰਤ ਗਿਆਨੀ ਕਰਤਾਰ ਸਿੰਘ ਜੀ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਬੁਰਜ ਮੱਖਣ ਸਿੰਘ ਦਾ ਦਸਵੀਂ ਕਲਾਸ ਦਾ ਨਤੀਜਾ ਰਿਹਾ 100 ਫੀਸਦੀ



ਫ਼ਿਰੋਜ਼ਪੁਰ, 20 ਅਪ੍ਰੈਲ (ਮਨੋਹਰ ਲਾਲ) :— ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ ਮੁਖੀ ਦਮਦਮੀ ਟਕਸਾਲ ਮਹਿਤਾ ਦੀ ਰਹਿਨੁਮਾਈ ਹੇਠ ਚੱਲ ਰਹੇ ਸੰਤ ਗਿਆਨੀ ਕਰਤਾਰ ਸਿੰਘ ਜੀ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਬੁਰਜ ਮੱਖਣ ਸਿੰਘ ਦਾ ਦਸਵੀਂ ਕਲਾਸ ਦਾ ਨਤੀਜਾ 100 ਫੀਸਦੀ ਰਿਹਾ। ਸਿੱਖਿਆ ਬੋਰਡ ਵੱਲੋਂ ਐਲਾਨੇ ਨਤੀਜਿਆਂ ਵਿਚ ਪਹਿਲਾ ਸਥਾਨ ਸਿਮਰਨਜੀਤ ਕੌਰ 96 ਪ੍ਰਤੀਸ਼ਤ, ਦੂਸਰਾ ਸਥਾਨ ਅਨਮੋਲਜੀਤ ਕੌਰ 95 ਪ੍ਰਤੀਸ਼ਤ, ਤੀਸਰਾ ਨਵਜੋਤ ਕੌਰ 93 ਫੀਸਦੀ, ਚੌਥਾ ਸਥਾਨ ਗੁਰਕੀਰਤ ਸਿੰਘ 92 ਫੀਸਦੀ, ਪੰਜਵਾਂ ਸਥਾਨ ਖੁਸ਼ਪ੍ਰੀਤ ਕੌਰ ਅਤੇ ਅਰਸ਼ਦੀਪ ਕੌਰ 92 ਪ੍ਰਤੀਸ਼ਤ, ਛੇਵਾਂ ਸਥਾਨ ਸੁਖਮਨਪ੍ਰੀਤ ਕੌਰ 91 ਫੀਸਦੀ ਅੰਕ ਪ੍ਰਾਪਤ ਕਰਕੇ ਸਕੂਲ ਅਤੇ ਮਾਪਿਆਂ ਦਾ ਨਾਂ ਰੋਸ਼ਨ ਕੀਤਾ। ਇਸ ਮੌਕੇ ਇਨ੍ਹਾਂ ਵਿਦਿਆਰਥੀਆਂ ਦੇ ਮਾਤਾ—ਪਿਤਾ ਅਤੇ ਸਕੂਲ ਦੇ ਸਮੁੱਚੇ ਸਟਾਫ ਨੇ ਖੁਸ਼ੀਆਂ ਸਾਂਝੀਆਂ ਕੀਤੀਆਂ ਅਤੇ ਬੱਚਿਆਂ ਦੀ ਹੌਂਸਲਾ ਅਫਜਾਈ ਕੀਤੀ। ਇਸ ਮੌਕੇ ਬੋਲਦਿਆਂ ਸਕੂਲ ਪ੍ਰਿੰਸੀਪਲ ਮੈਡਮ ਜ਼ਸਪ੍ਰੀਤ ਕੌਰ ਨੂੰ ਕਿਹਾ ਕਿ ਇਹ ਬੱਚੇ ਆਉਣ ਵਾਲੇ ਸਮੇਂ ਵਿਚ ਆਪਣੇ ਮਾਤਾ—ਪਿਤਾ ਦਾ ਨਾਂ ਰੋਸ਼ਨ ਕਰਨਗੇ ਅਤੇ ਚੰਗੇ ਮੁਕਾਮ ਤੇ ਪਹੁੰਚ ਕੇ ਦੇਸ਼, ਸਮਾਜ ਦੀ ਸੇਵਾ ਕਰਨਗੇ। ਇਸ ਮੌਕੇ ਮਾਸਟਰ ਬਲਰਾਜ ਸਿੰਘ, ਮੈਡਮ ਅਨੁਰਾਧਾ, ਮੈਡਮ ਸਵਿਤਾ, ਮੈਡਮ ਰਜਨੀ, ਗੁਰਵਿੰਦਰ ਸਿੰਘ, ਰਵਿੰਦਰ ਸਿੰਘ, ਇੰਦਰਜੀਤ ਸਿੰਘ ਅਤੇ ਸਕੂਲ ਦਾ ਸਮੁੱਚਾ ਸਟਾਫ ਅਤੇ ਵਿਦਿਆਰਥੀਆਂ ਦੇ ਮਾਤਾ—ਪਿਤਾ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV


# ਜਨਮ ਦਿਨ ਮੁਬਾਰਕ



ਜਨਮਦਿਨ ਦੀਆਂ ਬਹੁਤ ਬਹੁਤ ਮੁਬਾਰਕਾਂ ਸੱਤਾ ਮੁਠੱਡਾ ਮਾਂ ਖੇਡ ਕਬੱਡੀ ਦਾ ਅਨਮੋਲ ਹੀਰਾ ਪੱਕੇ ਤੌਰ ਤੇ ਇੰਗਲੈਂਡ ਦੀ ਧਰਤੀ ਤੇ ਵੱਸਦਾ ਤੇ ਦਿਲ ਖੋਲ ਕੇ ਕਬੱਡੀ ਤੇ ਪੈਸਾ ਖਰਚ ਕੀਤਾ ਕਦੇ ਕਿਸੇ ਪਲੇਅਰ ਦਾ ਫਰਕ ਨੀ ਕੀਤਾ ਭਾਵੇਂ ਉਹ ਮਾਲਵੇ ਦਾ ਭਾਵੇਂ ਦੋਆਬੇ ਦਾ ਜਾ ਮਾਝੇ ਦਾ ਬਣਦਾ ਮਾਣ ਸਨਮਾਨ ਹਰ ਸਾਲ ਅਪਣੇ ਪਿੰਡ ਕਬੱਡੀ ਕੱਪ ਤੇ ਕੀਤਾ,, ਪੰਜਾਬ ਦੇ ਵੱਡੇ ਕਬੱਡੀ ਕੱਪਾਂ ਤੇ ਵੱਡਾ ਯੋਗਦਾਨ ਵੀ ਪਾਉਂਦੇ ਆ,, ਅਤੇ ਗੁਰੂ ਦੀ ਨਗਰੀ ਅਨੰਦਪੁਰ ਸਾਹਿਬ ਚੈਂਪੀਅਨਸ਼ਿਪ ਤੇ ਵੱਡਾ ਯੋਗਦਾਨ ਹੁੰਦਾ ਹਰ ਸਾਲ ਭਾਜੀ ਦਾ,, ਹੁਣ ਇੰਗਲੈਂਡ ਸੀਜ਼ਨ ਦੀ ਸ਼ੁਰੂਆਤ 12 ਮਈ ਤੋ ਹੋਣ ਜਾ ਰਹੀ ਜਿਸ ਵਿਚ ਵੀ ਵੱਡਾ ਯੋਗਦਾਨ ਹੁੰਦਾ ਵਾਹਿਗੁਰੂ ਚੜਦੀਕਲਾ ਤੰਦਰੁਸਤੀ ਅਤੇ ਤਰੱਕੀਆਂ ਬਖਸ਼ੇ ਹੋਰ।

-ਯੁ ਕੇ ਨਕੋਦਰ ਮਹਿਤਪੁਰ (ਹਰਜਿੰਦਰ ਪਾਲ ਛਾਬੜ)

ਆਵਾਜ਼ਿ ਕੌਮ AWAZE QAUM International Newspaper & WEB TV

ਜਨਤਾ ਵੱਲੋਂ ਮਿਲ ਰਿਹਾ ਸਮਰਥਨ ਮੇਰੇ ਇਰਾਦਿਆਂ ਨੂੰ ਹੋਰ ਮਜ਼ਬੂਤ ਕਰ ਰਿਹਾ ਹੈ- ਤਰਨਜੀਤ ਸਿੰਘ ਸੰਧੂ

# ਸੰਧੂ ਨੂੰ ਭਾਰੀ ਗਿਣਤੀ ਵੋਟਾਂ ਨਾਲ ਜਿਤਾ ਕੇ ਪਾਰਲੀਮੈਂਟ 'ਚ ਭੇਜਣ ਦਾ ਭਰੋਸਾ ਦਿੱਤਾ



**ਅੰਮ੍ਰਿਤਸਰ, 20 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)-** ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਅਤੇ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਸਮੁੰਦਰੀ ਨੇ ਹਲਕਾ ਕੇਂਦਰੀ 'ਚ ਗੋਲ ਹਟੀ ਚੌਕ ਤੋਂ ਵਾਇਆ ਰਾਮ ਬਾਗ. ਬਜ਼ਾਰ,ਕਟੜਾ ਬੱਗੀਆਂ , ਆਰ ਐਸ ਟਾਵਰ ਤਕ ਡੋਰ ਟੂ ਡੋਰ ਜਾ ਕੇ ਲੋਕਾਂ ਤੋਂ ਇਕ ਜੂਨ ਨੂੰ ਕਮਲ ਦੇ ਫੁੱਲ ਦਾ ਬਟਨ ਦਬਾ ਕੇ ਵੋਟਾਂ ਪਾਉਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਜਨਤਾ ਵੱਲੋਂ ਮਿਲ ਰਿਹਾ ਸਮਰਥਨ ਮੇਰੇ ਇਰਾਦਿਆਂ ਨੂੰ ਹੋਰ ਮਜ਼ਬੂਤ ਕਰ ਰਿਹਾ ਹੈ। ਧੰਨਵਾਦ ਗੁਰੂ ਨਗਰੀ ਦੇ ਵਾਸੀਓ।ਇਸ ਮੌਕੇ ਹਲਕਾ ਇੰਚਾਰਜ ਡਾ. ਰਾਮ ਚਾਵਲਾ, ਮੰਡਲ ਪ੍ਰਧਾਨ ਸੁਧੀਰ ਅਰੋੜਾ, ਰਕੇਸ਼ ਗਿੱਲ, ਰਾਜੂ ਜੂਡੋ, ਨਵਿੰਦਰ ਬੰਟੀ, ਗੌਰਵ ਭਾਟੀਆ, ਗੌਰਵ ਗਿੱਲ, ਪਵਨ ਮਹਾਜਨ, ਵਿਜੈ ਨਾਹਲ, ਤਲਵਿੰਦਰ ਬਿੱਲਾ, ਵਿਪਲ ਤਲਵਾਰ, ਪੱਪੂ ਮਹਾਜਨ ਅਤੇ ਸੰਨ੍ਹੀ ਰਾਜਪੂਤ ਸਮੇਤ ਸੈਂਕੜੇ ਸਮਰਥਕ ਨਾਲ ਸਨ। ਇਸ ਦੌਰਾਨ ਸੰਧੂ ਨੂੰ ਫੁੱਲਾਂ ਦੇ ਹਾਰ ਅਤੇ ਸਿਰੋਪਾਉ ਨਾਲ ਥਾਂ ਥਾਂ ਲੋਕਾਂ ਵੱਲੋਂ ਸ਼ਾਨਦਾਰ ਸਵਾਗਤ ਕੀਤਾ ਗਿਆ। ਉਨ੍ਹਾਂ ਦੇ ਕਾਫ਼ਲੇ 'ਤੇ ਫੁੱਲਾਂ ਦੀ ਵਰਖਾ ਕੀਤੀ ਗਈ। ਲੋਕਾਂ ਨੇ ਸੰਧੂ ਨਾਲ ਗਲਵੱਕੜੀਆਂ ਪਾਈਆਂ ਅਤੇ ਸੈਲਫੀਆਂ ਲਈਆਂ। ਲੋਕਾਂ ਦਾ ਉਤਸ਼ਾਹ ਦੇਖਿਆਂ ਹੀ ਬਣਦਾ ਸੀ। ਇਸ ਮੌਕੇ ਇਲਾਕਾ ਨਿਵਾਸੀਆਂ ਅਤੇ ਦੁਕਾਨਦਾਰਾਂ ਨੇ ਸੰਧੂ ਨੂੰ ਭਾਰੀ ਗਿਣਤੀ ਵੋਟਾਂ ਨਾਲ ਜਿਤਾ ਕੇ ਪਾਰਲੀਮੈਂਟ 'ਚ ਭੇਜਣ ਦਾ ਭਰੋਸਾ ਦਿੱਤਾ। ਚੋਣ ਪ੍ਰਚਾਰ ਵਿੱਚ ਲੋਕਾਂ ਵੱਲੋਂ ਮਿਲ ਰਹੇ ਸਹਿਯੋਗ ਤੋਂ ਬੇਹੱਦ ਖ਼ੁਸ਼ ਨਜ਼ਰ ਆ ਰਹੇ ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਅੰਮ੍ਰਿਤਸਰ ਦੇ ਵਿਕਾਸ ਲਈ ਵਸੀਲੇ ਜੁਟਾਏ ਜਾਣਗੇ ਅਤੇ ਗੁਰੂ ਨਗਰੀ ਲਈ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਤੋਂ ਵਿਸ਼ੇਸ਼ ਪੈਕੇਜ ਲਿਆਂਦਾ ਜਾਵੇਗਾ। ਸੰਧੂ ਨੇ ਕਿਹਾ ਕਿ ਅੰਮ੍ਰਿਤਸਰ ਵਿੱਚ ਅਣਗਿਣਤ ਨੌਕਰੀਆਂ ਮਿਲਣਗੀਆਂ। ਨਸ਼ਿਆਂ ਨੂੰ ਅੰਮ੍ਰਿਤਸਰ ਤੋਂ ਦੂਰ ਕੀਤਾ ਜਾਵੇਗਾ ਅਤੇ ਨਸ਼ੇ 'ਚ ਲੱਗੇ ਨੌਜਵਾਨਾਂ ਨੂੰ ਮੁਫ਼ਤ ਇਲਾਜ ਦੀ ਸਹੂਲਤ ਰਾਹੀਂ ਉਨ੍ਹਾਂ ਦਾ ਮੁੜ ਵਸੇਬਾ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਨਸ਼ੇ ਦੇ ਸੌਦਾਗਰਾਂ ਨੂੰ ਬਖ਼ਸ਼ਿਆ ਨਹੀਂ ਜਾਵੇਗਾ, ਜੋ ਪੀੜੀ ਨੂੰ ਖ਼ਤਮ ਕਰਨ 'ਤੇ ਤੁਲੇ ਹੋਏ ਹਨ। ਉਨ੍ਹਾਂ ਕਿਹਾ ਕਿ ਔਰਤਾਂ ਦੇ ਸਨਮਾਨ ਅਤੇ ਸੁਰੱਖਿਆ ਨੂੰ ਯਕੀਨੀ ਬਣਾਇਆ ਜਾਵੇਗਾ ਜਿਸ ਲਈ ਪ੍ਰਸ਼ਾਸਨ ਜ਼ਿੰਮੇਵਾਰੀ ਤੈਅ ਹੋਵੇਗੀ। ਭਾਜਪਾ ਦਾ ਮੁੱਖ ਉਦੇਸ਼ ਸ਼ਹਿਰ ਵਿੱਚ ਕਾਨੂੰਨ ਵਿਵਸਥਾ ਨੂੰ ਇਸ ਹੱਦ ਤੱਕ ਸੁਧਾਰਨਾ ਹੋਵੇਗਾ ਕਿ ਔਰਤਾਂ ਨੂੰ ਦੇਰ ਰਾਤ ਕੰਮ ਤੋਂ ਘਰ ਪਹੁੰਚਣ 'ਤੇ ਕਿਸੇ ਡਰ ਦਾ ਸਾਹਮਣਾ ਨਾ ਕਰਨਾ ਪਵੇ। ਲੋਕਾਂ ਨੇ ਸੰਧੂ ਨੂੰ ਦੱਸਿਆ ਕਿ ਕਦੇ ਵੀ ਕਿਸੇ ਚੁਣੇ ਹੋਏ ਨੁਮਾਇੰਦੇ ਨੇ ਉਨ੍ਹਾਂ ਦੀ ਸਾਰ ਨਹੀਂ ਲਈ ਹੈ। ਉਨ੍ਹਾਂ ਕਿਹਾ ਕਿ ਅੱਜ ਵੀ ਇੱਥੇ ਸੜਕਾਂ, ਸੀਵਰੇਜ, ਪੀਣ ਵਾਲੇ ਸਾਫ਼ ਪਾਣੀ ਅਤੇ ਸਟਰੀਟ ਲਾਈਟਾਂ ਦਾ ਕੋਈ ਵਧੀਆ ਪ੍ਰਬੰਧ ਨਹੀਂ ਹੈ। ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਅੰਮ੍ਰਿਤਸਰ ਵਿੱਚ ਸੀਵਰੇਜ ਦੇ ਗੰਦੇ ਪਾਣੀ ਨਾਲ ਹੋਣ ਵਾਲੇ ਪ੍ਰਦੂਸ਼ਣ ਨੂੰ ਹੱਲ ਕਰਨਾ ਉਨ੍ਹਾਂ ਦੀ ਮੁੱਖ ਤਰਜੀਹ ਹੈ। ਉਨ੍ਹਾਂ ਕਿਹਾ ਕਿ ਇਸ ਦੇ ਹੱਲ ਲਈ ਆਧੁਨਿਕ ਤਕਨੀਕ ਦੀ ਵਰਤੋਂ ਕੀਤੀ ਜਾ ਸਕਦੀ ਹੈ। ਉਨ੍ਹਾਂ ਕਿਹਾ, ਮੈਂ ਸਿਰਫ਼ ਇਹੀ ਕਹਾਂਗਾ ਕਿ ਜਦੋਂ ਸੰਸਦੀ ਚੋਣਾਂ ਹੋਣਗੀਆਂ ਤਾਂ ਸੋਚ ਸਮਝ ਕੇ ਵੋਟ ਕਰੋ ਅਤੇ ਜਦੋਂ ਤੁਸੀਂ ਮੈਨੂੰ ਇੱਥੋਂ ਸੰਸਦ ਮੈਂਬਰ ਬਣਾ ਕੇ ਭੇਜੋਗੇ ਤਾਂ ਮੈਂ ਭਾਰਤ ਸਰਕਾਰ ਅਤੇ ਵਿਦੇਸ਼ੀ ਤਕਨੀਕ ਦੀ ਮਦਦ ਨਾਲ ਸਮੱਸਿਆਵਾਂ ਦਾ ਹੱਲ ਕਰਾਂਗਾ।

ਰਾਮ ਬਾਗ. ਬਜ਼ਾਰ 'ਚ ਡੋਰ ਟੂ ਡੋਰ ਵੋਟਾਂ ਮੰਗਣ ਪਹੁੰਚੇ ਤਰਨਜੀਤ ਸਿੰਘ ਸੰਧੂ ਸਮੁੰਦਰੀ ਦਾ ਲੋਕਾਂ ਨੇ ਕੀਤਾ ਸ਼ਾਨਦਾਰ ਸਵਾਗਤ

# ਅਮਰ ਜੋਤੀ ਸੀਨੀਅਰ ਸੈਕੰਡਰੀ ਸਕੂਲ ਦੇ 10ਵੀਂ ਕਲਾਸ ਦੇ ਵਿਦਿਆਰਥੀਆ ਨੇ ਮੈਰੀਟ ਵਿੱਚ ਅੰਕ ਪ੍ਰਾਪਤ ਕੀਤੇ







**ਚੌਕ ਮਹਿਤਾ 20 ਅਪ੍ਰੈਲ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਪੰਜ਼ਾਬ ਸਕੂਲ ਸਿੱਖਿਆ ਬੋਰਡ ਵਲੋ ਦਸਵੀਂ ਕਲਾਸ ਦੇ ਨਤੀਜੇ ਘੋਸ਼ਿਤ ਕੀਤੇ ਗਏ। ਜਿਸ ਵਿੱਚ ਅਮਰ ਜੋਤੀ ਸੀਨੀਅਰ ਸੈਕੰਡਰੀ ਸਕੂਲ ਦੇ 10ਵੀਂ ਕਲਾਸ ਦੇ ਵਿਦਿਆਰਥੀਆ ਵੱਲੋ ਮੈਰੀਟ ਵਿੱਚ ਅੰਕ ਪ੍ਰਾਪਤ ਕੀਤੇ ਗਏ ਜਿਸ ਵਿੱਚ ਵੈਭਵ ਸੂਰੀ ਨੇ 80% ਅੰਕ ਪ੍ਰਾਪਤ ਕੀਤੇ ਅਤੇ ਹਿਮਾਂਸ਼ੂ ਜੋਸ਼ੀ ਆਤਮ ਪਬਲਿਕ ਸਕੂਲ ਦੇ ਵਿਦਿਆਰਥੀ ਨੇ 825% ਅੰਕ ਹਾਸਲ ਕੀਤੇ ਲਾਰੈਂਸ ਹਾਈ ਸਕੂਲ ਦੇ ਸਟੂਡੈਂਟ ਸਾਈਯਮ ਮਹਾਜਨ ਨੇ 85% ਅੰਕ ਹਾਸਲ ਕੀਤੇ।

# ਜੀਤਮਹਿੰਦਰ ਸਿੰਘ ਸਿੱਧੂ ਨੇ ਮੌੜ ਵਿਖੇ ਕਾਂਗਰਸੀ ਵਰਕਰਾਂ ਨਾਲ ਕੀਤੀ ਮੀਟਿੰਗ



**ਤਲਵੰਡੀ ਸਾਬੋ/ਮੌੜ ਮੰਡੀ, 20 ਅਪ੍ਰੈਲ (ਗੁਰਜੰਟ ਸਿੰਘ ਨਥੇਹਾ)**- ਲੋਕ ਸਭਾ ਹਲਕਾ ਬਠਿੰਡਾ ਤੋਂ ਕਾਂਗਰਸ ਦੇ ਉਮੀਦਵਾਰ ਜੀਤਮਹਿੰਦਰ ਸਿੰਘ ਸਿੱਧੂ ਨੇ ਅੱਜ ਵਿਧਾਨ ਸਭਾ ਹਲਕਾ ਮੌੜ ਦੇ ਕਾਂਗਰਸੀ ਵਰਕਰਾਂ ਨਾਲ ਮੀਟਿੰਗ ਕੀਤੀ। ਇਸ ਮੀਟਿੰਗ ਵਿਚ ਬਲਾਕ ਮੌੜ ਦੇ ਸੈਂਕੜਿਆਂ ਦੀ ਤਦਾਦ ਵਿਚ ਕਾਂਗਰਸੀ ਵਰਕਰਾਂ ਨੇ ਹਿੱਸਾ ਲਿਆ। ਇਸ ਮੌਕੇ ਜੀਤਮਹਿੰਦਰ ਸਿੰਘ ਸਿੱਧੂ ਨੇ ਬੋਲਦੇ ਹੋਏ ਕਿਹਾ ਕਿ ਇਹਨਾਂ ਲੋਕ ਸਭਾ ਚੋਣਾਂ ਨੇ ਹੀ ਸਾਡੇ ਦੇਸ਼ ਦੇ ਲੋਕਤੰਤਰ, ਕਿਸਾਨ ਮਜਦੂਰ ਅਤੇ ਵਪਾਰ ਨੂੰ ਬਚਾਉਣਾ ਹੈ, ਕਿਉਂਕਿ ਦੇਸ਼ ਦੀ ਮੋਦੀ ਹਕੂਮਤ ਨੇ ਸਿਰਫ ਲੋਕਤੰਤਰ ਦਾ ਹੀ ਘਾਣ ਨਹੀਂ ਕੀਤਾ ਸਗੋਂ ਕਿਸਾਨੀ ਨੂੰ ਖਤਮ ਕਰਨ ਲਈ ਕਿਸਾਨਾਂ 'ਤੇ ਅੰਨ੍ਹਾ ਤਸ਼ੱਦਦ ਢਾਹਿਆ ਜਾ ਰਿਹਾ ਹੈ। ਉਹਨਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕਾਂਗਰਸ ਪਾਰਟੀ ਦੇ ਉਮੀਦਵਾਰਾਂ ਨੂੰ ਵੋਟ ਦੇਣ ਤਾਂ ਜੋ ਦੇਸ਼ ਅੰਦਰ ਕਾਂਗਰਸ ਦੀ ਅਗਵਾਈ ਵਾਲੀ ਸਰਕਾਰ ਬਣਾਈ ਜਾ ਸਕੇ। ਇਸ ਮੌਕੇ ਕਾਂਗਰਸ ਦੇ ਪ੍ਰਧਾਨ ਸੁਖਦੀਪ ਸਿੰਘ ਰਾਮਨਗਰ ਸਮੇਤ ਕਾਂਗਰਸੀ ਵਰਕਰਾਂ ਨੇ ਜੀਤਮਹਿੰਦਰ ਸਿੰਘ ਸਿੱਧੂ ਦਾ ਭਰਵਾਂ ਸਵਾਗਤ ਕੀਤਾ। ਇਸ ਮੌਕੇ ਹਲਕਾ ਮੌੜ ਦੇ ਸੀਨੀਅਰ ਆਗੂ ਮਨਿੰਦਰ ਸਿੰਘ ਸੇਖੋਂ, ਭੁਪਿੰਦਰ ਸਿੰਘ ਗੋਰਾ, ਨਰਿੰਦਰ ਸਿੰਘ ਭਲੇਰੀਆ, ਕਾਂਗਰਸ ਕਮੇਟੀ ਬਲਾਕ ਮੌੜ ਦੇ ਪ੍ਰਧਾਨ ਸੁਖਦੀਪ ਸਿੰਘ ਰਾਮਨਗਰ, ਮਾਸਟਰ ਭੁਪਿੰਦਰ ਸਿੰਘ, ਜਥੇਦਾਰ ਗੁਰਤੇਜ ਸਿੰਘ, ਸਾਬਕਾ ਪ੍ਰਧਾਨ ਰਾਜਿੰਦਰ ਸਿੰਘ, ਮੇਜਰ ਸਿੰਘ ਮਾਨ, ਬੂਟਾ ਸਿੰਘ ਘੁੰਮਣ, ਸਿਕੰਦਰ ਸਿੰਘ ਘੁੰਮਣ, ਸਤਨਾਮ ਸਿੰਘ ਸਾਬਕਾ ਸਰਪੰਚ, ਸੁਖਮੰਦਰ ਸਿੰਘ ਜੋਧਪੁਰ, ਜਗਦੀਸ਼ ਸਿੰਘ ਸਰਪੰਚ ਤੋਂ ਇਲਾਵਾ ਭਾਰੀ ਗਿਣਤੀ 'ਚ ਕਾਂਗਰਸੀ ਵਰਕਰ ਮੌਜੂਦ ਸਨ।

ਇਨਸਾਫ ਲੈਣ ਲਈ ਆਖਰੀ ਸਾਹ ਤੱਕ ਇਹ ਜੰਗ ਜਾਰੀ ਰਹੇਗੀ : ਈਮਾਨ ਸਿੰਘ ਮਾਨ

# ਸ੍ਰ ਈਮਾਨ ਸਿੰਘ ਮਾਨ ਦੀ ਅਗਵਾਈ ਵਿਚ ਸਿੱਖ ਨੌਜਵਾਨਾਂ ਦੀਆਂ ਲਾਵਾਰਿਸ ਕਹਿਕੇ ਸਾੜੀਆਂ ਲਾਸ਼ਾਂ ਨਮਿੱਤ ਹੋਇਆ ਅਰਦਾਸ ਸਮਾਗਮ





**ਅੰਮ੍ਰਿਤਸਰ 20 ਅਪ੍ਰੈਲ (ਆਵਾਜ਼ਿ ਕੌਮ ਬਿਊਰੋ )**-ਅੱਜ ਮਿਤੀ 20 ਅਪ੍ਰੈਲ 2024 ਨੂੰ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੀ ਸਮੁੱਚੀ ਟੀਮ ਵੱਲੋਂ ਅੰਮ੍ਰਿਤਸਰ ਤੋਂ ਲੋਕ ਸਭਾ ਉਮੀਦਵਾਰ ਸ੍ਰ ਈਮਾਨ ਸਿੰਘ ਮਾਨ ਜੀ ਦੀ ਅਗਵਾਈ ਵਿੱਚ 1984 ਤੋਂ ਬਾਅਦ ਜਾਲਮ ਸਰਕਾਰਾਂ ਵੱਲੋਂ ਸਿੱਖਾਂ ਦੀ ਨਸਲਕੁਸੀ ਕਰਨ ਦੇ ਮੰਤਵ ਨਾਲ ਝੂਠੇ ਪੁਲਿਸ ਮੁਕਾਬਲੇ ਬਣਾਂਕੇ ਲਗਾਤਾਰ ਲਾਵਾਰਿਸ ਕਹਿਕੇ ਸਾੜੀਆਂ ਗਈਆਂ ਸਿੱਖ ਨੌਜਵਾਨਾਂ ਦੀਆਂ ਲਾਸ਼ਾਂ ਦੇ ਨਮਿੱਤ ਗੁਰਦੁਆਰਾ ਸ਼ਹੀਦਾਂ ਸਾਹਿਬ ਨਾਲ ਲਗਦੇ ਸ਼ਮਸ਼ਾਨਘਾਟ ਵਿਖੇ ਅਰਦਾਸ ਸਮਾਗਮ ਕਰਕੇ ਉਹਨਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਗਈ। ਇਸ ਮੌਕੇ ਤੇ ਸ੍ਰ ਈਮਾਨ ਸਿੰਘ ਜੀ ਮਾਨ ਦੇ ਨਾਲ ਜਰਨਲ ਸਕੱਤਰ ਸ੍ਰ ਉਪਕਾਰ ਸਿੰਘ ਸੰਧੂ, ਸ੍ਰ ਅਮਰੀਕ ਸਿੰਘ ਜੀ ਨੰਗਲ ਜਥੇਬੰਦਕ ਸਕੱਤਰ ਮਾਝਾ ਜੋਨ, ਭਾਈ ਬਲਵੰਤ ਸਿੰਘ ਜੀ ਗੋਪਾਲਾ, ਸ੍ਰ ਰਵੀਸ਼ੇਰ ਸਿੰਘ ਜੀ ਯੂਥ ਆਗੂ, ਸ੍ਰ ਜਸਬੀਰ ਸਿੰਘ ਜੀ ਵਡਾਲੀ, ਸ੍ਰ ਬਲਵਿੰਦਰ ਸਿੰਘ ਜੀ ਕਾਲਾ, ਸ੍ਰ ਸਿਮਰਨਜੀਤ ਸਿੰਘ ਜੀ ਯੂਥ ਆਗੂ, ਸ੍ਰ ਸ਼ਮਸ਼ੇਰ ਸਿੰਘ ਪੱਧਰੀ ਜਿਲਾ ਪ੍ਰੈਸ ਸਕੱਤਰ, ਬੀਬੀ ਰਸ਼ਿਪੰਦਰ ਕੌਰ ਜੀ ਮੁੱਖ ਸੰਪਾਦਕ ਪੀਘਾਂ ਸੋਚ ਦੀਆਂ, ਸ੍ਰ ਜਸਕਰਨ ਸਿੰਘ ਨੰਗਲ, ਸ੍ਰ ਹਰਦੇਵ ਸਿੰਘ ਜੀ ਘਨੂਪੁਰ ਕਾਲੇ, ਸ੍ਰ ਅਮਰਜੀਤ ਸਿੰਘ, ਸ੍ਰ ਬਲਵਿੰਦਰ ਸਿੰਘ ਜੀ ਘਨੂਪੁਰਕਾਲੇ, ਸ੍ਰ ਜਸ਼ਨਦੀਪ ਸਿੰਘ ਕੱਥੂਨੰਗਲ, ਸ੍ਰ ਰਾਜਵਿੰਦਰ ਸਿੰਘ ਇੰਚਾਰਜ ਹਲਕਾ ਦੱਖਣੀ, ਸ੍ਰ ਸੁਖਬੀਰ ਸਿੰਘ ਚੀਮਾਂ, ਸ੍ਰ ਕਰਨਦੀਪ ਸਿੰਘ ਕੱਥੂਨੰਗਲ, ਸ੍ਰ ਯਾਦਵਿੰਦਰ ਸਿੰਘ, ਸ੍ਰ ਨਰਿੰਦਰਪਾਲ ਸਿੰਘ, ਸ੍ਰ ਚੈਂਚਲ ਸਿੰਘ ਕਲੇਰ, ਸ੍ਰ ਹਰਸਿਮਰਨਜਤ ਸਿੰਘ ਵਾਰਡ ਨੰ 43, ਸ੍ਰ ਕੁਲਦੀਪ ਸਿੰਘ ਢਿਲੋਂ, ਸ੍ਰ ਕੁਲਵੰਤ ਸਿੰਘ ਮਜੀਠਾ, ਸ੍ਰ ਰਾਜਾ ਸਿੰਘ ਸ੍ਰ ਨਵਕਰਨ ਸਿੰਘ, ਸ੍ਰ ਅੰਮ੍ਰਿਤਪਾਲ ਸਿੰਘ, ਸ੍ਰ ਰਮਨਪ੍ਰੀਤ ਸਿੰਘ, ਸ੍ਰ ਅਰਸ਼ਦੀਪ ਸਿੰਘ, ਸ੍ਰ ਯੁਵਰਾਜ ਸਿੰਘ ਅਤੇ ਸ੍ਰ ਰੈਲਸਦੀਪ ਸਿੰਘ ਮੁੱਲਾਂ ਮਹਿਰਾਂ ਵੀ ਹਾਜਰ ਸਨ। ਇਸ ਮੌਕੇ ਤੇ ਸ੍ਰ ਈਮਾਨ ਸਿੰਘ ਮਾਨ ਮਨੁੱਖੀ ਅਧਿਕਾਰਾਂ ਦੀ ਗੱਲ ਕਰਦਿਆਂ ਸ਼ਹੀਦ ਭਾਈ ਜਸਵੰਤ ਸਿੰਘ ਜੀ ਖਾਲੜਾ ਨੂੰ ਯਾਦ ਕਰਦਿਆਂ ਹੋਇਆਂ ਕਿਹਾ ਕਿ ਸਿੱਖ ਕੌਮ ਕਦੀ ਵੀ ਉਹਨਾਂ ਦੀ ਕੁਰਬਾਨੀ ਨੂੰ ਭੁਲਾ ਨਹੀਂ ਸਕਦੀ। ਉਹਨਾਂ ਕਿਹਾ ਭਾਰਤ ਦੇ ਹੁਕਮਰਾਨਾਂ ਨੇ ਦੇਸ਼ ਦੀ ਅਜਾਦੀ ਤੋਂ ਬਿਅਦ ਸਿੱਖਾਂ ਨੂੰ ਕਿਸੇ ਪਾਸਿਓਂਵੀ ਕੋਈ ਨਿਆਂ ਨਹੀਂ ਦਿੱਤਾ ਉਲਟਾ ਅੱਤਵਾਦੀ ਤੇ ਵੱਖਵਾਦੀ ਕਹਿਕੇ ਹੀ ਗਰਦਾਨਿਆਂ ਹੈ। ਉਹਨਾਂ ਕਿਹਾ ਕਿ 40 ਸਾਲ ਬੀਤ ਚੁੱਕੇ ਹਨ ਪ੍ਰੰਤੂ ਅੱਜੇ ਤੱਕ ਲਾਵਾਰਿਸ ਕਹਿਕੇ ਸਾੜੀਆਂ ਸਿੱਖ ਨੌਜਵਾਨਾਂ ਦੀਆਂ



ਲਾਸ਼ਾਂ ਦਾ ਇਨਸਾਫ ਸਿੱਖਾਂ ਨੂੰ ਨਹੀਂ ਮਿਲਿਆ, ਅਤੇ ਅਸੀਂ ਆਖਰੀ ਦਮ ਤੱਕ ਇਨਸਾਫ ਲੈਣ ਲਈ ਜੰਗ ਜਾਰੀ ਰੱਖਾਂਗੇ।

### ਪੰਜਾਬ ਵਾਲਮੀਕੀ ਸਮਾਜ ਦੇ ਪ੍ਰਧਾਨ ਸ੍ਰੀ ਮੰਗਲ ਸਿੰਘ ਸਾਥੀਆਂ ਸਮੇਤ ਭਾਜਪਾ ਵਿੱਚ ਸ਼ਾਮਲ ਹੋਏ

# ਭਾਜਪਾ 'ਚ ਸ਼ਾਮਿਲ ਹੋਏ ਸਾਥੀਆਂ ਨੂੰ ਮਾਣ ਸਤਿਕਾਰ ਦਿੱਤਾ ਜਾਵੇਗਾ- ਸ. ਤਰਨਜੀਤ ਸਿੰਘ ਸੰਧੂ



**ਅੰਮ੍ਰਿਤਸਰ, 20 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**- ਭਾਰਤੀ ਜਨਤਾ ਪਾਰਟੀ ਦੇ ਉਮੀਦਵਾਰ ਤਰਨਜੀਤ ਸਿੰਘ ਸੰਧੂ ਸਮੁੰਦਰੀ ਅਤੇ ਭਾਜਪਾ ਦੀਆਂ ਲੋਕਪੱਖੀ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਹਲਕਾ ਅਟਾਰੀ ਦੇ ਪਿੰਡ ਨੰਗਲੀ ਤੋਂ ਕਈ ਕਾਂਗਰਸੀ ਪਰਿਵਾਰ ਅਤੇ ਪੰਜਾਬ ਵਾਲਮੀਕੀ ਸਮਾਜ ਦੇ ਪ੍ਰਧਾਨ ਸ੍ਰੀ ਮੰਗਲ ਸਿੰਘ ਸਾਥੀਆਂ ਸਮੇਤ ਭਾਜਪਾ ਵਿੱਚ ਸ਼ਾਮਲ ਹੋਏ।

ਉਨ੍ਹਾਂ ਨਾਲ ਜਸਵੰਤ ਸਿੰਘ, ਨਰਿੰਦਰ ਸਿੰਘ, ਰੂਬੀ ਜਲ ਵਾਲਾ, ਹਰਜਿੰਦਰ ਸਿੰਘ, ਬਾਬਾ ਲਾਭ ਸਿੰਘ ਆਦਿ ਵੀ ਸ਼ਾਮਿਲ ਸਨ। ਇਸ ਮੌਕੇ ਹਲਕਾ ਅਟਾਰੀ ਦੇ ਇੰਚਾਰਜ ਡਾ. ਸੁਸ਼ੀਲ ਦੇਵਗਨ, ਓਐਸਡੀ ਰਸ਼ਪਾਲ ਸਿੰਘ ਅਤੇ ਸ. ਗੁਰਚਰਨ ਸਿੰਘ ਨੇ ਭਾਜਪਾ 'ਚ ਸ਼ਾਮਿਲ ਹੋਏ ਆਗੂਆਂ ਨੂੰ ਸਨਮਾਨਿਤ ਕਰਦੇ ਹੋਏ ਪਾਰਟੀ ਵਿਚ ਸਵਾਗਤ ਕੀਤਾ। ਇਸ ਮੌਕੇ ਜ਼ਿਲ੍ਹਾ ਪ੍ਰਭਾਰੀ ਅੰਮ੍ਰਿਤਸਰ ਕਪਿਲ ਜੀ, ਸਲਵਾਨ ਸਾਹਿਬ ਮੀਰਾਕੋਟ ਮੰਡਲ ਪ੍ਰਧਾਨ, ਵਿਸਤਾਰਕ ਪਾਲਾ ਸਿੰਘ ਵੀ ਮੌਜੂਦ ਸਨ । ਭਾਜਪਾ ਉਮੀਦਵਾਰ ਸ. ਤਰਨਜੀਤ ਸਿੰਘ ਸੰਧੂ ਨੇ ਇਕ ਸੰਦੇਸ਼ ਰਾਹੀਂ ਭਰੋਸਾ ਦਿੱਤਾ ਕਿ ਭਾਜਪਾ 'ਚ ਸ਼ਾਮਿਲ ਹੋਏ ਸਾਥੀਆਂ ਨੂੰ ਮੋਦੀ ਪਰਿਵਾਰ ਵਿੱਚ ਬਣਦਾ ਮਾਣ ਸਤਿਕਾਰ ਦਿੱਤਾ ਜਾਵੇਗਾ।। ਸ. ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਅੰਮ੍ਰਿਤਸਰ ਅਤੇ ਇਸ ਦੇ ਸਰਹੱਦ ਨਾਲ ਲਗਦੇ ਇਲਾਕੇ ਦੇ ਵਿਕਾਸ ਲਈ ਪ੍ਰਧਾਨ ਮੰਤਰੀ ਤੋਂ ਵਿਸ਼ੇਸ਼ ਪੈਕੇਜ ਲਿਆਂਦਾ ਜਾਵੇਗਾ। ਉਨ੍ਹਾਂ ਕਿਹਾ ਕਿ ਅਟਾਰੀ ਬਾਡਰ ਰਾਹੀਂ ਵਪਾਰ ਨੂੰ ਵਧਾਇਆ ਜਾਣਾ ਮੇਰੇ ਪ੍ਰਮੁੱਖ ਏਜੰਡੇ ਵਿਚ ਸ਼ਾਮਿਲ ਹੈ। ਉਨ੍ਹਾਂ ਕਿਹਾ ਕਿ ਇਸ ਵਾਰ ਭਾਜਪਾ ਦੀ ਸਰਕਾਰ ਬਣਨ 'ਤੇ ਅੰਮ੍ਰਿਤਸਰ ਅਤੇ ਇਸ ਦੇ ਪੇਂਡੂ ਇਲਾਕੇ ਨੂੰ ਇੰਡਸਟਰੀ ਹੱਬ ਬਣਾਉਣ ਦੇ ਨਾਲ-ਨਾਲ ਇੱਥੇ ਵਿਦਿਆਰਥੀਆਂ ਲਈ ਸਰਕਾਰੀ ਕਾਲਜ ਬਣਾਉਣ 'ਤੇ ਵਿਸ਼ੇਸ਼ ਜ਼ੋਰ ਦਿੱਤਾ ਜਾਵੇਗਾ। ਹਲਕਾ ਅਟਾਰੀ ਦੇ ਇੰਚਾਰਜ ਡਾ. ਸੁਸ਼ੀਲ ਦੇਵਗਨ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ ਹੇਠ ਦੇਸ਼ ਤਰੱਕੀ ਦੀ ਰਾਹ ਵੱਲ ਵਧ ਰਿਹਾ ਹੈ। ਭਾਜਪਾ ਦੇ ਸ਼ਾਸਨ 'ਚ ਨੌਜਵਾਨਾਂ ਲਈ ਸਿੱਖਿਆ ਅਤੇ ਰੁਜ਼ਗਾਰ ਲਈ ਕਈ ਤਰ੍ਹਾਂ ਦੀਆਂ ਵਿਵਸਥਾਵਾਂ ਲਿਆਂਦੀਆਂ ਗਈਆਂ ਹਨ, ਜਿਸ ਨਾਲ ਨੌਜਵਾਨਾਂ ਨੂੰ ਸਿੱਖਿਆ ਅਤੇ ਰੁਜ਼ਗਾਰ ਹਾਸਲ ਕਰਨ 'ਚ ਮਦਦ ਮਿਲੇਗੀ।

### ਨਵੀਂ ਸਿੱਖਿਆ ਨੀਤੀ 2020 'ਚ ਭਾਰਤੀ ਵਿਦਿਆਰਥੀਆਂ ਨੂੰ ਕਿੱਤਾ ਮੁੱਖੀ ਕੋਰਸ ਐਨ ਐਸ ਕਿਊ ਐਫ ਤੇ

# ਹੋਰ ਵੋਕੇਸਨਲ ਕੋਰਸਾਂ ਨਾਲ ਜੋੜਨ ਦਾ ਅਹਿਦ ਹੈ : ਵੋਕੇਸ਼ਨਲ ਅਧਿਆਪਕ



**ਅੰਮ੍ਰਿਤਸਰ, 20 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਕਿੱਤਾ ਮੁੱਖੀ ਸਿੱਖਿਆ, ਉਹ ਸਿੱਖਿਆ ਹੈ, ਜਿਸ ਨੂੰ ਹਾਸਿਲ ਕਰਕੇ ਕੋਈ ਵੀ ਵਿਦਿਆਰਥੀ ਨਾਂ ਸਿਰਫ ਆਪਣੇ ਪੈਰਾਂ 'ਤੇ ਖੜ੍ਹਾ ਹੋ ਸਕਦਾ ਹੈ। ਇਸ ਨਾਲ ਉਹ ਆਪਣੇ ਪਰਿਵਾਰ ਦਾ ਢਿੱਡ ਪਾਲ ਸਕਦਾ ਹੈ ਸਗੋਂ ਆਪਣੇ ਕੋਸ਼ਲ, ਹੁਨਰ ਅਤੇ ਤਜ਼ਰਬੇ ਨਾਲ ਦੇਸ਼ ਦੀ ਵੱਡਮੁਲੀ ਸੇਵਾ ਵੀ ਕਰ ਸਕਦਾ ਹੈ। ਇਸ ਨੂੰ ਹੁਨਰਮੰਦ ਸਿੱਖਿਆ ਵੀ ਕਿਹਾ ਜਾਂਦਾ ਹੈ। ਅੱਜ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਨੂਰਪੁਰ ਲੁਬਾਣਾ ਦੇ ਵੋਕੇਸਨਲ ਅਧਿਆਪਕ ਸਿਮਰਨਦੀਪ ਕੌਰ ਤੇ ਗੁਰਪ੍ਰੀਤ ਸਿੰਘ ਨੇ ਪੱਤਰਕਾਰ ਨਾਲ ਗੱਲਬਾਤ ਦੌਰਾਨ ਦੱਸਿਆ ਕਿ ਹੁਨਰ ਦਾ ਅਰਥ ਹੈ ਕਿਸੇ ਖਾਸ ਕਲਾ ਖੇਤਰ ਜਾਂ ਤਕਨੀਕ ਵਿੱਚ ਦਕਸ਼ਤਾ ਹਾਸਿਲ ਕਰਨਾ। ਜਿਸ ਤਰਾਂ ਮੈਡੀਕਲ ਦੇ ਬੀਪੀ ਤੇ ਹੋਰ ਯੰਤਰਾਂ ਨਾਲ ਚੈਕਅਪ ਕਰਨਾ, ਹੁਨਰਮੰਦ ਮਿਸਤਰੀ ਬਣਕੇ ਚਿਣਾਈ ਆਧੁਨਿਕ ਚਾਲ ਨਾਲ ਕਰਨੀ, ਏ.ਸੀ. ਜਾਂ ਫਰਿਜ ਰਿਪੇਅਰ ਕਰਨਾ, ਨਕਸ਼ੇ ਬਣਾਉਣਾ, ਪਲੰਬਿੰਗ ਦਾ ਕੰਮ ਕਰਨਾ ਜਾਂ ਡੀਜ਼ਲ ਮਕੈਨਿਕ ਬਣਨਾ। ਭਾਰਤ ਦੇ ਹਜ਼ਾਰਾਂ ਸੀਨੀਅਰ ਸੈਕੰਡਰੀ ਸਕੂਲਾਂ ਚ ਐਨ ਐਸ ਕਿਊ ਐਫ ਕਿੱਤਾ ਮੁੱਖੀ ਵੋਕੇਸਨਲ ਸਿੱਖਿਆ ਚੱਲ ਰਹੀ ਹੈ ਜਿਸ ਬਦੌਲਤ 35 ਦੇ ਕਰੀਬ ਵੱਖ ਵੱਖ ਵੋਕੇਸਨਲ ਕੋਰਸ ਕਰਵਾਏ ਜਾ ਰਹੇ ਹਨ ਤੇ ਸੈਂਕੜੇ ਨੌਜਵਾਨ ਐਨ ਐਸ਼ ਕਿਊ ਐਫ ਬਦੌਲਤ ਰੁਜ਼ਗਾਰ ਸ਼ੁਰੂ ਕਰ ਚੁੱਕੇ ਹਨ ਕੋਈ ਸਮਾਂ ਸੀ ਜਦੋਂ ਆਖਿਆ ਜਾਂਦਾ ਸੀ ਕਿ ਹਰ ਵਿਦਿਆਰਥੀ ਲਈ ਸਰਸਵਤੀ ਮਾਂ ਦੀ ਕਿਰਪਾ ਜਰੂਰੀ ਹੈ, ਉਹ ਵਿਦਿਆ ਦੀ ਦੇਵੀ ਹੈ ਪਰ ਅਜੋਕੇ ਸਮੇਂ ਵਿੱਚ ਸਰਸਵਤੀ ਮਾਂ ਦੀ ਕਿਰਪਾ ਦੇ ਨਾਲ-ਨਾਲ ਬਾਬਾ ਵਿਸ਼ਵਕਰਮਾ ਜੀ ਦਾ ਅਸ਼ੀਰਵਾਦ ਵੀ ਲਾਜ਼ਮੀ ਹੈ। ਬਾਬਾ ਵਿਸ਼ਕਰਮਾ-ਕਿਰਤੀਆਂ ਦਾ ਦੇਵਤਾ। ਇੰਜੀਨੀਅਰਾਂ ਦਾ ਭਗਵਾਨ। ਇਸ ਲਈ ਭਾਰਤ ਵਿੱਚ ਵਸਦੇ 50 ਕਰੋੜ ਕਾਮਗਰਾਂ ਲਈ ਹੁੰਨਰਮੰਦ ਸਿੱਖਿਆ ਦੀ ਲੋੜ ਹੈ। ਹੁਨਰ ਹਰ ਇੱਕ ਵਿੱਚ ਹੁੰਦਾ ਹੈ, ਕਿਸੇ ਦਾ ਛਿਪ ਜਾਂਦਾ ਹੈ, ਕਿਸੇ ਦਾ ਛਪ ਜਾਂਦਾ ਹੈ। ਅੱਜ ਦੇ ਵਿਦਿਆਰਥੀਆਂ ਨੂੰ ਚਾਹੀਦਾ ਹੈ ਕਿ ਉਹ ਆਪਣੇ ਸ਼ੌਕ, ਦਿਲਚਸਪੀ ਅਤੇ ਝੁਕਾਅ ਦੇ ਮੱਦੇਨਜਰ ਕਿਸੇ ਹੁਨਰ ਦੀ ਚੋਣ ਕਰਨ॥ਕਿੱਤਾ ਮੁੱਖੀ ਸਿੱਖਿਆ ਦਾ ਖੇਤਰ ਵਿਸ਼ਾਲ ਸਮੁੰਦਰ ਵਾਂਗ ਹੈ। ਅਣਗਿਣਤ ਕੋਰਸ ਜਾਂ ਟਰੇਨਿੰਗ ਪ੍ਰੋਗਰਾਮ ਹਨ। ਲੜਕੇ ਅਤੇ ਲੜਕੀਆਂ ਦੋਵਾਂ ਲਈ। ਅਪੰਗ ਬੱਚੇ, ਪੜਾਈ ਛੱਡ ਚੁੱਕੇ ਵਿਦਿਆਰਥੀ, ਪੇਂਡੂ ਬੱਚੇ ਜਾਂ ਪਛੜੀਆਂ ਸ਼੍ਰੇਣੀਆਂ ਦੇ ਵਿਦਿਆਰਥੀ ਵੀ ਆਪਣੀ ਮਨਪੰਸਦ ਦਾ ਕੋਰਸ ਕਰ ਸਕਦੇ ਹਨ। ਸਿੱਖਿਆ ਨੀਤੀ ਵਿਚ ਭਾਰਤੀ ਵਿਦਿਆਰਥੀਆਂ ਨੂੰ ਕਿੱਤਾ ਮੁਖੀ ਕੋਰਸਾਂ ਨਾਲ ਜੋੜਨ ਦਾ ਅਹਿਦ ਹੈ ਅਤੇ ਸਰਕਾਰ ਦਾ ਟੀਚਾ ਹੈ ਕਿ ਆਉਣ ਵਾਲੇ ਸਾਲਾਂ ਵਿਚ ਪੜ੍ਹਾਈ ਕਰਨ ਵਾਲੇ ਕੁੱਲ ਵਿਦਿਆਰਥੀਆਂ ਵਿਚੋਂ ਮਹੱਤਵਪੂਰਨ ਹਿੱਸਾ ਕਿੱਤਾ ਮੁਖੀ ਕੋਰਸਾਂ ਰਾਹੀਂ ਸਿੱਖਿਆ ਅਤੇ ਹੁਨਰ ਹਾਸਿਲ ਕਰੇ। ਅਜੋਕੇ ਸਮੇਂ ਭਾਰਤ ਵਿਚ ਕਿੱਤਾ ਮੁਖੀ ਕੋਰਸਾਂ ਵਿਚ ਸਿੱਖਿਆ ਹਾਸਲ ਕਰਨ ਵਾਲੇ ਵਿਦਿਆਰਥੀਆਂ ਦੀ ਗਿਣਤੀ 5% ਤੋਂ ਵੀ ਘੱਟ ਹੈ ਜਦਕਿ ਅਮਰੀਕਾ, ਜਰਮਨੀ ਤੇ ਦੱਖਣੀ ਕੋਰੀਆ ਵਰਗੇ ਦੇਸ਼ਾਂ ਵਿਚ ਇਹ ਅੰਕੜਾ ਕ੍ਰਮਵਾਰ 52%, 75% ਅਤੇ 96% ਹੈ। ਬਾਕੀ ਦੇਸ਼ਾਂ ਦੇ ਮੁਕਾਬਲੇ ਭਾਰਤ ਦੀ ਸਥਿਤੀ ਬਹੁਤ ਜ਼ਿਆਦਾ ਪੱਛੜੀ ਹੋਈ ਹੈ। ਜੇ ਅੱਜ ਭਾਰਤੀ ਸਿੱਖਿਆ ਖੇਤਰ 'ਤੇ ਝਾਤ ਮਾਰੀਏ ਤਾਂ ਨਿਰਾਸ਼ਾਜਨਕ ਹਾਲਤ ਸਾਹਮਣੇ ਆਉਂਦੀ ਹੈ ਜਿਸ ਅਨੁਸਾਰ ਭਾਰਤ ਦੇ ਬਹੁਤ ਸਾਰੇ ਰਾਜਾਂ ਵਿਚੋਂ ਵੱਡੀ ਗਿਣਤੀ ਵਿਚ ਨੌਜਵਾਨ ਵਿਦਿਆਰਥੀ ਵਿਦੇਸ਼ਾਂ ਵੱਲ ਰੁਖ ਕਰ ਰਹੇ ਹਨ। ਨਤੀਜੇ ਵਜੋਂ ਭਾਰਤ ਵਿਚਲੇ ਕਾਲਜਾਂ ਅਤੇ ਯੂਨੀਵਰਸਿਟੀਆਂ ਵਿਚ ਦਾਖਲਾ ਲੈਣ ਵਾਲੇ ਵਿਦਿਆਰਥੀਆਂ ਦੀ ਗਿਣਤੀ ਹਰ ਅਕਾਦਮਿਕ ਵਰ੍ਹੇ ਘਟ ਰਹੀ ਹੈ ਜਿਸ ਕਰਕੇ ਬਹੁਤ ਸਾਰੇ ਕਾਲਜ ਬੰਦ ਹੋ ਚੁੱਕੇ ਹਨ, ਕਈ ਬੰਦ ਹੋਣ ਦੀ ਕਗਾਰ 'ਤੇ ਹਨ ਅਤੇ ਜ਼ਿਆਦਾਤਰ ਕਾਲਜਾਂ ਤੇ ਯੂਨੀਵਰਸਿਟੀਆਂ ਵਿਚ ਕੰਮ ਕਰਨ ਵਾਲੇ ਅਧਿਆਪਕਾਂ ਅਤੇ ਬਾਕੀ ਅਮਲੇ ਨੂੰ ਤਨਖਾਹ ਲਈ ਉਡੀਕ ਕਰਨੀ ਪੈ ਰਹੀ ਹੈ। ਹੈਰਾਨੀਜਨਕ ਸੱਚ ਇਹ ਹੈ ਕਿ ਭਾਰਤ ਦੇ ਵੱਖ ਵੱਖ ਚਾਰ ਵਰਣਾਂ ਵਿਚੋਂ ਵਿਦੇਸ਼ ਗਏ ਵਿਦਿਆਰਥੀ ਵਿਦੇਸ਼ ਵਿਚ ਹਰ ਤਰ੍ਹਾਂ ਦਾ ਪੇਸ਼ਾ ਚੁਣ ਰਹੇ ਹਨ ਅਤੇ ਬੇਝਿਜਕ ਆਪਣੀ ਜੀਵਕਾ ਕਮਾ ਰਹੇ ਹਨ। ਇਨ੍ਹਾਂ ਨੌਜਵਾਨ ਵਿਦਿਆਰਥੀਆਂ ਨੇ ਆਪਣੇ ਪੁਸ਼ਤੈਨੀ ਕਿੱਤੇ ਛੱਡ ਕੇ ਦੂਜੇ ਕਿੱਤਿਆਂ ਵਿਚ ਸਫਲਤਾ ਹਾਸਲ ਕੀਤੀ ਹੈ। ਹੁਣ ਸਵਾਲ ਪੈਦਾ ਹੁੰਦਾ ਹੈ ਕਿ ਅਜਿਹੇ ਕਿਹੜੇ ਕਾਰਕ ਹਨ ਜੋ ਵਿਦਿਆਰਥੀਆਂ ਨੂੰ ਇਸ ਤਬਦੀਲੀ ਲਈ ਹੱਲਾਸ਼ੇਰੀ ਦਿੰਦੇ ਹਨ। ਦੋ ਗੱਲਾਂ ਸਾਫ ਹਨ; ਇੱਕ, ਵਿਦੇਸ਼ਾਂ ਵਿਚ ਅਜਿਹੀ ਕੋਈ ਵਰਗ ਵੰਡ ਨਹੀਂ ਹੈ। ਵਿਦੇਸ਼ੀ ਸਮਾਜ ਕਿਸੇ 'ਤੇ ਵੀ ਤੈਅ ਲੇਬਲ ਲਗਾਏ ਬਿਨਾ ਹਰ ਮਿਹਨਤ ਕਰਨ ਵਾਲੇ ਵਿਅਕਤੀ ਦੀ ਕਦਰ ਕਰਦਾ ਹੈ। ਦੂਜੀ ਗੱਲ, ਵਿਦੇਸ਼ਾਂ ਵਿਚ ਹਰ ਕਿੱਤੇ ਦਾ ਮਿਹਨਤਾਨਾ ਇੰਨਾ ਕੁ ਜ਼ਰੂਰ ਹੈ ਕਿ ਉਹ ਆਪਣੇ ਪਰਿਵਾਰ ਦਾ ਸੰਤੋਖਜਨਕ ਪਾਲਣ-ਪੋਸ਼ਣ ਕਰ ਸਕਦਾ ਹੈ। ਪੰਜਾਬ ਵਿਚੋਂ ਗਏ ਲੱਖਾਂ ਹੀ ਵਿਦਿਆਰਥੀ ਵਿਦੇਸ਼ਾਂ ਵਿਚ ਪੜ੍ਹਾਈ ਕਰਨ ਦੇ ਨਾਲ ਨਾਲ ਵੱਖੋ-ਵੱਖ ਕਿੱਤਿਆਂ ਵਿਚੋਂ ਆਪਣਾ ਗੁਜ਼ਾਰਾ ਚਲਾ ਰਹੇ ਹਨ ਕੌਮੀ ਸਿੱਖਿਆ ਨੀਤੀ ਵਿਚ ਕਿੱਤਾ ਮੁਖੀ ਕੋਰਸਾਂ ਨੂੰ ਤਰਜੀਹ ਦੇਣਾ ਸ਼ਾਇਦ ਇਨ੍ਹਾਂ ਸਮੱਸਿਆਵਾਂ ਨੂੰ ਸੁਲਝਾਉਣ ਵਿਚ ਪ੍ਰਭਾਵਸ਼ਾਲੀ ਕਾਰਕ ਦੇ ਤੌਰ 'ਤੇ ਕੰਮ ਕਰ ਸਕਦਾ ਹੈ ਅਤੇ ਆਉਣ ਵਾਲੇ ਸਮੇਂ ਵਿਚ ਕਿੱਤਿਆਂ ਦੀ ਵਰਗਾਂ ਅਨੁਸਾਰ ਕੀਤੀ ਵੰਡ ਨੂੰ ਖਤਮ ਕਰ ਸਕਦਾ ਹੈ।

# ਭਾਈ ਮਨਿੰਦਰ ਸਿੰਘ ਜੁੰਮਾ ਦੀ ਕੇਂਦਰੀ ਜੇਲ ਫਰੀਦਕੋਟ ਤੋਂ ਰਿਹਾਈ





**ਫਰੀਦਕੋਟ, 20 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਐਡਵੋਕੇਟ ਜਸਪਾਲ ਸਿੰਘ ਮੰਝਪੁਰ ਦੀ ਸੂਚਨਾਂ ਅਨੁਸਾਰ ਭਾਈ ਮਨਿੰਦਰ ਸਿੰਘ ਜੁੰਮਾ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੇ ਦੋਸ਼ੀ ਤੇ ਡੇਰਾ ਸਿਰਸਾ ਪਰੇਮੀ ਮਹਿੰਦਰਪਾਲਬਿੱਟੂ ਇੰਸਾ ਦੇ ਜਿਲਾ ਜੇਲ ਨਾਭਾ ਵਿਚ 22 ਜੂਨ 2019 ਨੂੰ ਹੋਏ ਕਤਲ ਦੇ ਕੇਸ ਵਿਚ ਨਾਮਜ਼ਦ ਸੀ, ਦੀ ਜਮਾਨਤ ਪੰਜਾਬ ਤੇ ਹਰਿਆਣਾ ਹਾਈ ਕੋਰਟ ਵੱਲੋ 15 ਅਪਰੈਲ 2024 ਨੂੰ ਮਨਜੂਰ ਕਰ ਲਈ ਸੀ ਤੇ ਅੱਜ ਜਮਾਨਤੀ ਮੁਚੱਲਕੇ ਭਰਨ ਤੋ ਬਾਦ ਰਿਹਾਈ ਕੇਂਦਰੀ ਜੇਲ ਫਰੀਦਕੋਟ ਤੋ ਹੋ ਗਈ। ਧੰਨਵਾਦ Sikh Legal Assistance Board ਤੇ ਸੀਨੀਅਰ ਐਡਵੋਕੇਟ ਸਰਦਾਰ ਪੂਰਨ ਸਿੰਘ ਹੁੰਦਲ ਜੀ ਦਾ।

# ਡਾ. ਵਿਜੇ ਸਤਬੀਰ ਸਿੰਘ ਮੁੱਖ ਪ੍ਰਬੰਧਕ ਵਲੋਂ ਗੁਰਦੁਆਰਾ ਸੱਚਖੰਡ ਬੋਰਡ ਨਾਂਦੇੜ ਦੇ ਪੱਕੇ ਕਰਮਚਾਰੀਆਂ ਨੂੰ 7 ਪ੍ਰਤੀਸ਼ਤ ਮਹਿੰਗਾਈ ਭੱਤੇ ਦਾ ਤੋਹਫਾ



**ਅੰਮ੍ਰਿਤਸਰ 20 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਗੁਰਦੁਆਰਾ ਬੋਰਡ ਤਖ਼ਤ ਸੱਚਖੰਡ ਸ੍ਰੀ ਹਜ਼ੁਰ ਅਬਿਚਲਨਗਰ ਸਾਹਿਬ ਨਾਂਦੇੜ ਦੇ ਮੁੱਖ ਪ੍ਰਬੰਧਕ ਡਾ. ਵਿਜੇ ਸਤਬੀਰ ਸਿੰਘ ਸਾਬਕਾ ਆਈ.ਏ.ਐਸ. ਵਲੋਂ ਕਰਮਚਾਰੀਆਂ ਨੂੰ 7 ਪ੍ਰਤੀਸ਼ਤ ਮਹਿੰਗਾਈ ਭੱਤਾ ਜਾਰੀ ਕਰ ਦਿਤਾ ਗਿਆ ਜਿਸ ਕਰਕੇ ਕਰਮਚਾਰੀਆਂ ਵਿੱਚ ਅਥਾਹ ਖ਼ੁਸ਼ੀ ਦੀ ਲਹਿਰ ਦੌੜ ਗਈ। ਇਹ ਮਹਿੰਗਾਈ ਭੱਤਾ ਲਾਗੂ ਹੋਣ ਨਾਲ ਲਗਪਗ ਇੱਕ ਹਜ਼ਾਰ ਪੱਕੇ ਕਰਮਚਾਰੀਆਂ ਨੂੰ ਵੱਡਾ ਆਰਥਿਕ ਲਾਭ ਪ੍ਰਾਪਤ ਹੋਵੇਗਾ ਇਸ ਮੌਕੇ ਸ੍ਰ: ਠਾਨ ਸਿੰਘ ਬੁੰਗਈ. ਸ੍ਰ: ਸ਼ਰਨ ਸਿੰਘ ਸੋਢੀ ਸ੍ਰ: ਰਵਿੰਦਰ ਸਿੰਘ ਕਪੂਰ, ਸ੍ਰ: ਜੈਮਲ ਸਿੰਘ ਢਿਲੋਂ, ਸ੍ਰ: ਬਲਵਿੰਦਰ ਸਿੰਘ ਫੌਜੀ, ਸ੍ਰ: ਠਾਕਰ ਸਿੰਘ ਬੁੰਗਈ. ਸ੍ਰ: ਪ੍ਰਦੀਪ ਸਿੰਘ ਮਾਨ, ਸ੍ਰ: ਹਰਮਿੰਦਰ ਸਿੰਘ ਜਕਰੇਵਾਲੇ, ਸ੍ਰ: ਜਗਦੀਪ ਸਿੰਘ ਲਾਂਗਰੀ ਤੇ ਹੋਰ ਕਰਮਚਾਰੀਆਂ ਵਲੋਂ ਡਾ. ਵਿਜੇ ਸਤਬੀਰ ਸਿੰਘ ਦਾ ਤਹਿਦਿਲੋਂ ਧੰਨਵਾਦ ਤੇ ਫੁਲਹਾਰ ਸ਼ਾਲ ਨਾਲ ਸਨਮਾਨ ਕੀਤਾ ਗਿਆ। ਡਾ. ਵਿਜੇ ਸਤਬੀਰ ਸਿੰਘ ਨੇ ਇਸ ਮੌਕੇ ਬੋਲਦਿਆਂ ਕਿਹਾ ਕਿ ਉਹ ਹਮੇਸ਼ਾਂ ਹੀ ਕਰਮਚਾਰੀਆਂ ਤੇ ਉਨ੍ਹਾਂ ਦੇ ਪਰਿਵਾਰਾਂ ਨਾਲ ਖੜੇ ਹਨ ਅਤੇ ਉਨ੍ਹਾਂ ਦੀ ਬੇਹਤਰੀ ਲਈ ਹਮੇਸ਼ਾਂ ਵਚਨਬੱਧ ਹਾਂ ਡਾ. ਵਿਜੇ ਸਤਬੀਰ ਸਿੰਘ ਨੇ ਇਹ ਵੀ ਦਸਿਆ ਕਿ ਉਨ੍ਹਾਂ ਵਲੋਂ 2014 ਤੋਂ ਜੋ ਮੈਡੀਕਲ ਪਾਲਿਸੀ ਲਾਗੂ ਕੀਤੀ ਗਈ ਸੀ, ਉਸ ਤੋਂ ਹੁਣ ਕਰਮਚਾਰੀਆਂ ਨੂੰ ਭਾਰੀ ਲਾਭ ਪ੍ਰਾਪਤ ਹੋ ਰਿਹਾ ਹੈ ਕਿਉਂਕਿ ਕਰਮਚਾਰੀ ਦੇ ਪਰਿਵਾਰਕ ਮੈਂਬਰਾਂ ਪਤਨੀ ਤੇ ਬੱਚਿਆਂ ਨੂੰ ਵੀ ਪਾਲਿਸੀ ਵਿਚ ਸ਼ਾਮਿਲ ਕੀਤਾ ਗਿਆ ਹੈ। ਇਸ ਮੌਕੇ ਸ੍ਰ: ਜਸਵੰਤ ਸਿੰਘ ਬੌਬੀ ਦਿੱਲੀ, ਸ੍ਰ: ਅਮਰਪ੍ਰੀਤ ਸਿੰਘ ਵੀ ਹਾਜ਼ਰ ਸਨ। ਇਹ ਜਾਣਕਾਰੀ ਸ੍ਰ: ਰਾਜਦਵਿੰਦਰ ਸਿੰਘ ਕੱਲ੍ਹਾ ਸੁਪਰਡੈਂਟ ਗੁਰਦੁਆਰਾ ਸੱਚਖੰਡ ਬੋਰਡ ਵਲੋਂ ਦਿਤੀ ਗਈ ।

# ਤਰਨਜੀਤ ਸਿੰਘ ਸੰਧੂ ਸਮੁੰਦਰੀ ਨੂੰ ਆਟੋ ਯੂਨੀਅਨ ਦੇ ਪ੍ਰਧਾਨ ਰਮੇਸ਼ ਕੁਮਾਰ ਬੰਟੀ ਦਸੀਆਂ ਮੁਸ਼ਕਲਾਂ , ਮਦਦ ਦੀ ਕੀਤੀ ਅਪੀਲ



**ਅੰਮ੍ਰਿਤਸਰ 20 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਭਾਰਤੀ ਜਨਤਾ ਪਾਰਟੀ ਦੇ ਅੰਮ੍ਰਿਤਸਰ ਲੋਕ ਸਭਾ ਹਲਕੇ ਤੋਂ ਉਮੀਦਵਾਰ ਅਤੇ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਸਮੁੰਦਰੀ ਨਾਲ ਆਟੋ ਯੂਨੀਅਨ ਦੇ ਪ੍ਰਧਾਨ ਰਮੇਸ਼ ਕੁਮਾਰ ਬੰਟੀ ਨੇ ਮੁਲਾਕਾਤ ਕੀਤੀ ਅਤੇ ਆਟੋ ਯੂਨੀਅਨ ਨੂੰ ਦਰਪੇਸ਼ ਸਮੱਸਿਆਵਾਂ ਤੋਂ ਜਾਣੂ ਕਰਾਇਆ ਅਤੇ ਮਦਦ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਆਟੋ ਵਾਲਿਆਂ ਨੂੰ ਪ੍ਰਸ਼ਾਸਨ ਵੱਲੋਂ ਕਈ ਵਾਰ ਬਿਨਾ ਵਜਾ ਤੰਗ ਪ੍ਰੇਸ਼ਾਨ ਕੀਤਾ ਜਾਂਦਾ ਹੈ। ਸਰਕਾਰ ਵੱਲੋਂ ਨਿਰਧਾਰਿਤ ਮਾਪ ਢੰਡ ਦੇ ਬਾਵਜੂਦ ਉਨ੍ਹਾਂ ਨੂੰ ਅਧਿਕਾਰਾਂ ਤੋਂ ਵਾਂਝਾ ਕੀਤਾ ਜਾਂਦਾ ਹੈ। ਆਟੋ ਯੂਨੀਅਨ ਦੇ ਪ੍ਰਧਾਨ ਰਮੇਸ਼ ਕੁਮਾਰ ਬੰਟੀ ਨੇ ਕਿਹਾ ਕਿ ਉਹ ਅਤੇ ਉਸ ਦੇ ਸਾਥੀ ਸੰਧੂ ਦੇ ਸੁਭਾਅ ਅਤੇ ਕੰਮ ਕਰਨ ਦੀ ਸਪ੍ਰਿਟ ਤੋਂ ਬਹੁਤ ਪ੍ਰਭਾਵਿਤ ਹਨ। ਉਨ੍ਹਾਂ ਕਿਹਾ ਕਿ ਆਟੋ ਵਾਲੇ ਗ.ਰੀਬ ਲੋਕ ਹਨ, ਪਰ ਇਮਾਨਦਾਰ ਹਨ। ਮਿਹਨਤ ਕਰਕੇ ਰੋਜ਼ੀ ਰੋਟੀ ਕਮਾਉਣ ਵਾਲੇ ਹਨ। ਉਨ੍ਹਾਂ ਕਿਹਾ ਕਿ ਚੋਣਾਂ ਜਿਤਾ ਕੇ ਸੰਧੂ ਨੂੰ ਪਾਰਲੀਮੈਂਟ 'ਚ ਭੇਜਿਆ ਜਾਵੇਗਾ ਅਤੇ ਉਨ੍ਹਾਂ ਤੋਂ ਸਭ ਮਸਲੇ ਹੱਲ ਕਰਾਏ ਜਾਣਗੇ। ਇਸ ਮੌਕੇ ਤਰਨਜੀਤ ਸਿੰਘ ਸੰਧੂ ਨੇ ਭਰੋਸਾ ਦਿੱਤਾ ਕਿ ਆਟੋ ਯੂਨੀਅਨ ਨਾਲ ਧੱਕਾ ਨਹੀਂ ਹੋਣ ਦਿੱਤਾ ਜਾਵੇਗਾ। ਚੋਣਾਂ ਉਪਰੰਤ ਯੂਨੀਅਨ ਦੇ ਮਸਲੇ ਹੱਲ ਕਰਨ ਲਈ ਪੂਰੀ ਵਾਹ ਲਗਾ ਦੇਵਾਂਗਾ। ਉਨ੍ਹਾਂ ਦੇ ਮਸਲੇ ਜ਼ਰੂਰ ਹੱਲ ਕਰਾਏ ਜਾਣਗੇ। ਇਸ ਮੌਕੇ ਭਾਜਪਾ ਆਗੂ ਲਖਬੀਰ ਸਿੰਘ,ਰਾਜਕੁਮਾਰ, ਸ਼੍ਰੀ ਓਮ ਪ੍ਰਕਾਸ਼ ਅਨਾਰੀਆ, ਸਸ਼ੀ ਗਿੱਲ, ਸਬੀਰ ਦ੍ਰਾਵਿੜ, ਸ਼੍ਰੀ ਰਾਜਸ਼ ਸਹੋਤਾ, ਰੋਹਿਤ ਅਨਾਰੀਆ, ਮੁਨੀਸ਼ ਧਵਨ ਤੇ ਅਮਨਦੀਪ ਆਦਿ ਸੱਜਣ ਵੀ ਮੌਜੂਦ ਸਨ। ਸ. ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਭਾਜਪਾ ਸਰਕਾਰ ਨੇ ਹੁਣ ਤੱਕ ਗਰੀਬਾਂ ਲਈ 4 ਕਰੋੜ ਪੱਕੇ ਮਕਾਨ ਬਣਾਏ ਹਨ ਅਤੇ ਇਸ ਯੋਜਨਾ ਦਾ ਵਿਸਥਾਰ ਕਰਦੇ ਹੋਏ ਭਾਜਪਾ ਸਰਕਾਰ ਨੇ ਪ੍ਰਧਾਨ ਮੰਤਰੀ ਆਵਾਸ ਯੋਜਨਾ ਤਹਿਤ 3 ਕਰੋੜ ਹੋਰ ਪੱਕੇ ਮਕਾਨ ਬਣਾਉਣ ਦਾ ਵਾਅਦਾ ਕੀਤਾ ਹੈ।

## ਅੱਜ ਸੰਗਰੂਰ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਸਰਪ੍ਰਸਤ ਸਰਦਾਰ ਸੁਖਦੇਵ ਸਿੰਘ ਢੀਂਡਸਾ ਵੱਲੋਂ

# ਪਾਰਟੀ ਦੇ ਜੁਝਾਰੂ ਆਗੂਆਂ ਤੇ ਵਰਕਰਾਂ ਨਾਲ ਇੱਕ ਅਹਿਮ ਮੁਲਾਕਾਤ ਕੀਤੀ












ਅੱਜ ਸੰਗਰੂਰ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਸਰਪ੍ਰਸਤ ਸਰਦਾਰ ਸੁਖਦੇਵ ਸਿੰਘ ਢੀਂਡਸਾ ਵੱਲੋਂ ਪਾਰਟੀ ਦੇ ਜੁਝਾਰੂ ਆਗੂਆਂ ਤੇ ਵਰਕਰਾਂ ਨਾਲ ਇੱਕ ਅਹਿਮ ਮੁਲਾਕਾਤ ਕੀਤੀ। ਇਸ ਮੁਲਾਕਾਤ ਵਿੱਚ ਅਜੋਕੇ ਸਿਆਸੀ ਹਾਲਾਤ ਬਾਰੇ ਵਿਸਥਾਰ ਪੂਰਵਕ ਵਿਚਾਰ ਚਰਚਾ ਕੀਤੀ ਗਈ। ਇਸ ਮੌਕੇ ਬੋਲਦਿਆਂ ਸਰਦਾਰ ਸੁਖਦੇਵ ਸਿੰਘ ਢੀਂਡਸਾ ਜੀ ਨੇ ਕਿਹਾ ਕਿ ਸਾਡਾ ਨਿਸ਼ਾਨਾ ਹਮੇਸ਼ਾ ਸ਼੍ਰੋਮਣੀ ਅਕਾਲੀ ਦਲ ਨੂੰ ਤਕੜਾ ਕਰਨਾ ਰਿਹਾ ਹੈ ਅਤੇ ਭਵਿੱਖ ਵਿੱਚ ਵੀ ਅਜਿਹਾ ਹੀ ਹੋਵੇਗਾ। ਇਕੱਤਰ ਹੋਏ ਸਮੂਹ ਆਗੂਆਂ ਤੇ ਵਰਕਰਾਂ ਦਾ ਬਹੁਤ ਬਹੁਤ ਧੰਨਵਾਦ।



ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

### ਸਰਕਾਰੀ ਅਤੇ ਪ੍ਰਾਈਵੇਟ ਬੱਸਾਂ ਵਿੱਚੋਂ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਦੀ ਲੱਗੀਆਂ

# ਤਸਵੀਰਾਂ ਨੂੰ ਹਟਾਉਣ ਦਾ ਫੈਸਲਾ ਮੰਦਭਾਗਾ : ਆਗੂ ਮਾਨ ਦਲ



ਧੂਰੀ ( ਰਣਜੀਤ ਸਿੰਘ ਪੇਧਨੀ ) ਪੰਜਾਬ ਦੇ ਟਰਾਂਸਪੋਰਟ ਵਿਭਾਗ ਵੱਲੋਂ ਪੀ,ਆਰ,ਟੀ,ਸੀ ਨੂੰ ਸਖਤ ਹਦਾਇਤ ਕਰਕੇ ਪੰਜਾਬ ਵਿੱਚ ਚੱਲਦੀਆਂ ਸਰਕਾਰੀ ਅਤੇ ਪ੍ਰਾਈਵੇਟ ਬੱਸਾਂ ਵਿੱਚੋਂ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਦੀ ਲੱਗੀਆਂ ਤਸਵੀਰਾਂ ਨੂੰ ਹਟਾਉਣ ਦੇ ਆਦੇਸ਼ ਜਾਰੀ ਕੀਤੇ ਹਨ। ਜਿਸ ਦੀ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਤਖਤ ਸ਼ਬਦਾਂ ਵਿੱਚ ਨਿੰਦਾ ਕਰਦਾ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਜਥੇਬੰਦਕ ਸਕੱਤਰ ਗੋਬਿੰਦ ਸਿੰਘ ਸੰਧੂ, ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਦੇ ਪੀਏਸੀ ਦੇ ਮੈਂਬਰ ਹਰਬੰਸ ਸਿੰਘ ਸਲੇਮਪੁਰ, ਨਰਿੰਦਰ ਸਿੰਘ ਕਾਲਾਬੂਲਾ ਸੀਨੀਅਰ ਆਗੂ ਹਲਕਾ ਧੂਰੀ, ਸਾਧੂ ਸਿੰਘ ਪੇਧਨੀ ਸੀਨੀਅਰ ਆਗੂ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਅਤੇ ਅਮਰੀਕ ਸਿੰਘ ਕਿਲਾ ਹਕੀਮਾ ਯੂਥ ਆਗੂ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਨੇ ਸਾਂਝੇ ਤੌਰ ਤੇ ਕੀਤਾ। ਉਹਨਾਂ ਕਿਹਾ ਕਿ ਬੱਸਾਂ ਵਿੱਚ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂ ਵਾਲਿਆਂ ਦੀ ਸੋਚ ਨਾਲ ਜੁੜੇ ਨੌਜਵਾਨਾਂ, ਮੁਲਾਜ਼ਮਾਂ ਅਧਿਕਾਰੀਆਂ, ਕਨੈਕਟਰ, ਡਰਾਈਵਰਾਂ ਵੱਲੋਂ ਲਾਈਆਂ ਤਸਵੀਰਾਂ ਨੂੰ ਕਿਸੇ ਨਾਦਰ ਸਾਹੀ ਫਰਮਾਨ ਦੇ ਨਾਲ ਉਤਾਰਨ ਨਹੀਂ ਦਿੱਤਾ ਜਾਵੇਗਾ ਜੇਕਰ ਅਜਿਹਾ ਹੋਇਆ ਤਾਂ ਉਸ ਦਾ ਡੱਟ ਕੇ ਵਿਰੋਧ ਕੀਤਾ ਜਾਵੇਗਾ। ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਸਿੱਖਾਂ ਦੀਆਂ ਭਾਵਨਾਵਾਂ ਨੂੰ ਕੁਚਲਣ ਵਿੱਚ ਲੱਗੀ ਹੋਈ ਹੈ ਜਿਸ ਨੂੰ ਕਦੇ ਵੀ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਪਹਿਲਾਂ ਸਰਕਾਰ ਨੇ ਪੰਜਾਬ ਦੇ ਸਿੱਖ ਨੌਜਵਾਨਾਂ ਤੇ ਐਨ,ਐਸ,ਏ ਲਗਾ ਕੇ ਡਿਬਰੂਗੜ੍ਹ ਦੀਆਂ ਜੇਲਾਂ ਵਿੱਚ ਭੇਜ ਦਿੱਤਾ ਅਤੇ ਪਿੱਛੋਂ ਉਹਨਾਂ ਦੇ ਪਰਿਵਾਰਾਂ ਨੂੰ ਵੀ ਤੰਗ ਪਰੇਸ਼ਾਨ ਕੀਤਾ ਜਾ ਰਿਹਾ। ਹੁਣ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੀ ਸੋਚ ਪੰਜਾਬ ਦੇ ਨੌਜਵਾਨਾਂ ਵਿੱਚ ਹਮੇਸ਼ਾ ਕਾਇਮ ਰਹੇਗੀ, ਜੇਕਰ ਉਹਨਾ ਦੀ ਤਸਵੀਰ ਨੂੰ ਹਟਾਉਣ ਲਈ ਸਰਕਾਰਾਂ ਵੱਲੋਂ ਕਿਸੇ ਵੀ ਪ੍ਰਕਾਰ ਤਰ੍ਹਾਂ ਦੀ ਕਾਰਵਾਈ ਨੂੰ ਅਮਲ ਵਿੱਚ ਲਿਆਂਦਾ ਗਿਆ ਤਾਂ ਉਸ ਦੀ ਜਿੰਮੇਵਾਰ ਸਰਕਾਰ ਹੋਵੇਗੀ ਦਾ ਖਮਿਆਜਾ ਆਉਣ ਵਾਲੀਆਂ ਲੋਕ ਸਭਾ ਚੋਣਾਂ ਵਿੱਚ ਭੁਗਤਣਾ ਪਵੇਗਾ।

### ਗੁਰਦੁਆਰਾ ਸ੍ਰੀ ਮੰਜੀ ਸਾਹਿਬ ਵਿਖੇ ਮਨਾਇਆ

# ਭਗਤ ਧੰਨਾ ਜੀ ਦਾ ਜਨਮ ਦਿਹਾੜਾ



**ਅੰਮ੍ਰਿਤਸਰ, 20 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸ੍ਰੀ ਦਰਬਾਰ ਸਾਹਿਬ ਨਾਲ ਸਬੰਧਤ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ ਭਗਤ ਧੰਨਾ ਜੀ ਦਾ ਜਨਮ ਦਿਹਾੜਾ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ। ਇਸ ਸਬੰਧੀ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਮਗਰੋਂ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਜਗਜੀਤ ਸਿੰਘ ਦੇ ਜਥੇ ਨੇ ਗੁਰਬਾਣੀ ਕੀਰਤਨ ਕੀਤਾ ਅਤੇ ਅਰਦਾਸ ਭਾਈ ਗੁਰਚਰਨ ਸਿੰਘ ਨੇ ਕੀਤੀ। ਸੰਗਤ ਨੂੰ ਹੁਕਮਨਾਮਾ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੇ ਕਥਾਵਾਚਕ ਭਾਈ ਵਿਸ਼ਾਲ ਸਿੰਘ ਨੇ ਸਰਵਣ ਕਰਵਾਇਆ। ਭਾਈ ਵਿਸ਼ਾਲ ਸਿੰਘ ਨੇ ਸੰਗਤਾਂ ਨਾਲ ਭਗਤ ਧੰਨਾ ਜੀ ਦੇ ਜੀਵਨ ਇਤਿਹਾਸ ਦੀ ਸਾਂਝ ਪਾਉਂਦਿਆਂ ਕਿਹਾ ਕਿ ਉਨ੍ਹਾਂ ਦਾ ਜੀਵਨ ਨਾਮ ਜਪਣ, ਸੱਚੀ ਕਿਰਤ ਅਤੇ ਪਰਮਾਤਮਾ 'ਤੇ ਭਰੋਸੇ ਦੀ ਪ੍ਰੇਰਣਾ ਦਿੰਦਾ ਹੈ। ਉਨ੍ਹਾਂ ਸੰਗਤਾਂ ਨੂੰ ਭਗਤ ਧੰਨਾ ਜੀ ਦੇ ਜਨਮ ਦਿਹਾੜੇ ਦੀ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਜੀਵਨ ਇਤਿਹਾਸ ਤੋਂ ਸੇਧ ਲੈਣ ਦੀ ਅਪੀਲ ਕੀਤੀ। ਇਸ ਮੌਕੇ ਧਰਮ ਪ੍ਰਚਾਰ ਕਮੇਟੀ ਦੇ ਮੈਂਬਰ ਭਾਈ ਅਜਾਇਬ ਸਿੰਘ ਅਭਿਆਸੀ, ਸ਼੍ਰੋਮਣੀ ਕਮੇਟੀ ਦੇ ਵਧੀਕ ਸਕੱਤਰ ਸ. ਕੁਲਵਿੰਦਰ ਸਿੰਘ ਰਮਦਾਸ, ਸ. ਗੁਰਿੰਦਰ ਸਿੰਘ ਮਥਰੇਵਾਲ, ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਸ. ਭਗਵੰਤ ਸਿੰਘ ਧੰਗੇੜਾ, ਮੀਤ ਸਕੱਤਰ ਸ. ਗੁਰਦਿਆਲ ਸਿੰਘ, ਪ੍ਰੋ. ਸੁਖਦੇਵ ਸਿੰਘ, ਸ. ਸੁਖਬੀਰ ਸਿੰਘ, ਸੁਪ੍ਰਿੰਟੈਂਡੈਂਟ ਸ. ਨਿਸ਼ਾਨ ਸਿੰਘ, ਮੈਨੇਜਰ ਸ. ਨਰਿੰਦਰ ਸਿੰਘ, ਮੀਤ ਮੈਨੇਜਰ ਸ. ਗੁਰਤਿੰਦਰਪਾਲ ਸਿੰਘ ਸਮੇਤ ਸੰਗਤਾਂ ਹਾਜ਼ਰ ਸਨ।

### ਪਿੰਡ ਚੜਿਆਲ ਵਿਖੇ ਬਾਬਾ ਸਾਹਿਬ ਡਾਕਟਰ ਭੀਮ ਰਾਓ ਅੰਬੇਡਕਰ ਜੀ ਦਾ

# ਜਨਮ ਦਿਵਸ ਮਨਾਇਆ ਗਿਆ

**ਹੁਸ਼ਿਆਰਪੁਰ, 20 ਅਪ੍ਰੈਲ, (ਆਵਾਜ਼ਿ ਕੌਮ ਬਿਊਰੋ)**-ਇਥੋਂ ਥੋੜੀ ਦੂਰੀ ਤੇ ਬਲਾਕ ਹੁਸ਼ਿਆਰਪੁਰ-1 ਦੇ ਪਿੰਡ ਚੜਿਆਲ ਵਿਖੇ ਪਿੰਡ ਦੀ ਅੰਬੇਡਕਰ ਮਿਸ਼ਨ ਸੁਸਾਇਟੀ ਵਲੋਂ ਬਾਬਾ ਸਾਹਿਬ ਭੀਮ ਰਾਓ ਜੀ ਦਾ 133ਵਾਂ ਜਨਮ ਦਿਵਸ ਬੜੇ ਚਾਵਾਂ ਅਤੇ ਖੁਸ਼ੀਆਂ ਨਾਲ ਮਨਾਇਆ ਗਿਆ। ਇਸ ਵਿਸ਼ਾਲ ਸਮਾਗਮ ਵਿੱਚ ਭਾਰੀ ਗਿਣਤੀ ਵਿੱਚ ਪਿੰਡ ਵਾਸੀਆਂ, ਨੌਜਵਾਨਾਂ, ਔਰਤਾਂ ਅਤੇ ਬੱਚਿਆਂ ਨੇ ਭਾਗ ਲਿਆ। ਇਸ ਸੁਸਾਇਟੀ ਵਲੋਂ ਕੀਤੇ ਸੁਚੇਤ ਪ੍ਰਬੰਧਾਂ ਹੇਠ ਕਰਵਾਏ ਗਏ ਇਸ ਸਮਾਗਮ ਦੀ ਪ੍ਰਧਾਨਗੀ ਡਾਕਟਰ ਅਮਨਦੀਪ ਸਿੰਘ ਜੀ ਨੇ ਕੀਤੀ ਅਤੇ ਇਲਾਕੇ ਦੇ ਉਘੇ ਸਮਾਜ ਚਿੰਤਕ ਅਤੇ ਬਾਬਾ ਸਾਹਿਬ ਦੇ ਮਿਸ਼ਨ ਨੂੰ ਸਮਰਪਿਤ ਮਾਸਟਰ ਮਹਿੰਦਰ ਸਿੰਘ ਹੀਰ ਬਤੌਰ ਮੁੱਖ ਮਹਿਮਾਨ ਸਮਾਗਮ ਵਿੱਚ ਸ਼ਾਮਲ ਹੋਏ। ਇਸ ਸੁਸਾਇਟੀ ਦੇ ਪ੍ਰਬੰਧਕ ਮੈਂਬਰਾਂ ਸਰਵਸ਼੍ਰੀ ਪ੍ਰਦੀਪ ਕੁਮਾਰ, ਕੇਵਲ ਕ੍ਰਿਸ਼ਨ, ਅੰਮ੍ਰਿਤਪਾਲ ਸਿੰਘ, ਵਰਿੰਦਰ ਕੁਮਾਰ ਬੰਟੀ, ਵਿਜੇ ਅਤੇ ਰੋਹਿਤ ਦੀ ਨਿਗਰਾਨੀ ਹੇਠ ਪਿੰਡ ਵਾਸੀਆਂ ਨੇ ਬਰੈਡ ਅਤੇ ਚਾਹ ਪਾਣੀ ਅਤੇ ਮਠਿਆਈ ਆਦਿ ਦਾ ਯੋਗ ਪ੍ਰਬੰਧ ਕੀਤਾ ਹੋਇਆ ਸੀ। ਇਸ ਸਮਾਗਮ ਨੂੰ ਸਫਲਤਾ ਪੂਰਵਕ ਕਾਮਯਾਬ ਕਰਨ ਲਈ ਐਨ.ਆਰ.ਆਈ. ਨੇ ਵੀ ਆਰਥਿਕ ਤੌਰ ਤੇ ਪੂਰਨ ਸਹਿਯੋਗ ਕੀਤਾ। ਸਮਾਗਮ ਦੀ ਸ਼ੁਰੂਆਤ ਸਮੇਂ ਅੰਮ੍ਰਿਤਪਾਲ ਸਿੰਘ ਨੇ ਆਏ ਮਹਿਮਾਨਾਂ ਅਤੇ ਪਿੰਡ ਵਾਸੀਆਂ ਦਾ ਸਮਾਗਮ ਵਿੱਚ ਭਾਰੀ ਗਿਣਤੀ ਵਿੱਚ ਪਹੁਚਣ ਤੇ ਜੀ ਆਇਆ ਕਿਹਾ ਤੇ ਬਾਬਾ ਸਾਹਿਬ ਵਲੋਂ ਸਮਾਜ ਲਈ ਕੀਤੇ ਸੰਘਰਸ਼ਾਂ ਬਾਰੇ ਦੱਸਿਆ ਅਤੇ ਇਸ ਤੋਂ ਬਾਅਦ ਮੁੱਖ ਮਹਿਮਾਨ ਮਾਸਟਰ ਮਹਿੰਦਰ ਸਿੰਘ ਹੀਰ, ਡਾਕਟਰ ਅਮਨਦੀਪ ਸਿੰਘ ਤੇ ਪਿੰਡ ਵਾਸੀਆਂ ਨੇ ਬਾਬਾ ਸਾਹਿਬ ਦੀ ਫੋਟੋ ਤੇ ਹਾਰ ਪਹਿਨਾਕੇ ਸ਼ਰਧਾਸੁਮਨ ਭੇਂਟ ਕੀਤੇ। ਛੋਟੇ ਬੱਚਿਆਂ ਨੇ ਵੀ ਕਵਿਤਾ ਤੇ ਗੀਤਾਂ ਰਾਹੀਂ ਬਾਬਾ ਸਾਹਿਬ ਦੇ ਗੁਣਗਾਣ ਕੀਤੇ। ਮੁੱਖ ਮਹਿਮਾਨ ਮਾਸਟਰ ਮਹਿੰਦਰ ਸਿੰਘ ਹੀਰ ਨੇ ਆਪਣੇ ਭਾਸ਼ਣ ਵਿੱਚ ਮਨੁੱਖ ਜਾਤੀ ਨੂੰ ਚਾਰ ਵਰਣਾ ਵਿੱਚ ਵੰਡ ਕੇ ਫਿਰ 6742 ਜਾਤਾਂ ਵਿੱਚ ਮਨੁੱਖਤਾ ਨੂੰ ਲੀਰੋ ਲੀਰ ਕਰਨ ਅਤੇ ਆਪਸ ਵਿੱਚ ਭੇਦ ਭਾਵ ਅਤੇ ਨਫਰਤ ਅਤੇ ਊਚ-ਨੀਚ ਦਾ ਮਾਹੌਲ ਸਿਰਜਨ, 85 ਪ੍ਰਤੀਸ਼ਤ ਦਲਿਤ ਪਛੜੇ ਵਰਗ ਅਤੇ ਧਾਰਮਿਕ ਘੱਟ ਗਿਣਤੀ ਨੂੰ ਹੱਕਾਂ ਤੋਂ ਵਾਂਝੇ ਕਰਕੇ ਅਪਮਾਨਿਤ ਅਤੇ ਦੁੱਖਾਂ ਭਰਿਆ ਜੀਵਨ ਬਤੀਤ ਕਰਨ ਲਈ ਮਜਬੂਰ ਕੀਤਾ। ਨਾਰੀ ਜਾਤੀ ਨੂੰ ਨਰਕ ਦਾ ਦਵਾਰ ਦਿੱਤਾ। ਅੰਬੇਡਕਰ ਜੀ ਨੇ ਦੇਸ਼ 'ਚੋਂ ਇਸ ਜਾਤੀ ਪਾਤੀ ਸਿਸਟਮ ਨੂੰ ਤੋੜਨ ਲਈ ਡਾਕਟਰ ਸਾਹਿਬ ਨੇ ਜ਼ਿੰਦਗੀ ਭਰ ਅਸਹਿ ਦੁੱਖ ਸਹਿ ਕੇ ਵੀ ਸੰਘਰਸ਼ ਕੀਤਾ। ਸਮਾਂ ਮਿਲਣ ਤੇ ਭਾਰਤ ਦੇਸ਼ ਦਾ ਸੰਵਿਧਾਨ ਲਿਖਣ ਦਾ ਮਹੱਤਵਪੂਰਨ ਕਾਰਜ ਵੀ ਨੇਪਰੇ ਚਾੜਿਆ। ਉਸ ਵਿੱਚ ਸਭ ਨੂੰ ਤਰੱਕੀ ਦੇ ਬਰਾਬਰ ਦੇ ਮੌਕੇ, ਪੜਾਈ, ਰੁਜ਼ਗਾਰ ਅਤੇ ਸਿਹਤ ਸਹੂਲਤਾਂ ਤੇ ਇਨਸਾਫ ਲਈ ਪੂਰਾ ਪ੍ਰਬੰਧ ਕੀਤਾ ਪਰ ਸਮੇਂ ਸਮੇਂ ਬਣੀਆਂ ਸਰਕਾਰਾਂ ਨੇ 85 ਪ੍ਰਤੀਸ਼ਤ ਲੋਕਾਂ ਨੂੰ ਤਰੱਕੀ ਦੇ ਰਸਤੇ ਲੈ ਜਾਣ ਲਈ ਠੋਸ ਉਪਰਾਲੇ ਨਹੀ ਕੀਤੇ ਸਗੋਂ ਸਿਆਸੀ ਅਤੇ ਕਾਰਪੋਰੇਟ ਘਰਾਣਿਆਂ ਦੇ ਹਿੱਤਾਂ ਲਈ ਅਨੇਕਾ ਸੋਧਾਂ ਕੀਤੀਆਂ।



# ਕਾਰਪੋਰੇਟ ਜਗੀਰੂ ਜਟਾਂ ,ਭਗਵਿਆਂ ,ਕਾਮਰੇਡਾਂ ਦਾ ਬਾਦਲ ਅਕਾਲੀ ਦਲ ਸਿਆਸੀ ਮੌਤ ਵਲ

### ਬਾਦਲ ਦਲ ਸਾਰੀਆਂ ਸੀਟਾਂ ਹਾਰੇਗਾ



ਮੇਰੇ ਇਕ ਪੱਤਰਕਾਰ ਦੋਸਤ ਨੇ ਕਿਹਾ ਕਿ ਅਕਾਲੀ ਦਲ ਆਪ ਪਾਰਟੀ ਦੇ ਨਿਘਾਰ ਕਾਰਣ ਅਗੇ ਨਾਲੋਂ ਪ੍ਰਾਪਤੀ ਕਰੇਗਾ।ਮੈਂ ਕਿਹਾ ਕਿ ਬਾਦਲਕੇ ਬਠਿੰਡੇ ਤੋਂ ਹਰਸਿਮਰਤ ਬਾਦਲ ਨਹੀਂ ਖੜੀ ਕਰਨਗੇ,ਉਥੋਂ ਭਜਣਗੇ।ਬਾਦਲ ਪਰਿਵਾਰ ਕਿਸੇ ਸੀਟ ਤੋਂ ਨਹੀਂ ਜਿਤ ਸਕੇਗਾ।ਬਾਦਲ ਦਲ ਪੰਜਾਬ ਵਿਚੋਂ ਇਕ ਸੀਟ ਨਹੀਂ ਜਿਤੇਗਾ।ਇਕ ਸਰਵੇਖਣ ਮੇਰੇ ਵਿਚਾਰ ਦੀ ਪੁਸ਼ਟੀ ਕਰ ਰਿਹਾ ਹੈ।ਸੀ-ਵੋਟਰ ਨੇ ਪੰਜਾਬ ਦੀਆਂ ਲੋਕ ਸਭਾ ਸੀਟਾਂ ਬਾਰੇ ਏਬੀਪੀ ਲਈ ਇੱਕ ਓਪੀਨੀਅਨ ਪੋਲ ਕਰਵਾਇਆ ਹੈ। ਆਓ ਜਾਣਦੇ ਹਾਂ ਓਪੀਨੀਅਨ ਪੋਲ ਵਿੱਚ ਕਿਹੜੀ ਪਾਰਟੀ ਨੂੰ ਸਭ ਤੋਂ ਵੱਧ ਅਤੇ ਕਿਸ ਨੂੰ ਸਭ ਤੋਂ ਘੱਟ ਸੀਟਾਂ ਮਿਲ ਰਹੀਆਂ ਹਨ।...

2024 ਦੇ ਇਸ ਅੰਤਿਮ ਓਪੀਨੀਅਨ ਪੋਲ ਵਿੱਚ ਅਕਾਲੀ ਦਲ ਨੂੰ ਨੂੰ ਇੱਥੇ ਕੋਈ ਸੀਟ ਮਿਲਦੀ ਨਜ਼ਰ ਨਹੀਂ ਆ ਰਹੀ। ਜਦਕਿ ਕਾਂਗਰਸ ਇੱਥੇ ਵੱਡੀ ਪਾਰਟੀ ਬਣ ਕੇ ਉਭਰੇਗੀ। ਇਸ ਨੂੰ ਸੱਤ ਸੀਟਾਂ ਮਿਲ ਸਕਦੀਆਂ ਹਨ। ਇੰਡੀਆ ਅਲਾਇੰਸ ਦੇ ਤਹਿਤ ਇਹ ਆਮ ਆਦਮੀ ਪਾਰਟੀ ਨਾਲ ਗਠਜੋੜ ਨਹੀਂ ਕਰ ਸਕਿਆ ਅਤੇ ਦੋਵੇਂ ਵੱਖ-ਵੱਖ ਚੋਣਾਂ ਲੜ ਰਹੇ ਹਨ।

**2024 ਦਾ ਅੰਤਿਮ ਰਾਏ ਪੋਲ**

ਭਾਜਪਾ-02
ਆਪ-04
ਕਾਂਗਰਸ-07
ਅਕਾਲੀ ਦਲ-00
ਹੋਰ-00

ਅਸਲ ਵਿਚ ਬਾਦਲਕਿਆਂ ਦੀ ਸਿਆਸੀ ਮੌਤ ਦਾ ਕਾਰਣ ਕਾਰਪੋਰੇਟ ਜਗੀਰੂ ਜਟਾਂ ,ਭਗਵਿਆਂ, ਕਾਮਰੇਡਾਂ ਦਾ ਗਠਜੋੜ ਹੈ ਜਿਥੋਂ ਅਨੰਦਪੁਰ ਮਤੇ ਦੇ ਕਤਲ ਹੋਣ ਤੋਂ ਬਾਅਦ ਖਾਲਸਾ ਪੰਥ ਦੀ ਰੂਹ ਅਕਾਲੀ ਦਲ ਵਿਚੋਂ ਗਾਇਬ ਹੋ ਗਈ।ਅਨੰਦਪੁਰ ਮਤੇ ਕਾਰਣ ਇਕ ਲੱਖ ਤੋਂ ਉਪਰ ਸਿਖ ਮਰਵਾ ਕੇ ਮੋਗਾ ਪੰਜਾਬ ਪੰਜਾਬੀ ਪੰਜਾਬੀਅਤ ਦਾ ਏਜੰਡਾ ਲੈ ਆਏ।ਟਕਸਾਲੀ ਅਕਾਲੀਆਂ ਨੂੰ ਪਿਛੇ ਧਕਕੇ ਕਾਮਰੇਡਾਂ, ਜਗੀਰਦਾਰ ਜਟਾਂ,ਭਗਵੇਂ ਬਿਜਨਸਮੈਨਾਂ ਨੂੰ ਅਗੇ ਲਿਆਂਦਾ ਜੋ ਕਹਿੰਦੇ ਸਨ ਖਾਲਸਾ ਜੀ ਦਾ ਬੋਲਬਾਲਾ ਤਿਆਗੋ।ਹੁਣ ਜਦ ਖਾਲਸਾ ਜੀ ਦਾ ਬੋਲਬਾਲਾ ਤਿਆਗ ਦਿਤਾ ਤਾਂ ਸਿਖਾਂ ਦੀ ਕੀ ਮਜਬੂਰੀ ਹੈ ਤੁਹਾਨੂੰ ਸਤਾ ਦੇਵੈ।ਕਾਮਰੇਡ ਹਰਚਰਨ ਬੈਂਸ ਨੇ ਬਾਦਲ ਪਰਿਵਾਰ ਨੂੰ ਗੁਮਰਾਹ ਕਰਕੇ ਬਾਦਲ ਪਰਿਵਾਰ ਨੂੰ ਖਾਲਸਾ ਪੰਥ ਤੋਂ ਦੂਰ ਕੀਤਾ ਤੇ ਟਕਸਾਲੀ ਜਥੇਦਾਰਾਂ ਦੀ ਥਾਂ ਉਪਰੋਕਤ ਗਠਜੋੜ ਸਿਰਜਿਆ।ਜਦੋਂ ਜਹਾਜ਼ ਡੁਬਦਾ ਹੈ ਤਾ ਸਭ ਤੋਂ ਪਹਿਲਾਂ ਚੂਹੇ ਛਾਲਾਂ ਮਾਰਦੇ ਹਨ।ਅੱਜ ਅਕਾਲੀ ਸਰਦਾਰ ਦਲ ਬਦਲੀ ਕਰਕੇ ਅਕਾਲੀ ਦਲ ਛਡ ਰਹੇ ਹਨ ਕਿਉਂ ਕਿ ਉਹ ਸਤਾ ਲਈ ਅਕਾਲੀ ਦਲ ਵਿਚ ਸ਼ਾਮਿਲ ਹੋਏ ਸਨ।ਅਕਾਲੀ ਦਲ ਉਨ੍ਹਾਂ ਲਈ ਪੰਥਕ ਮਿਸ਼ਨ ਨਹੀਂ ਸੀ।ਅਕਾਲੀ ਦਲ ਦਾ ਕੇਡਰ ਹਮੇਸ਼ਾ ਟਕਸਾਲੀ ਜਥੇਦਾਰ ਰਹੇ ਹਨ ਉਨਾਂ ਦੀ ਥਾਂ ਮੌਕਾਪ੍ਰਸਤ ਅਗੇ ਆ ਗਏ।ਹਰਚਰਨ ਬੈਂਸ ਨਾਲ ਇਸ ਮੌਕਾਪ੍ਰਸਤੀ ਦੀ ਖੇਡ ਵਿਚ ਪ੍ਰੋਫੈਸਰ ਪ੍ਰੇਮ ਸਿੰਘ ਚੰਦੂਮਾਜਰਾ ,ਦਲਜੀਤ ਸਿੰਘ ਚੀਮਾ, ਸਿੰਕਦਰ ਸਿੰਘ ਮਲੂਕਾ,ਮਹੇਸ਼ਿੰਦਰ ਗਰੇਵਾਲ ਸ਼ਾਮਲ ਹਨ ਜਿਸ ਨਾਲ ਬਾਦਲ ਦਲ ਆਪਣੇ ਅੰਤਮ ਸਵਾਸ ਵਲ ਹੈ।ਬਾਦਲ ਦਲ ਨੇ ਜਿਨੇ ਉਮੀਦਵਾਰ ਐਲਾਨੇ ਹਨ ਉਹ ਸਭ ਹਾਰਨਗੇ।ਸਾਨੂੰ ਸਿਖਾਂ ਨੂੰ ਅਰਦਾਸ ਕਰਨੀ ਚਾਹੀਦੀ ਹੈ।ਹੇ ਸਚੇ ਪਾਤਸ਼ਾਹ ਸਾਨੂੰ ਅਕਲਦਾਨ ਬਖਸ਼ੋ ਕਿ ਅਸੀਂ ਪੁਰਾਤਨ ਅਕਾਲੀ ਦਲ ਦੀ ਸਿਰਜਣਾ ਕਰ ਸਕੀਏ ਜੋ ਨਿਆਰਾ ਪੰਥ ਦੀ ਬਾਤ ਪਾ ਸਕੇ ਪੰਜਾਬ ਦੀ ਸ਼ਾਨ ਵਧਾ ਸਕੇ।-

**ਬਲਵਿੰਦਰਪਾਲ ਸਿੰਘ (ਪ੍ਰੋ.)**

# ਡਿਪਟੀ ਕਮਿਸ਼ਨਰ ਵੱਲੋਂ ਪਟਿਆਲਾ ਦੀਆਂ ਅਨਾਜ ਮੰਡੀ ਦਾ ਦੌਰਾ, ਕਣਕ ਦੇ ਖਰੀਦ ਪ੍ਰਬੰਧਾਂ ਦਾ ਲਿਆ ਜਾਇਜ਼ਾ

**☛ ਪਟਿਆਲਾ ਜ਼ਿਲ੍ਹੇ 'ਚ ਸਥਾਪਤ 110 ਮੰਡੀਆਂ 'ਚ ਖਰੀਦ ਦੇ ਪੁਖਤਾ ਪ੍ਰਬੰਧ : ਡਿਪਟੀ ਕਮਿਸ਼ਨਰ ☛ ਐਮ.ਡੀ. ਵੇਅਰ ਹਾਊਸ, ਏ.ਡੀ.ਸੀਜ਼ ਤੇ ਐਸ.ਡੀ.ਐਮਜ਼ ਨੇ ਕੀਤਾ ਮੰਡੀਆ ਦਾ ਦੌਰਾ ☛ ਕਿਸਾਨਾਂ ਨੂੰ ਸੁੱਕੀ ਕਣਕ ਹੀ ਮੰਡੀਆਂ 'ਚ ਲੈ ਕੇ ਆਉਣ ਦੀ ਅਪੀਲ**

**ਨਾਭਾ,ਪਟਿਆਲਾ, 20 ਅਪ੍ਰੈਲ (ਆਵਾਜ਼ਿ ਕੌਮ ਬਿਊਰੋ)**-ਡਿਪਟੀ ਕਮਿਸ਼ਨਰ ਪਟਿਆਲਾ ਸ਼ੌਕਤ ਅਹਿਮਦ ਪਰੇ ਨੇ ਦਦਹੇੜਾ, ਮਹਿਮਦਪੁਰ ਅਤੇ ਧਬਲਾਨ ਮੰਡੀਆਂ ਦਾ ਅੱਜ ਬਾਅਦ ਦੁਪਹਿਰ ਦੌਰਾ ਕੀਤਾ। ਇਸ ਮੌਕੇ ਉਨ੍ਹਾਂ ਨੇ ਕਣਕ ਦੀ ਖਰੀਦ ਦਾ ਜਾਇਜਾ ਲੈਂਦਿਆਂ ਖਰੀਦ ਏਜੰਸੀਆਂ ਨੂੰ ਹਦਾਇਤ ਕੀਤੀ ਕਿ ਉਹ ਮੰਡੀਆਂ 'ਚ ਕਣਕ ਦੀ ਆਮਦ ਦੇ ਨਾਲੋ ਨਾਲ ਖਰੀਦ ਕਰਨੀ ਯਕੀਨੀ ਬਣਾਉਣ। ਉਨ੍ਹਾਂ ਨੇ ਇਸਦੇ ਨਾਲ ਹੀ ਇਹ ਵੀ ਹਦਾਇਤ ਕੀਤੀ ਕਿ ਖਰੀਦੀ ਕਣਕ ਦੀ ਮੰਡੀਆਂ 'ਚੋਂ ਲਿਫ਼ਟਿੰਗ ਵੀ ਨਾਲੋ-ਨਾਲ ਯਕੀਨੀ ਬਣਾਈ ਜਾਵੇ। ਇਸ ਮੌਕੇ ਡਿਪਟੀ ਕਮਿਸ਼ਨਰ ਨੇ ਕਿਸਾਨਾਂ ਨਾਲ ਗੱਲਬਾਤ ਕਰਕੇ ਮੰਡੀਆਂ ਵਿੱਚ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲੈਦਿਆਂ ਮੰਡੀ ਬੋਰਡ, ਮਾਰਕਿਟ ਕਮੇਟੀ, ਖਰੀਦ ਏਜੰਸੀਆਂ ਦੇ ਨੁਮਾਇੰਦਿਆਂ ਨੂੰ ਹਦਾਇਤ ਕੀਤੀ ਕਿ ਮੰਡੀ ਵਿੱਚ ਆਪਣੀ ਜਿਣਸ ਵੇਚਣ ਆਏ ਕਿਸਾਨਾਂ ਨੂੰ ਕਿਸੇ ਕਿਸਮ ਦੀ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਕਿਸਾਨਾਂ ਨਾਲ ਗੱਲਬਾਤ ਕਰਦਿਆਂ ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਪਟਿਆਲਾ ਜ਼ਿਲ੍ਹੇ ਵਿੱਚ ਸਥਾਪਤ ਸਾਰੀਆਂ 110 ਮੰਡੀਆਂ ਵਿੱਚ ਖਰੀਦ ਲਈ ਪੁਖਤਾ ਪ੍ਰਬੰਧ ਹਨ ਤੇ ਕਿਸੇ ਵੀ ਕਿਸਾਨ ਨੂੰ ਕੋਈ ਪ੍ਰੇਸ਼ਾਨੀ ਨਹੀਂ ਆਉਣ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਅੱਜ ਐਮ.ਡੀ ਵੇਅਰ ਹਾਊਸ ਕਮਲਜੀਤ ਬਰਾੜ ਅਤੇ ਜ਼ਿਲ੍ਹੇ ਦੇ ਏ.ਡੀ.ਸੀਜ਼ ਅਤੇ ਸਾਰੀਆਂ ਸਬ ਡਵੀਜ਼ਨਾਂ ਦੇ ਐਸ.ਡੀ.ਐਮਜ਼ ਵੱਲੋਂ ਮੰਡੀਆਂ ਦਾ ਦੌਰਾ ਕਰਕੇ ਖਰੀਦ ਪ੍ਰਬੰਧਾਂ ਦਾ ਜਾਇਜ਼ਾ ਲਿਆ ਗਿਆ ਹੈ। ਉਨ੍ਹਾਂ ਨਾਲ ਹੀ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੀ ਸੁੱਕੀ ਜਿਣਸ ਹੀ ਮੰਡੀ 'ਚ ਲਿਆਉਣ ਤਾਂ ਕਿ ਉਨ੍ਹਾਂ ਦੀ ਫ਼ਸਲ ਦਾ ਵਾਜਬ ਭਾਅ ਮਿਲ ਸਕੇ ਤੇ ਉਨ੍ਹਾਂ ਨੂੰ ਮੰਡੀ 'ਚ ਜਿਆਦਾ ਸਮਾਂ ਨਾ ਬੈਠਣਾ ਪਵੇ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਜ਼ਿਲ੍ਹਾ ਪ੍ਰਸ਼ਾਸਨ ਚੁਸਤ-ਦਰੁਸਤ ਹੈ ਤੇ ਉਨ੍ਹਾਂ ਨੇ ਇਹ ਯਕੀਨੀ ਬਣਾਇਆ ਹੈ ਕਿ ਮੰਡੀਆਂ 'ਚ ਆਪਣੀ ਜਿਣਸ ਲੈ ਕੇ ਆ ਰਹੇ ਕਿਸਾਨਾਂ ਨੂੰ ਕਿਸੇ ਕਿਸਮ ਦੀ ਦਿਕਤ ਨਾ ਆਵੇ। ਇਸ ਮੌਕੇ ਏ.ਸੀ.ਐਫ.ਏ. ਰਾਕੇਸ਼ ਗਰਗ ਸਮੇਤ ਵੱਖ-ਵੱਖ ਖਰੀਦ ਏਜੰਸੀਆਂ ਦੇ ਜ਼ਿਲ੍ਹਾ ਮੈਨੇਜਰ, ਆੜਤੀਏ ਅਤੇ ਕਿਸਾਨ ਵੀ ਮੌਜੂਦ ਸਨ।




ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243